25-DEC-PAGE-1.qxd 12/24/2023 9:59 PM Page 1

ਸੋਮਵਾਰ, 25 ਦਸੰਬਰ, 2023
10 ਪੋਹ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 205

ਨਵਾਂ ਜ਼ਮਾਨਾ

DAILY NAWAN ZAMANA • MONDAY, 25 DECEMBER, 2023
ਜਲੰਧਰ
nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

ਨਵੀਂ ਚੁਣੀ ਭਾਰਤੀ ਕੁਸ਼ਤੀ ਫੈਡਰੇਸ਼ਨ ਭਲਵਾਨੀ ਭਾਈਚਾਰੇ ਦੇ ਦਬਾਅ ਹੇਠ ਚਾਣਚੱਕ ਮੁਅੱਤਲ

ਨਵੀਂ ਦਿੱਲੀ : ਭਾਰਤੀ ਕੁਸ਼ਤੀ ਫੈਡਰੇਸ਼ਨ ਉੱਤੇ ਮੁੜ ਭਾਜਪਾ ਸਾਂਸਦ ਤੇ ਸਾਬਕਾ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ ਦਾ ਅਸਿੱਧਾ ਕਬਜ਼ਾ ਹੋ ਜਾਣ ਤੋਂ ਬਾਅਦ ਭਲਵਾਨੀ ਭਾਈਚਾਰੇ ਵਿਚ ਪੈਦਾ ਹੋਏ ਰੋਹ ਦੇ ਮੱਦੇਨਜ਼ਰ ਕੇਂਦਰੀ ਖੇਡ ਮੰਤਰਾਲੇ ਨੇ ਐਤਵਾਰ ਫੈਡਰੇਸ਼ਨ ਨੂੰ ਅਗਲੇ ਆਦੇਸ਼ ਤੱਕ ਮੁਅੱਤਲ ਕਰ ਦਿੱਤਾ ਹੈ। ਇਸ ਲਈ ਦਲੀਲ ਇਹ ਦਿੱਤੀ ਗਈ ਹੈ ਕਿ ਨਵੀਂ ਚੁਣੀ ਸੰਸਥਾ ਨੇ ਭਲਵਾਨਾਂ ਨੂੰ ਤਿਆਰੀ ਲਈ ਢੁੱਕਵਾਂ ਸਮਾਂ ਦਿੱਤੇ ਬਿਨਾਂ ਅੰਡਰ 15 ਅਤੇ ਅੰਡਰ 20 ਕੌਮੀ ਚੈਂਪੀਅਨਸ਼ਿਪ ਕਰਵਾਉਣ ਦਾ ਜਲਦਬਾਜ਼ੀ 'ਚ ਐਲਾਨ ਕੀਤਾ। ਖੇਡ ਮੰਤਰਾਲੇ ਦੇ ਇਕ ਅਧਿਕਾਰੀ ਨੇ ਦੱਸਿਆ—ਨਵੀਂ ਚੁਣੀ ਫੈਡਰੇਸ਼ਨ ਨੇ ਆਪਣੇ ਸੰਵਿਧਾਨ ਦੀ ਪਾਲਣਾ ਨਹੀਂ ਕੀਤੀ। ਅਸੀਂ ਫੈਡਰੇਸ਼ਨ ਨੂੰ ਬਰਖਾਸਤ ਨਹੀਂ ਕੀਤਾ, ਬਲਕਿ ਅਗਲੇ ਆਦੇਸ਼ਾਂ ਤਕ ਮੁਅੱਤਲ ਕੀਤਾ ਹੈ। ਉਸ ਨੂੰ ਨਿਯਮਾਂ ਦੀ ਪਾਲਣਾ ਕਰਨ ਅਤੇ ਉਚਿਤ ਪ੍ਰਕਿਰਿਆ ਅਪਨਾਉਣ ਦੀ ਲੋੜ ਹੈ।

ਖੇਡ ਮੰਤਰਾਲੇ ਨੇ ਫੈਡਰੇਸ਼ਨ ਦਾ ਕੰਮ ਚਲਾਉਣ ਲਈ ਭਾਰਤੀ ਉਲੰਪਿਕ ਐਸੋਸੀਏਸ਼ਨ ਨੂੰ ਐਡਹਾਕ ਕਮੇਟੀ ਬਣਾਉਣ ਲਈ ਵੀ ਕਿਹਾ ਹੈ। ਤਿੰਨ ਦਿਨ ਪਹਿਲਾਂ ਫੈਡਰੇਸ਼ਨ ਦੀਆਂ ਚੋਣਾਂ ਵਿਚ ਬ੍ਰਿਜ ਭੂਸ਼ਣ ਦਾ ਕਰੀਬੀ ਸੰਜੈ ਸਿੰਘ ਪ੍ਰਧਾਨ ਚੁਣਿਆ ਗਿਆ ਸੀ।

21 ਦਸੰਬਰ ਨੂੰ ਪ੍ਰਧਾਨ ਚੁਣੇ ਜਾਣ ਤੋਂ ਬਾਅਦ ਸੰਜੈ ਸਿੰਘ (ਸੱਜੇ) ਸਾਬਕਾ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ ਨਾਲ, ਜਿਸ ਖਿਲਾਫ ਮਹਿਲਾ ਭਲਵਾਨਾਂ ਨੇ ਜਿਨਸੀ ਸ਼ੋਸ਼ਣ ਦਾ ਦੋਸ਼ ਲਾ ਕੇ ਲੰਮਾ ਅੰਦੋਲਨ ਚਲਾਇਆ ਸੀ।

ਨਵੇਂ ਪ੍ਰਧਾਨ ਨੇ 28 ਦਸੰਬਰ ਨੂੰ ਯੂ ਪੀ ਦੇ ਗੋਂਡਾ ਵਿਚ ਜੂਨੀਅਰ ਨੈਸ਼ਨਲ ਚੈਂਪੀਅਨਸ਼ਿਪ ਕਰਾਉਣ ਦਾ ਐਲਾਨ ਕਰ ਦਿੱਤਾ। ਗੋਂਡਾ ਬ੍ਰਿਜ ਭੂਸ਼ਣ ਦਾ ਲੋਕ ਸਭਾ ਹਲਕਾ ਹੈ। ਮਹਿਲਾ ਭਲਵਾਨਾਂ ਨੇ ਬ੍ਰਿਜ ਭੂਸ਼ਣ 'ਤੇ ਯੌਨ ਸ਼ੋਸ਼ਣ ਦਾ ਦੋਸ਼ ਲਾ ਕੇ ਲੰਮਾ ਅੰਦੋਲਨ ਚਲਾਇਆ ਸੀ। ਬਜਰੰਗ ਪੂਨੀਆ ਵਰਗੇ ਨਾਮੀ ਭਲਵਾਨ ਨੇ ਅੱਗੇ ਵਧ ਕੇ ਉਨ੍ਹਾਂ ਦਾ ਸਾਥ ਦਿੱਤਾ। ਖੇਡ ਮੰਤਰਾਲੇ ਨੇ ਵਾਅਦਾ ਕੀਤਾ ਸੀ ਕਿ ਫੈਡਰੇਸ਼ਨ ਦੀਆਂ ਚੋਣਾਂ ਵਿਚ ਬ੍ਰਿਜ ਭੂਸ਼ਣ ਜਾਂ ਉਸ ਦੇ ਪਰਵਾਰ ਦਾ ਕੋਈ ਬੰਦਾ ਹਿੱਸਾ ਨਹੀਂ ਲਵੇਗਾ। ਨਵਾਂ ਪ੍ਰਧਾਨ ਸੰਜੈ ਸਿੰਘ ਉਸ ਦਾ ਕਰੀਬੀ ਹੈ ਅਤੇ ਚੋਣ ਜਿੱਤਣ ਤੋਂ ਬਾਅਦ ਉਹ ਆਸ਼ੀਰਵਾਦ ਲੈਣ ਉਸ ਦੀ ਕੋਠੀ ਗਿਆ। ਬ੍ਰਿਜ ਭੂਸ਼ਣ ਦੇ ਬੇਟੇ ਨੇ ਪੋਸਟਰ ਦਿਖਾ ਕੇ ਐਲਾਨਿਆ ਸੀ ਕਿ ਦਬਦਬਾ ਰਿਹਾ ਹੈ ਤੇ ਰਹੇਗਾ। ਇਸ ਤੋਂ ਬਾਅਦ ਉਲੰਪਿਕ ਮੈਡਲਿਸਟ ਸਾਕਸ਼ੀ ਮਲਿਕ ਨੇ ਕੁਸ਼ਤੀ ਛੱਡਣ ਦਾ ਐਲਾਨ ਕਰ ਦਿੱਤਾ ਸੀ ਅਤੇ ਬਜਰੰਗ ਪੂਨੀਆ ਤੇ ਵਰਿੰਦਰ ਯਾਦਵ ਉਰਫ ਗੂੰਗਾ ਭਲਵਾਨ ਨੇ ਪਦਮਸ਼੍ਰੀ ਐਵਾਰਡ ਵਾਪਸ ਕਰਨ ਦਾ ਐਲਾਨ ਕਰ ਦਿੱਤਾ ਸੀ।

ਖੇਡ ਮੰਤਰਾਲੇ ਦੇ ਫੈਸਲੇ ਤੋਂ ਬਾਅਦ ਰੋਹਤਕ 'ਚ ਸਾਕਸ਼ੀ ਦੀ ਮਾਂ ਸੁਦੇਸ਼ ਮਲਿਕ ਨੇ ਕਿਹਾ ਕਿ ਉਹ ਬੇਟੀ ਸਾਕਸ਼ੀ ਨੂੰ ਉਦੋਂ ਹੀ ਮਨਾਉਣਗੇ, ਜਦੋਂ ਪੂਰੀ ਤਸਵੀਰ ਸਪੱਸ਼ਟ ਹੋਵੇਗੀ, ਕਿਉਂਕਿ ਅਜੇ ਸਿਰਫ ਫੈਡਰੇਸ਼ਨ ਨੂੰ ਮੁਅੱਤਲ ਕੀਤਾ ਗਿਆ ਹੈ। ਪੂਨੀਆ ਨੇ ਕਿਹਾ—ਮੈਂ ਪਦਮਸ਼੍ਰੀ ਵਾਪਸ ਨਹੀਂ ਲਵਾਂਗਾ। ਇਨਸਾਫ ਮਿਲਣ ਦੇ ਬਾਅਦ ਹੀ ਇਸ ਬਾਰੇ ਸੋਚਾਂਗਾ। ਇਸੇ ਦੌਰਾਨ ਬ੍ਰਿਜ ਭੂਸ਼ਣ ਨੇ ਭਾਜਪਾ ਪ੍ਰਧਾਨ ਜੇ ਪੀ ਨੱਢਾ ਨਾਲ ਮੁਲਾਕਾਤ ਤੋਂ ਬਾਅਦ ਕਿਹਾ ਕਿ ਫੈਡਰੇਸ਼ਨ ਨੂੰ ਮੁਅੱਤਲ ਕਰਨਾ ਜਾਇਜ਼ ਨਹੀਂ। ਅਜਿਹਾ ਕਰਨ ਦੀ ਥਾਂ ਸਰਕਾਰ ਚੈਂਪੀਅਨਸ਼ਿਪ ਆਪਣੀ ਨਿਗਰਾਨੀ ਵਿਚ ਕਰਾ ਲੈਂਦੀ ਤਾਂ ਕਿ ਖਿਡਾਰੀਆਂ ਦਾ ਨੁਕਸਾਨ ਨਾ ਹੋਵੇ।

ਸੈਲਾਨੀਆਂ ਦੀਆਂ ਹਿਮਾਚਲ ਵੱਲ ਵਹੀਰਾਂ

ਸ਼ਿਮਲਾ : ਕ੍ਰਿਸਮਸ ਅਤੇ ਨਵੇਂ ਸਾਲ ਦੇ ਜਸ਼ਨ ਮਨਾਉਣ ਲਈ ਸੈਲਾਨੀਆਂ ਨੇ ਹਿਮਾਚਲ ਵੱਲ ਵਹੀਰਾਂ ਘੱਤ ਦਿੱਤੀਆਂ ਹਨ। ਮਨਾਲੀ-ਲੇਹ ਕੌਮੀ ਮਾਰਗ 'ਤੇ ਸੈਲਾਨੀਆਂ ਦੀਆਂ ਗੱਡੀਆਂ ਕਾਰਨ ਲੰਮੇ-ਲੰਮੇ ਜਾਮ ਲੱਗ ਗਏ ਹਨ। ਐਤਵਾਰ ਭੁੰਤਰ-ਮਨੀਕਰਨ ਮਾਰਗ 'ਤੇ ਗੱਡੀਆਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ। ਕਸੌਲ ਅਤੇ ਮਨੀਕਰਨ ਇਸ ਵੇਲੇ ਸੈਲਾਨੀਆਂ ਦੇ ਮਨਪਸੰਦ ਟੂਰਿਸਟ ਪਲੇਸ ਬਣੇ ਹੋਏ ਹਨ। ਅਟਲ ਟਨਲ ਦੇ ਨੇੜੇ ਹੋਈ ਤਾਜ਼ਾ ਬਰਫਬਾਰੀ ਦਾ ਸੈਲਾਨੀ ਖੂਬ ਆਨੰਦ ਮਾਣ ਰਹੇ ਹਨ। ਹੋਟਲਾਂ ਦੀ 80 ਫੀਸਦੀ ਅਗਾਊਂ ਬੁਕਿੰਗ ਹੋ ਚੁੱਕੀ ਹੈ।

ਇਸੇ ਦੌਰਾਨ ਚੰਡੀਗੜ੍ਹ 'ਚ ਘੱਟੋ-ਘੱਟ ਤਾਪਮਾਨ 8.1 ਡਿਗਰੀ, ਬਠਿੰਡਾ 'ਚ 6 ਅਤੇ ਅੰਮ੍ਰਿਤਸਰ 'ਚ 6.2 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ।

ਮਾਤਮੀ ਬਿਗਲ ਵਜਾਉਣ ਦਾ ਫੈਸਲਾ ਵਾਪਸ

ਚੰਡੀਗੜ੍ਹ : ਪੰਜਾਬ ਸਰਕਾਰ ਨੇ 27 ਦਸੰਬਰ ਨੂੰ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਮਾਤਮੀ ਸੋਗ ਮਨਾਉਣ ਦਾ ਬਿਗਲ ਵਜਾਉਣ ਵਾਲਾ ਫੈਸਲਾ ਵਾਪਸ ਲੈ ਲਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟਵੀਟ ਕਰ ਕੇ ਕਿਹਾ—ਮੈਂ ਇਹ ਬਿਲਕੁਲ ਵੀ ਨਹੀਂ ਚਾਹੁੰਦਾ ਕਿ ਇਨ੍ਹਾਂ ਸ਼ਹਾਦਤ ਵਾਲੇ ਦਿਨਾਂ ਵਿਚ ਸਮੁੱਚੀਆਂ ਸੰਗਤਾਂ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਨੂੰ ਨਮਨ ਕਰਨ ਤੋਂ ਇਲਾਵਾ ਕਿਸੇ ਹੋਰ ਵਾਦ-ਵਿਵਾਦ ਵਿਚ ਪੈਣ। ਇਸ ਲਈ ਭਾਵਨਾਵਾਂ ਦੀ ਕਦਰ ਕਰਦੇ ਹੋਏ ਪੰਜਾਬ ਸਰਕਾਰ ਵੱਲੋਂ 27 ਦਸੰਬਰ ਨੂੰ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਬਿਗਲ ਵਜਾਉਣ ਵਾਲਾ ਫੈਸਲਾ ਵਾਪਸ ਲਿਆ ਜਾਂਦਾ ਹੈ।

ਮਸਜਿਦ 'ਚ ਰਿਟਾਇਰਡ ਐੱਸ ਪੀ ਦੀ ਹੱਤਿਆ

ਸ੍ਰੀਨਗਰ : ਜੰਮੂ-ਕਸ਼ਮੀਰ ਦੇ ਬਾਰਾਮੂਲਾ ਜ਼ਿਲ੍ਹੇ 'ਚ ਸ਼ੀਰੀ ਇਲਾਕੇ ਦੀ ਗੰਟਮੁੱਲਾ ਆਬਾਦੀ ਵਿਚ ਮਸਜਿਦ ਤੋਂ ਐਤਵਾਰ ਤੜਕੇ ਆਜ਼ਾਨ ਦਾ ਸੱਦਾ ਦਿੰਦੇ ਰਿਟਾਇਰਡ ਐੱਸ ਪੀ ਮੁਹੰਮਦ ਸ਼ਫੀ ਮੀਰ (72) ਦੀ ਦਹਿਸ਼ਤਗਰਦਾਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਉਹ ਸਥਾਨਕ ਮੁਏਜ਼ਿਨ (ਨਮਾਜ਼ ਦਾ ਸੱਦਾ ਦੇਣ ਵਾਲਾ) ਸੀ। ਉਸ ਦੇ ਭਤੀਜੇ ਮੁਹੰਮਦ ਮੁਸਤਫਾ, ਜੋ ਕਿ ਉਦੋਂ ਘਰ ਵਿਚ ਸੀ, ਨੇ ਕਿਹਾ ਕਿ ਜਦੋਂ ਆਜ਼ਾਨ ਦਾ ਸੱਦਾ ਦਿੱਤਾ ਜਾ ਰਿਹਾ ਸੀ ਤਾਂ ਲਾਊਡ ਸਪੀਕਰ ਅਚਾਨਕ ਬੰਦ ਹੋ ਗਿਆ। ਆਖਰੀ ਸ਼ਬਦ ਸੀ 'ਰਹਿਮ'।

ਭਾਸ਼ਣ ਦਿੰਦਿਆਂ ਪ੍ਰੋਫੈਸਰ ਦੀ ਮੌਤ

ਕਾਨਪੁਰ : ਆਈ ਆਈ ਟੀ ਕਾਨਪੁਰ ਦੇ ਸੀਨੀਅਰ ਪ੍ਰੋਫੈਸਰ ਸਮੀਰ ਖਾਂਡੇਕਰ (53) ਸਾਬਕਾ ਵਿਦਿਆਰਥੀਆਂ ਦੇ ਸਮਾਗਮ 'ਚ ਭਾਸ਼ਣ ਦਿੰਦਿਆਂ ਅਚਾਨਕ ਸਟੇਜ 'ਤੇ ਡਿੱਗ ਗਏ। ਹਸਪਤਾਲ ਲਿਜਾਣ 'ਤੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਸਮੀਰ ਖਾਂਡੇਕਰ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਦੇ ਡੀਨ ਤੇ ਮੁਖੀ ਸਨ। ਇਕ ਸਾਥੀ ਪ੍ਰੋਫੈਸਰ ਨੇ ਦੱਸਿਆ ਕਿ ਖਾਂਡੇਕਰ ਨੂੰ ਕਰੀਬ ਪੰਜ ਸਾਲ ਪਹਿਲਾਂ ਹਾਈ ਕੋਲੈਸਟ੍ਰੋਲ ਦਾ ਪਤਾ ਲੱਗਾ ਸੀ।

ਡਰੋਨ ਨਾਲ ਸੁੱਟਿਆ ਅਸਲਾ ਮਿਲਿਆ

ਜੰਮੂ : ਅਖਨੂਰ ਸੈਕਟਰ 'ਚ ਕੰਟਰੋਲ ਰੇਖਾ ਕੋਲ ਐਤਵਾਰ ਡਰੋਨ ਨਾਲ ਸੁੱਟੇ ਦੋ ਪੈਕੇਟਾਂ 'ਚੋਂ ਨੌਂ ਐੱਮ ਐੱਮ ਦੀ ਇਟਲੀ ਦੀ ਬਣੀ ਪਿਸਤੌਲ, ਤਿੰਨ ਮੈਗਜ਼ੀਨ, 30 ਕਾਰਤੂਸ, ਤਿੰਨ ਆਈ ਡੀ ਬੈਟਰੀਆਂ, ਇਕ ਹੱਥਗੋਲਾ ਅਤੇ 35 ਹਜ਼ਾਰ ਦੀ ਨਕਦੀ ਸ਼ਾਮਲ ਹੈ।

ਕੋਰੋਨਾ ਦੇ 656 ਨਵੇਂ ਕੇਸ

ਨਵੀਂ ਦਿੱਲੀ : ਭਾਰਤ 'ਚ ਇਕ ਦਿਨ 'ਚ 656 ਕੋਰੋਨਾ ਦੇ ਮਰੀਜ਼ ਸਾਹਮਣੇ ਆਉਣ ਨਾਲ ਮਰੀਜ਼ਾਂ ਦੀ ਗਿਣਤੀ 3742 ਹੋ ਗਈ ਹੈ। ਪਿਛਲੇ 24 ਘੰਟਿਆਂ 'ਚ ਕੇਰਲਾ 'ਚ ਇਕ ਮੌਤ ਹੋਈ ਹੈ।

ਮ੍ਰਿਤਕ ਮੁਲਾਜ਼ਮ ਦੀ ਡਿਊਟੀ

ਲਖਨਊ : ਯੂ ਪੀ ਦੀ ਰਾਜਪਾਲ ਆਨੰਦੀਬੇਨ ਪਟੇਲ ਦੇ ਬਲੀਆ ਦੌਰੇ ਦੌਰਾਨ ਮ੍ਰਿਤਕ ਮੁਲਾਜ਼ਮ ਦੀ ਡਿਊਟੀ ਲਗਾਉਣ ਦੇ ਮਾਮਲੇ 'ਚ ਸਿਹਤ ਅਧਿਕਾਰੀ ਬ੍ਰਿਜੇਸ਼ ਕੁਮਾਰ ਨੂੰ ਲਾਪ੍ਰਵਾਹੀ ਦੇ ਦੋਸ਼ ਹੇਠ ਮੁਅੱਤਲ ਕਰ ਦਿੱਤਾ ਗਿਆ ਹੈ।

ਆਪ ਨੇ ਪੰਜਾਬ 'ਵਰਸਿਟੀ ਬਾਰੇ ਧਨਖੜ ਦੇ ਬਿਆਨ ਨੂੰ ਨਕਾਰਿਆ

ਚੰਡੀਗੜ੍ਹ (ਗੁਰਜੀਤ ਬਿੱਲਾ)

ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਦੇ ਉਸ ਬਿਆਨ ਨੂੰ ਪੂਰੀ ਤਰ੍ਹਾਂ ਰੱਦ ਕਰਦਿਆਂ ਨਿੰਦਾ ਕੀਤੀ ਹੈ, ਜਿਸ ਵਿੱਚ ਉਨ੍ਹਾਂ ਕਿਹਾ ਹੈ ਕਿ ਪੰਜਾਬ ਯੂਨੀਵਰਸਿਟੀ ਹਰਿਆਣਾ ਦੇ ਕਾਲਜਾਂ ਨੂੰ ਮਾਨਤਾ ਦੇਵੇ। ਵਾਈਸ ਪ੍ਰੈਜ਼ੀਡੈਂਟ ਪੰਜਾਬ ਯੂਨੀਵਰਸਿਟੀ ਦੇ ਚਾਂਸਲਰ ਵੀ ਹਨ ਅਤੇ ਉਨ੍ਹਾਂ ਦੇ ਤਾਜ਼ਾ ਬਿਆਨ ਨੇ ਪੰਜਾਬ ਦੀ ਸਿਆਸਤ ਵਿਚ ਖਲਬਲੀ ਮਚਾ ਦਿੱਤੀ ਹੈ।

'ਆਪ' ਪੰਜਾਬ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੀ ਯੂ ਪੰਜਾਬ ਦੀ ਵਿਰਾਸਤ ਦਾ ਪ੍ਰਤੀਕ ਹੈ ਅਤੇ ਇਸ 'ਤੇ ਸਾਡਾ ਭਾਵਨਾਤਮਕ, ਇਤਿਹਾਸਕ ਅਤੇ ਸੰਵਿਧਾਨਕ ਹੱਕ ਹੈ। ਕਿਸੇ ਵੀ ਹਰਿਆਣਾ ਕਾਲਜ ਨੂੰ ਮਾਨਤਾ ਨਹੀਂ ਦਿੱਤੀ ਜਾਵੇਗੀ, ਕਿਉਂਕਿ ਪੰਜਾਬ ਤੋਂ ਇਲਾਵਾ ਕਿਸੇ ਹੋਰ ਰਾਜ ਦਾ ਪੀ ਯੂ ਉੱਤੇ ਕੋਈ ਅਧਿਕਾਰ ਨਹੀਂ।

ਕੰਗ ਨੇ ਕਿਹਾ ਕਿ ਵਾਈਸ ਪ੍ਰੈਜ਼ੀਡੈਂਟ ਨੂੰ ਆਪਣੇ ਅਹੁਦੇ ਦੀ ਮਰਿਆਦਾ ਨੂੰ ਬਰਕਰਾਰ ਰੱਖਣਾ ਚਾਹੀਦਾ ਹੈ ਅਤੇ ਭਾਜਪਾ ਦੇ ● ਬਾਕੀ ਸਫ਼ਾ 2 'ਤੇ

ਯੂ ਪੀ ਤੇ ਗੁਜਰਾਤ ਤੋਂ ਚੱਲ ਰਹੇ ਅੰਤਰਰਾਜੀ ਫਾਰਮਾ ਡਰੱਗ ਕਾਰਟੇਲ ਦਾ ਪਰਦਾ ਫਾਸ਼

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)

ਫਾਰਮਾ ਓਪੀਓਡਜ਼ ਖਿਲਾਫ ਇੱਕ ਵੱਡੀ ਖੁਫੀਆ ਜਾਣਕਾਰੀ 'ਤੇ ਆਧਾਰਿਤ ਕਾਰਵਾਈ ਕਰਦਿਆਂ ਪੰਜਾਬ ਪੁਲਸ ਨੇ ਉੱਤਰ ਪ੍ਰਦੇਸ਼, ਗੁਜਰਾਤ ਸਥਿਤ ਫਾਰਮਾ ਫੈਕਟਰੀਆਂ ਤੋਂ ਚੱਲ ਰਹੇ ਗੈਰ-ਕਾਨੂੰਨੀ ਓਪੀਓਡਜ਼ ਬਣਾਉਣ ਅਤੇ ਸਪਲਾਈ ਕਰਨ ਵਾਲੀਆਂ ਇਕਾਈਆਂ ਦੇ ਅੰਤਰਰਾਜੀ ਨੈੱਟਵਰਕ ਦਾ ਪਰਦਾ ਫਾਸ਼ ਕੀਤਾ ਹੈ। ਇਹ ਜਾਣਕਾਰੀ ਪੁਲਸ ਕਮਿਸ਼ਨਰ (ਸੀ ਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਐਤਵਾਰ ਨੂੰ ਦਿੱਤੀ।

ਅੰਮ੍ਰਿਤਸਰ ਸਿਟੀ ਪੁਲਸ ਵੱਲੋਂ 14500 ਟਰਾਮਾਡੋਲ ਗੋਲੀਆਂ ਦੀ ਬਰਾਮਦਗੀ ਤੋਂ ਬਾਅਦ ਗ੍ਰਿਫਤਾਰ ਕੀਤੇ ਗਏ ਅੰਮ੍ਰਿਤਸਰ ਦੇ ਪ੍ਰਿੰਸ ਕੁਮਾਰ ਵਜੋਂ ਇੱਕ ਸਥਾਨਕ ਨਸ਼ਾ ਤਸਕਰ ਦੀ ਗ੍ਰਿਫਤਾਰੀ ਕੀਤੀ ਗਈ, ਜੋ ਇੱਕ ਮਹੀਨੇ ਦੀ ਲੰਮੀ ਬਰੀਕੀ ਨਾਲ ਕੀਤੀ ਗਈ ਜਾਂਚ ਤੋਂ ਬਾਅਦ ਸਾਹਮਣੇ ਆਈ ਹੈ।

ਸੀ ਪੀ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਮੁਲਜ਼ਮ ਨੇ ਖੁਲਾਸਾ ਕੀਤਾ ਹੈ ਕਿ ਉਹ ਮੇਜਰ ਸਿੰਘ ਦੇ ਕਹਿਣ 'ਤੇ ਨਸ਼ੀਲੀਆਂ ਗੋਲੀਆਂ ਸਪਲਾਈ ਕਰਦਾ ਸੀ, ਜਿਸ ਨੇ ਗੋਇੰਦਵਾਲ ਸਾਹਿਬ ਜੇਲ੍ਹ ਤੋਂ ਮੋਬਾਇਲ ਫੋਨ ਰਾਹੀਂ ਉਸ ਨਾਲ ਸੰਪਰਕ ਕੀਤਾ ਸੀ। ਪੁਲਸ ਨੇ ਜੇਲ੍ਹ ਅੰਦਰੋਂ ਮੇਜਰ ਸਿੰਘ ਦੇ ਕਬਜ਼ੇ ਵਿੱਚੋਂ ਮੋਬਾਇਲ ਫ਼ੋਨ ਵੀ ਬਰਾਮਦ ਕੀਤਾ ਹੈ। ਮੇਜਰ ਸਿੰਘ ਨੂੰ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦਾ ਗਿਆ। ਉਨ੍ਹਾ ਦੇ ਖੁਲਾਸੇ 'ਤੇ ਬਲਜਿੰਦਰ ਸਿੰਘ, ਆਕਾਸ਼ ਸਿੰਘ, ਸੁਰਜੀਤ ਸਿੰਘ, ਗੁਰਪ੍ਰੀਤ ਸਿੰਘ ਸਾਰੇ ਵਾਸੀ ਪੱਟੀ, ਤਰਨ ਤਾਰਨ, ਮੋਹਰ ਸਿੰਘ ਵਾਸੀ ਹਰੀਕੇ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ। ਗੁਰਪ੍ਰੀਤ ਸਿੰਘ ਅਤੇ ਮੇਜਰ ਸਿੰਘ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਨੂੰ ਸਚਿਨ ਕੁਮਾਰ ਵਾਸੀ ਕੋਸੀ ਕਲਾਂ ਜ਼ਿਲ੍ਹਾ ਮਥੁਰਾ ਤੋਂ ਫਾਰਮਾ ਡਰੱਗ ਸਪਲਾਈ ਮਿਲੀ ਸੀ। ਸਚਿਨ ਕੁਮਾਰ ਜ਼ਿਲ੍ਹਾ ਹਾਪੁੜ (ਯੂ ਪੀ) ਵਿੱਚ ਸਥਿਤ ਓਲਿਚਹਇਮ ਫਰਮ ਦਾ ਮਾਲਕ ਸੀ।

ਸਚਿਨ ਕੁਮਾਰ ਦੀ ਗ੍ਰਿਫ਼ਤਾਰੀ ਲਈ ਡੀ ਸੀ ਪੀ ਇਨਵੈਸਟੀਗੇਸ਼ਨ ਹਰਪ੍ਰੀਤ ਸਿੰਘ ਮੰਡੇਰ ਅਤੇ ਏ ਡੀ ਸੀ ਪੀ ਸਿਟੀ-3 ਅਭਿਮਨਿਊ ● ਬਾਕੀ ਸਫ਼ਾ 2 'ਤੇ

ਅੱਜ-ਨਾਮਾ

ਹਰ ਇੱਕ ਬਾਤ ਬਤੰਗੜ ਹੈ ਬਣੀ ਜਾਂਦੀ,
ਕੋਈ ਵੀ ਪੈਰ ਨਾ ਪਿੱਛੇ ਖਿਸਕਾਏ ਬੇਲੀ।
ਵਕਤ ਸਾਂਭਣ ਦੀ ਸੋਚ ਕੋਈ ਕਰੇ ਨਾਹੀਂ,
ਹਰ ਕੋਈ ਸਿੱਧਾ ਲੜਾਈ ਨੂੰ ਆਏ ਬੇਲੀ।
ਆਸੇ-ਪਾਸੇ ਦੇ ਲੋਕ ਵੀ ਬਣਨ ਦਰਸ਼ਕ,
ਲੜਦੇ ਕੋਈ ਹਟਾਉਣ ਨਹੀਂ ਜਾਏ ਬੇਲੀ।
ਉਬਾਲਾ ਆਏ ਤੋਂ ਜੇ ਨਹੀਂ ਠੰਢ ਰਹਿੰਦੀ,
ਪਲਾਂ ਦੀ ਕੌੜ ਵੀ ਕਤਲ ਕਰਵਾਏ ਬੇਲੀ।
ਜੀਹਨੂੰ ਵੇਖੀਦਾ, ਅੱਗ ਦੀ ਨਾੜ ਬਣਿਆ,
ਛਿੱਟਾ ਪਾਣੀ ਦਾ ਕੋਈ ਨਹੀਂ ਮਾਰਦਾ ਈ।
ਸ਼ਾਂਤ ਰਹਿਣ ਨੂੰ ਕੋਈ ਵੀ ਆਖਦਾ ਨਹੀਂ,
ਖੰਘੂਰੇ ਲੜਨ ਦੇ ਹਰ ਕੋਈ ਮਾਰਦਾ ਈ।

-ਤੀਸ ਮਾਰ ਖਾਂ

ਸ਼ਹੀਦ ਊਧਮ ਸਿੰਘ ਦੇ ਜਨਮ ਦਿਹਾੜੇ ਮੌਕੇ ਭਲਕੇ ਵਿਚਾਰ-ਚਰਚਾ

ਜਲੰਧਰ : ਆਜ਼ਾਦੀ ਸੰਗਰਾਮ ਦੇ ਇਤਿਹਾਸ ਦੇ ਚਮਕਦੇ ਸਿਤਾਰੇ ਸ

25-DEC-PAGE-1.qxd 12/24/2023 10:00 PM Page 2

ਚੇਅਰਮੈਨ ਮਾਰਕਿਟ ਕਮੇਟੀ ਗੁਰਵਿੰਦਰ ਢਿੱਲੋਂ ਵੱਲੋਂ ਬੈਂਕ ਦਾ ਉਦਘਾਟਨ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਬੈਂਕ ਸਮਾਜ ਦੀ ਤਰੱਕੀ ਲਈ ਵੱਡਾ ਯੋਗਦਾਨ ਪਾ ਰਹੇ ਹਨ। ਇਹ ਵਿਚਾਰ ਪ੍ਰਗਟ ਕਰਦਿਆਂ ਮਾਰਕੀਟ ਕਮੇਟੀ ਸਰਹਿੰਦ ਫਤਿਹਗੜ੍ਹ ਸਾਹਿਬ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਸਮਰਾ ਪਰਿਵਾਰ ਵੱਲੋਂ ਪੰਜਾਬ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਬੈਂਕ ਲੋਕਾਂ ਦੇ ਘਰਾਂ ਤੱਕ ਪਹੁੰਚਾ ਦਿੱਤਾ ਹੈ। ਉਨ੍ਹਾਂ ਬੈਂਕ ਦੇ ਐੱਮ ਡੀ ਸਰਬਜੀਤ ਸਿੰਘ ਸਮਰਾ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਨੂੰ ਪੰਜਾਬੀਆਂ ਦਾ ਆਪਣਾ ਬੈਂਕ ਬਣਾ ਦਿੱਤਾ ਹੈ। 176ਵੀਂ ਬ੍ਰਾਂਚ ਖੋਲ੍ਹਦਿਆਂ ਬੈਂਕ ਦੇ ਵੱਡੇ ਅਧਿਕਾਰੀਆਂ ਆਰ ਬੀ ਐੱਚ ਵਰਿੰਦਰ ਸੂਰ, ਕਲਸਟਰ ਹੈੱਡ ਰਾਜੀਵ ਸੂਦ ਨੇ ਵੀ ਜੋਤ ਬਾਲ਼ ਕੇ ਸ਼ੁਰੂਆਤ ਕੀਤੀ। ਬ੍ਰਾਂਚ ਚੀਫ ਮੈਨੇਜਰ ਹਰਿਦਰ ਸਿੰਘ ਲਟੌਰ ਨੇ ਦੱਸਿਆ ਕਿ ਇਸ ਬ੍ਰਾਂਚ ਨੂੰ ਲੋਕ ਆਪਣੀ ਬੈਂਕ ਸਮਝਣ। ਅਸੀਂ ਇਮਾਨਦਾਰੀ ਨਾਲ ਕੰਮ ਕਰਨ ਵਿੱਚ ਵਿਸ਼ਵਾਸ ਰੱਖਦੇ ਹਾਂ, ਜਿਸ ਨੂੰ ਅਸੀਂ ਮਿਹਨਤ ਕਰਕੇ ਬਰਕਰਾਰ ਰੱਖਣ ਲਈ ਵਚਨਬੱਧ ਹਾਂ। ਹੋਰਨਾਂ ਤੋਂ ਇਲਾਵਾ ਅਮਰਿੰਦਰ ਸਿੰਘ ਲਿਬੜਾ, ਵਾਈਸ ਚਾਂਸਲਰ ਗੁਰਮੋਹਨ ਸਿੰਘ ਵਾਲੀਆ, ਪ੍ਰਿੰਸੀਪਲ ਬਾਜਵਾ, ਕੁਲਵੰਤ ਸਿੰਘ ਬਦੌਛੀ, ਅਜੈਬ ਸਿੰਘ, ਦਮਨਜੀਤ ਸਿੰਘ, ਜਰਨੈਲ ਸਿੰਘ ਲਟੌਰ, ਸੁਰਿੰਦਰ ਕੁਮਾਰ ਆੜ੍ਹਤੀ, ਜਸਵਿੰਦਰ ਸਿੰਘ ਜਲੰਧਰ, ਨਿਸ਼ੂ ਸ਼ਰਮਾ ਤੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਬਲਬੀਰ ਸਿੰਘ ਸੋਢੀ, ਨਿਰਮਲ ਸਿੰਘ ਸੀੜਾ, ਦਰਸ਼ਨ ਸਿੰਘ ਲਟੌਰ, ਬੱਗਾ ਸਿੰਘ ਲਟੌਰ ਨੇ ਵੀ ਨਵੀਂ ਬੈਂਕ ਬਰਾਂਚ ਖੋਲ੍ਹਣ ਲਈ ਸਮਰਾ ਪਰਿਵਾਰ ਦਾ ਧੰਨਵਾਦ ਕੀਤਾ।

ਸਟੇਟ ਪੈਰਾ ਐਥਲੈਟਿਕਸ ਚੈਂਪੀਅਨਸ਼ਿਪ ਘੁੱਦਾ ਵਿਖੇ ਸ਼ਾਨੋ-ਸ਼ੌਕਤ ਨਾਲ ਸੰਪੰਨ

ਸੰਗਤ ਮੰਡੀ (ਰਾਜਦੀਪ ਜੋਸ਼ੀ)-ਸੰਗਤ ਮੰਡੀ ਨੇੜੇ ਸਰਕਾਰੀ ਸਪੋਰਟਸ ਸੀਨੀਅਰ ਸੈਕੰਡਰੀ ਸਕੂਲ ਘੁੱਦਾ ਵਿਖੇ ਪੈਰਾ ਸਪੋਰਟਸ ਐਸੋਸੀਏਸ਼ਨ ਪੰਜਾਬ ਵੱਲੋਂ ਮੁੱਖ ਮਹਿਮਾਨ ਗੁਰਮਨਪ੍ਰੀਤ ਸਿੰਘ ਧਾਲੀਵਾਲ ਜ਼ਿਲ੍ਹਾ ਮੈਨੇਜਰ ਮਾਰਕਫੈੱਡ ਬਠਿੰਡਾ ਤੇ ਜਨਰਲ ਸੈਕਟਰੀ ਜਸਪ੍ਰੀਤ ਸਿੰਘ ਧਾਲੀਵਾਲ ਦੀ ਯੋਗ ਅਗਵਾਈ ਹੇਠ ਤੀਸਰੀ ਪੰਜਾਬ ਸਟੇਟ ਪੈਰਾ ਐਥਲੈਟਿਕਸ ਚੈਂਪੀਅਨਸ਼ਿਪ ਸ਼ਾਨੋ ਸ਼ੌਕਤ ਨਾਲ ਸੰਪੰਨ ਹੋਈ। ਐਥਲੈਟਿਕਸ ਚੈਂਪੀਅਨਸ਼ਿਪ 'ਚ ਪੰਜਾਬ ਭਰ ਤੋਂ 80 ਪੈਰਾ ਐਥਲੀਟ ਖਿਡਾਰੀ ਹਿੱਸਾ ਲੈਣ ਲਈ ਪਹੁੰਚੇ। ਇਸ ਦੌਰਾਨ ਸਭ ਤੋਂ ਪਹਿਲਾਂ ਪੰਜਾਬ ਭਰ ਤੋਂ ਆਏ ਖਿਡਾਰੀਆਂ ਤੇ ਸਮੂਹ ਹਾਜ਼ਰੀਨ ਵੱਲੋਂ ਰਾਸ਼ਟਰੀ ਗਾਣ ਗਾਇਆ ਗਿਆ। ਮੁੱਖ ਮਹਿਮਾਨ ਨੇ ਸਾਰੇ ਖਿਡਾਰੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਖੇਡਾਂ ਦਾ ਆਗਾਜ਼ ਕਰਨ ਦੀ ਇਜਾਜ਼ਤ ਦਿੱਤੀ। ਇਸ ਮੌਕੇ ਲੰਬੀ ਛਾਲ, ਉੱਚੀ ਛਾਲ, ਰੇਸਾਂ 100 ਮੀਟਰ, 200 ਮੀਟਰ, 400 ਮੀਟਰ, 800 ਮੀਟਰ, 1500 ਮੀਟਰ, 5000 ਮੀਟਰ, ਸ਼ਾਟਪੁੱਟ, ਡਿਸਕਸ ਥਰੋ, ਜੈਵਲਿਨ, ਕਲੱਬ ਥਰੋ ਦੇ ਮੁਕਾਬਲੇ ਕਰਵਾਏ ਗਏ। ਸਾਰੇ ਜੇਤੂ ਖਿਡਾਰੀਆਂ ਤੇ ਹਿੱਸਾ ਲੈਣ ਵਾਲੇ ਖਿਡਾਰੀਆਂ ਨੂੰ ਵਿਸ਼ੇਸ਼ ਮਹਿਮਾਨ ਤੇ ਪੰਜਾਬ ਪੈਰਾ ਸਪੋਰਟਸ ਐਸੋਸੀਏਸ਼ਨ ਦੇ ਅਹੁਦੇਦਾਰਾਂ ਸ਼ਮਿੰਦਰ ਸਿੰਘ ਢਿੱਲੋਂ, ਦਵਿੰਦਰ ਸਿੰਘ ਟਵੀ ਬਰਾੜ, ਡਾਕਟਰ ਰਮਨਦੀਪ ਸਿੰਘ, ਕੋਚ ਗਗਨਦੀਪ ਸਿੰਘ, ਜਗਰੂਪ ਸਿੰਘ ਸੂਬਾ, ਗੁਰਪ੍ਰੀਤ ਸਿੰਘ ਧਾਲੀਵਾਲ, ਅਮਨਦੀਪ ਸਿੰਘ ਬਰਾੜ, ਯਾਦਵਿੰਦਰ ਕੌਰ, ਜਸਇੰਦਰ ਸਿੰਘ ਆਦਿ ਵੱਲੋਂ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਜਸਪ੍ਰੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਲੱਗਭੱਗ 20-25 ਖਿਡਾਰੀ ਪੰਜਾਬ ਵੱਲੋਂ ਗੋਆ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਹਿੱਸਾ ਲੈਣ ਲਈ ਜਾਣਗੇ।

ਸਰਕਾਰੀ ਸਕੂਲ ਕੋਟੜਾ ਕੌੜਾ ਦਾ ਸਾਲਾਨਾ ਮੈਗਜ਼ੀਨ 'ਖਿੜਦੇ ਫੁੱਲ' ਰਿਲੀਜ਼

ਸੰਗਤ ਮੰਡੀ (ਰਾਜਦੀਪ ਜੋਸ਼ੀ)-ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਕੋਟੜਾ ਕੌੜਾ ਦਾ ਸਾਲਾਨਾ ਮੈਗਜ਼ੀਨ 'ਖਿੜਦੇ ਫੁੱਲ' ਦਾ ਭਾਗ ਸੱਤ ਰਿਲੀਜ਼ ਕੀਤਾ ਗਿਆ। ਮੁੱਖ ਅਧਿਆਪਕ ਮੈਡਮ ਮੰਜੂ ਬਾਲਾ ਵੱਲੋਂ ਮੈਗਜ਼ੀਨ ਦੀ ਮਹੱਤਤਾ ਬਾਰੇ ਦੱਸਿਆ ਗਿਆ। ਉਨ੍ਹਾ ਕਿਹਾ ਕਿ ਮੈਗਜ਼ੀਨ ਇੱਕ ਅਜਿਹਾ ਸਾਧਨ ਹੈ, ਜਿਸ ਰਾਹੀਂ ਬੱਚੇ ਆਪਣੇ ਅੰਦਰ ਛੁਪੀ ਕਲਾ ਦਾ ਪ੍ਰਗਟਾਵਾ ਕਰਦੇ ਹਨ। ਸਮੁੱਚੀ ਸਕੂਲ ਮੈਨੇਜਮੈਂਟ ਕਮੇਟੀ ਤੇ ਚੇਅਰਮੈਨ ਰਜਿੰਦਰ ਸਿੰਘ ਵੱਲੋਂ ਮੈਗਜ਼ੀਨ ਦੀ ਖੂਬ ਪ੍ਰਸੰਸਾ ਕੀਤੀ ਗਈ ਤੇ ਉਨ੍ਹਾਂ ਆਸ ਕੀਤੀ ਕਿ ਇਹ ਨੰਨ੍ਹੇ ਮੁੰਨੇ ਬੱਚੇ ਵੱਡੇ ਹੋ ਕੇ ਇੱਕ ਚੰਗੇ ਲਿਖਾਰੀ ਬਣਨਗੇ। ਮੈਗਜ਼ੀਨ ਦੇ ਸੰਪਾਦਕ ਸ੍ਰੀਮਤੀ ਸ਼ਰਨਜੀਤ ਕੌਰ ਦੀ ਯੋਗ ਅਗਵਾਈ ਵਿੱਚ ਬੱਚਿਆਂ ਨੇ ਆਪਣੀਆਂ ਰਚਨਾਵਾਂ ਇਸ ਮੈਗਜ਼ੀਨ ਵਿੱਚ ਸੰਪਾਦਤ ਕੀਤੀਆਂ। ਇਸ ਮੈਗਜ਼ੀਨ ਅੰਦਰ ਵਿਦਿਆਰਥੀਆਂ ਨਾਲ ਜੁੜੇ ਹਰ ਪੱਖ ਨੂੰ ਛੂਹਿਆ ਗਿਆ। ਸਕੂਲ ਦੀਆਂ ਪ੍ਰਾਪਤੀਆਂ ਨੂੰ ਤਸਵੀਰਾਂ ਰਾਹੀਂ ਇਸ ਮੈਗਜ਼ੀਨ ਅੰਦਰ ਪ੍ਰਕਾਸ਼ਤ ਕੀਤਾ ਗਿਆ। ਇਸ ਮੌਕੇ ਸਮੂਹ ਸਕੂਲ ਸਟਾਫ ਗੁਰਪਿਆਰ ਸਿੰਘ, ਰਾਮ ਭਜਨ ਸਿੰਘ, ਮੈਡਮ ਹਰਕੇਸ ਕੌਰ, ਮੈਡਮ ਅਮਰਜੀਤ ਕੌਰ, ਮੈਡਮ ਰਣਜੀਤ ਕੌਰ, ਰਿਟਾਇਰਡ ਅਧਿਆਪਕਾ ਮੈਡਮ ਹਰਵਿੰਦਰ ਕੌਰ, ਮਿੱਡ ਡੇ ਮੀਲ ਵਰਕਰ ਤੇ ਸਮੁੱਚੀ ਮੈਨੇਜਮੈਂਟ ਕਮੇਟੀ ਹਾਜ਼ਰ ਸੀ।

ਲੋਕ ਸੇਵਾ ਸੁਸਾਇਟੀ ਵੱਲੋਂ ਆਰ ਕੇ ਸਕੂਲ ਨੂੰ ਆਫ਼ਿਸ ਟੇਬਲ ਭੇਟ

ਜਗਰਾਉਂ (ਅਮਿਤ ਖੰਨਾ)-ਲੋਕ ਸੇਵਾ ਸੁਸਾਇਟੀ ਵੱਲੋਂ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਕੰਵਲ ਕੱਕੜ, ਸੈਕਟਰੀ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਆਰ ਕੇ ਸੀਨੀਅਰ ਸੈਕੰਡਰੀ ਸਕੂਲ ਨੂੰ ਤਿੰਨ ਆਫ਼ਿਸ ਟੇਬਲ ਦਿੱਤੇ ਗਏ। ਇਸ ਮੌਕੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਕੰਵਲ ਕੱਕੜ ਨੇ ਦੱਸਿਆ ਸੁਸਾਇਟੀ ਵੱਲੋਂ ਜਗਰਾਓਂ ਦੀਆਂ ਵਿੱਦਿਅਕ ਸੰਸਥਾਵਾਂ ਨੂੰ ਇਸ ਸਾਲ ਜਿੱਥੇ ਲੋੜੀਂਦਾ ਸਾਮਾਨ ਮੁਹੱਈਆ ਕਰਵਾਇਆ ਗਿਆ, ਉੱਥੇ ਆਰਥਿਕ ਪੱਖੋਂ ਕਮਜ਼ੋਰ ਹੋਣਹਾਰ ਵਿਦਿਆਰਥੀਆਂ ਦੀ ਸਹਾਇਤਾ ਲਈ ਫ਼ੀਸ ਐੱਲ ਐੱਸ ਐੱਸ ਸਕਾਲਰਸ਼ਿਪ ਫ਼ੰਡ 'ਚੋਂ ਅਦਾ ਕੀਤੀ ਗਈ। ਉਨ੍ਹਾ ਦੱਸਿਆ ਕਿ ਹੁਣ ਤੱਕ ਇਸ ਤੋਂ ਪਹਿਲਾਂ ਆਰ ਕੇ ਸਕੂਲ ਜਗਰਾਉਂ ਨੂੰ ਕਈ ਵਾਰ ਲੋੜੀਂਦਾ ਸਾਮਾਨ ਦੇਣ ਤੋਂ ਇਲਾਵਾ ਸਕੂਲ ਦੀ ਐਫੀਲੇਸ਼ਨ ਫ਼ੀਸ ਲਈ ਵੀ ਮਾਲੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਇਸ ਮੌਕੇ ਸਕੂਲ ਦੇ ਪ੍ਰਧਾਨ ਐਡਵੋਕੇਟ ਨਵੀਨ ਗੁਪਤਾ ਤੇ ਪ੍ਰਿੰਸੀਪਲ ਸੀਮਾ ਸ਼ਰਮਾ ਨੇ ਸੁਸਾਇਟੀ ਦਾ ਤਹਿ ਦਿਲੋਂ ਧੰਨਵਾਦ ਕਰਦੇ ਕਿਹਾ ਕਿ ਸੁਸਾਇਟੀ ਨੇ ਹਮੇਸ਼ਾ ਹੀ ਸਕੂਲ ਦੀ ਹਰੇਕ ਲੋੜ ਨੂੰ ਫ਼ੌਰੀ ਤੌਰ 'ਤੇ ਪੂਰਾ ਕੀਤਾ ਹੈ ਤੇ ਅੱਜ ਸਕੂਲ ਨੂੰ ਲੋੜੀਂਦੇ ਤਿੰਨ ਆਫ਼ਿਸ ਟੇਬਲ ਦਿੱਤੇ ਗਏ ਹਨ। ਇਸ ਮੌਕੇ ਸੁਸਾਇਟੀ ਦੇ ਸਰਪ੍ਰਸਤ ਤੇ ਸਕੂਲ ਦੇ ਮੈਨੇਜਰ ਰਜਿੰਦਰ ਜੈਨ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਸੀਨੀਅਰ ਵਾਈਸ ਪ੍ਰਧਾਨ ਮਨੋਹਰ ਸਿੰਘ ਟੱਕਰ, ਮੀਤ ਪ੍ਰਧਾਨ ਰਾਜਿੰਦਰ ਜੈਨ ਕਾਕਾ, ਵਿਨੋਦ ਬਾਂਸਲ, ਆਰ ਕੇ ਗੋਇਲ, ਜਸਵੰਤ ਸਿੰਘ, ਡਾ: ਭਾਰਤ ਭੂਸ਼ਨ ਬਾਂਸਲ, ਗੋਪਾਲ ਗੁਪਤਾ, ਕੈਪਟਨ ਨਰੇਸ਼ ਵਰਮਾ ਸੁਸਾਇਟੀ ਦੇ ਸੈਕਟਰੀ ਕੁਲਭੂਸ਼ਣ ਗੁਪਤਾ, ਕੈਸ਼ੀਅਰ ਸੁਨੀਲ ਬਜਾਜ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਸੀਨੀਅਰ ਵਾਈਸ ਪ੍ਰਧਾਨ ਮਨੋਹਰ ਸਿੰਘ ਟੱਕਰ ਆਦਿ ਹਾਜ਼ਰ ਸਨ।

ਗੁਰਮਨਪ੍ਰੀਤ ਕੌਰ ਨੇ 'ਕਿਸ ਮੇਂ ਕਿਤਨਾ ਹੈ ਦਮ' ਦੇ ਫਾਈਨਲ 'ਚ ਕੀਤਾ ਪ੍ਰਵੇਸ਼

ਬੁਢਲਾਡਾ (ਅਸ਼ੋਕ ਲਾਕੜਾ)-ਇੱਥੋਂ ਨੇੜਲੇ ਪਿੰਡ ਹਾਕਮਵਾਲਾ ਦੇ ਸ਼ਹੀਦ ਪ੍ਰਭਜੀਤ ਸਿੰਘ ਸਰਕਾਰੀ ਹਾਈ ਸਕੂਲ ਦੀ ਨੌਵੀਂ ਜਮਾਤ ਦੀ ਵਿਦਿਆਰਥਣ ਗੁਰਮਨਪ੍ਰੀਤ ਕੌਰ ਨੇ ਡੀ ਡੀ ਪੰਜਾਬੀ ਚੈਨਲ 'ਤੇ ਹਰ ਸ਼ਨੀਵਾਰ ਤੇ ਐਤਵਾਰ ਸ਼ਾਮ 3 ਤੋਂ 4 ਵਜੇ ਚੱਲਣ ਵਾਲੇ ਸ਼ੋਅ 'ਕਿਸ ਮੇਂ ਕਿਤਨਾ ਹੈ ਦਮ' ਦੇ ਡਾਂਸਿੰਗ ਕੰਪੀਟੀਸ਼ਨ ਵਿੱਚ ਚਾਰ ਰਾਊਂਡ ਪਾਰ ਕਰਕੇ ਫਾਈਨਲ ਵਿੱਚ ਪਹੁੰਚਣ 'ਤੇ ਸਕੂਲ ਸਟਾਫ ਤੇ ਮਾਪਿਆਂ ਦੇ ਪਿੰਡ ਹਾਕਮਵਾਲਾ ਵਿੱਚ ਖੁਸ਼ੀ ਦਾ ਮਾਹੌਲ ਹੈ।ਇਸ ਮੌਕੇ ਗੁਰਮਨਪ੍ਰੀਤ ਦਾ ਸਕੂਲ ਸਟਾਫ ਵੱਲੋਂ ਭਰਵਾਂ ਸਵਾਗਤ ਕਰਨ ਦੇ ਨਾਲ-ਨਾਲ ਫਾਈਨਲ ਜਿੱਤਣ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।ਲੜਕੀ ਦੇ ਪਿਤਾ ਭਗਵਾਨ ਸਿੰਘ ਤੇ ਮਾਤਾ ਭਰਤਪਾਲ ਕੌਰ ਨੇ ਦੱਸਿਆ ਕਿ ਗੁਰਮਨਪ੍ਰੀਤ ਬਚਪਨ ਤੋਂ ਹੀ ਜਿੱਥੇ ਪੜ੍ਹਾਈ ਵਿੱਚ ਹੁਸ਼ਿਆਰ ਹੈ, ਉੱਥੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੀ ਹੈ।ਇਸ ਕਰਕੇ ਉਸ ਦੀ ਮਿਹਨਤ ਤੇ ਲਗਨ ਸਦਕਾ ਉਸ ਨੇ ਇਹ ਮੁਕਾਮ ਹਾਸਲ ਕੀਤਾ ਹੈ। ਮਾਪਿਆਂ ਤੇ ਸਕੂਲ ਸਟਾਫ ਨੇ ਆਖਿਆ ਕਿ ਗੁਰਮਨ ਦੀ ਇਸ ਪ੍ਰਾਪਤੀ 'ਤੇ ਉਨ੍ਹਾਂ ਨੂੰ ਬੇਹੱਦ ਮਾਣ ਹੈ ਤੇ ਉਹ ਆਸ ਕਰਦੇ ਹਨ ਕਿ ਉਹ ਫਾਈਨਲ ਜਿੱਤ ਕੇ ਜ਼ਰੂਰ ਸਕੂਲ ਤੇ ਪਿੰਡ ਦਾ ਨਾਮ ਹੋਰ ਰੌਸ਼ਨ ਕਰੇਗੀ।ਇਸ ਮੌਕੇ ਸਕੂਲ ਅਧਿਆਪਕ ਜਸਵੰਤ ਸਿੰਘ, ਵੀਰ ਸਿੰਘ, ਵਿਸ਼ਾਲ ਗਿੱਲ, ਅਮਨਪ੍ਰੀਤ ਕੌਰ, ਹਰਪ੍ਰੀਤ ਕੌਰ ਤੋਂ ਇਲਾਵਾ ਸਮਾਜਸੇਵੀ ਦਰਸ਼ਨ ਸਿੰਘ ਜੱਸੜ, ਕਮਲਜੋਤ ਕੌਰ, ਜਸਪ੍ਰੀਤ ਕੌਰ ਆਦਿ ਮੌਜੂਦ ਸਨ।

ਕੋਈ ਵੀ ਅਪਾਹਜ ਕਿਸੇ ਸਹਾਰੇ ਦਾ ਮੁਥਾਜ਼ ਨਾ ਰਹੇ, ਇਹੀ ਮੇਰੀ ਦਿਲੀ ਇੱਛਾ : ਮਾਨ

ਸੰਗਰੂਰ (ਪ੍ਰਵੀਨ ਸਿੰਘ)

ਮੇਰੇ ਐਮ.ਪੀ. ਹਲਕੇ ਸੰਗਰੂਰ ਦਾ ਕੋਈ ਵੀ ਅਪਾਹਜ ਖੁਦ ਨੂੰ ਬੇਸਹਾਰਾ ਨਾ ਸਮਝੇ ਅਤੇ ਉਹ ਆਪਣੀ ਜ਼ਿੰਦਗੀ ਜਿਊਣ ਲਈ ਕਿਸੇ ਦੇ ਸਹਾਰੇ ਦਾ ਮੁਹਤਾਜ ਨਾ ਰਹੇ, ਇਹੋ ਮੇਰੀ ਦਿਲੀ ਇੱਛਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਨੇ ਸੰਗਰੂਰ ਦੇ ਮਾਤਾ ਕਾਲੀ ਦੇਵੀ ਮੰਦਰ ਪਟਿਆਲਾ ਗੇਟ ਵਿਖੇ ਸਮਾਜਿਕ ਨਿਆਂ ਤੇ ਅਧਿਕਾਰਿਤਾ ਮੰਤਰਾਲਿਆ ਦਿਵਿਆਂਗਜਨ ਸਸ਼ਕਤੀਕਰਨ ਵਿਭਾਗ ਦੀ ਆਡਿਪ ਯੋਜਨਾ ਤਹਿਤ ਐਮ.ਪੀ. ਸੰਗਰੂਰ ਦੇ ਸੰਸਦੀ ਕੋਟੇ ਵਿੱਚੋਂ ਅਪਾਹਜਾਂ ਨੂੰ ਮੋਟਰਾਈਜਡ ਟ੍ਰਾਈਸਾਈਕਲਾਂ, ਵੀਲ੍ਹਚੇਅਰਾਂ ਸਮੇਤ ਹੋਰ ਸਹਾਇਕ ਉਪਕਰਨ ਵੰਡਣ ਲਈ ਰੱਖੇ ਗਏ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਜ਼ਿਲ੍ਹਾ ਪ੍ਰਸ਼ਾਸਨ ਅਤੇ ਜ਼ਿਲ੍ਹਾ ਵਿਕਲਾਂਗ ਪੁਨਰਵਾਸ ਕੇਂਦਰ ਸੰਗਰੂਰ ਦੇ ਸਹਿਯੋਗ ਨਾਲ ਕਰਾਏ ਗਏ ਸਮਾਗਮ ਦੌਰਾਨ ਜ਼ਿਲ੍ਹਾ ਸੰਗਰੂਰ ਦੇ ਲਗਭਗ 384 ਅਪਾਹਜ ਲਾਭਪਾਤਰਾਂ ਨੂੰ ਸਹਾਇਕ ਉਪਕਰਨ ਵੰਡੇ ਗਏ, ਜਿਨ੍ਹਾਂ ਵਿੱਚ 187 ਲੋੜਵੰਦਾਂ ਨੂੰ ਮੋਟਰਾਈਜਡ ਟ੍ਰਾਈਸਾਈਕਲਾਂ, 70 ਟ੍ਰਾਈਸਾਈਕਲਾਂ, 53 ਵਹੀਲ ਚੇਅਰਾਂ, 12 ਸਮਾਰਟ ਫੋਨ, 5 ਸੀਪੀ

ਚੇਅਰ, 22 ਬਲਾਇੰਡ ਵਾਕਿੰਗ ਸਟਿਕਾਂ ਸਮੇਤ ਹੋਰ ਵੱਖ-ਵੱਖ ਉਪਕਰਨ ਸ਼ਾਮਲ ਹਨ। ਮਾਨ ਨੇ ਕਿਹਾ ਕਿ ਉਹ ਹਲਕਾ ਨਿਵਾਸੀਆਂ ਦੇ ਹਮੇਸ਼ਾ ਰਿਣੀ ਰਹਿਣਗੇ, ਜਿਨ੍ਹਾਂ ਨੇ ਆਪਣਾ ਨੁਮਾਇੰਦਾ ਚੁਣ ਕੇ ਉਨ੍ਹਾਂ ਨੂੰ ਸੰਸਦ ਵਿੱਚ ਪੁਚਾਇਆ। ਇਸ ਲਈ ਉਨ੍ਹਾਂ ਦੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਉਨ੍ਹਾਂ ਦੇ ਹਲਕੇ ਦਾ ਕੋਈ ਵੀ ਵਰਗ ਦੁਖੀ ਤੇ ਅਸਹਾਇ ਨਾ ਹੋਵੇ। ਇਸ ਮੌਕੇ ਪਾਰਟੀ ਦੇ ਪੀਏਸੀ ਮੈਂਬਰ ਬਹਾਦਰ ਸਿੰਘ ਭਸੌੜ, ਪੀਏ ਗੁਰਜੰਟ ਸਿੰਘ ਕੱਟੂ, ਜਥੇਦਾਰ ਗੁਰਨੈਬ ਸਿੰਘ ਰਾਮਪੁਰਾ, ਜਥੇਦਾਰ ਦਰਸ਼ਨ ਸਿੰਘ ਮੰਡੇਰ ਪ੍ਰਧਾਨ ਜ਼ਿਲ੍ਹਾ ਬਰਨਾਲਾ, ਵਾਸਵੀਰ ਸਿੰਘ ਭੁੱਲਰ, ਜਥੇਦਾਰ ਹਰਜੀਤ ਸਿੰਘ ਸੰਜੂਮਾਂ, ਜਥੇਦਾਰ ਹਰਬੰਸ ਸਿੰਘ ਸਲੇਮਪੁਰ, ਅਮਰਜੀਤ ਸਿੰਘ ਬਾਦਸ਼ਾਹਪੁਰ, ਯੂਥ ਆਗੂ ਸਤਨਾਮ ਸਿੰਘ ਰੱਤੋਕੇ, ਡਾ. ਜਗਰੂਪ ਸਿੰਘ ਬਰਨਾਲਾ, ਗੁਰਸੇਵਕ ਸਿੰਘ ਸਰਪੰਚ ਮੰਨਿਆਣਾ, ਅਰਸ਼ਦੀਪ ਸਿੰਘ ਦਿੜ੍ਹਬਾ, ਸੁਖਪ੍ਰੀਤ ਸਿੰਘ ਸੁੱਖੀ, ਯਾਦਵਿੰਦਰ ਸਿੰਘ, ਅਰਸ਼ਦੀਪ ਸਿੰਘ ਚਹਿਲ ਸਮੇਤ ਪਾਰਟੀ ਦੇ ਹੋਰ ਸੀਨੀਅਰ ਆਗੂਆਂ ਤੋਂ ਇਲਾਵਾ ਤੋਂ ਜ਼ਿਲ੍ਹਾ ਪ੍ਰਸਾਸਨ ਤੋਂ ਐਸ.ਡੀ.ਐਮ. ਸੰਗਰੂਰ, ਜ਼ਿਲ੍ਹਾ ਸਮਾਜਿਕ ਅਫ਼ਸਰ ਡਾ. ਲਵਲੀਨ ਕੌਰ ਸਮੇਤ ਹੋਰ ਅਧਿਕਾਰੀ ਤੇ ਕ੍ਰਮਚਾਰੀ ਹਾਜ਼ਰ ਸਨ।

ਜੇ ਐੱਨ ਇੰਟਰਨੈਸ਼ਨਲ ਸਕੂਲ 'ਚ ਸਾਲਾਨਾ ਖੇਡ ਦਿਵਸ ਦਾ ਸ਼ਾਨਦਾਰ ਆਯੋਜਨ

ਗੁਰੂਹਰਸਹਾਏ (ਫ਼ਕੀਰ ਚੰਦ ਸਿਕਰੀ)

ਜੇ.ਐਨ. ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਵਿਖੇ ਬੜੀ ਧੂਮ-ਧਾਮ ਨਾਲ ਸਾਲਾਨਾ ਖੇਡ ਦਿਵਸ ਦਾ ਆਯੋਜਨ ਕੀਤਾ ਗਿਆ। ਬੱਚਿਆਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦਿਆਂ ਖੇਡ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਖੇਡਾਂ ਵਿੱਚ ਸਕੂਲ ਦੇ ਹਰ ਵਿਦਿਆਰਥੀ ਨੇ ਭਾਗ ਲਿਆ ਤੇ ਆਪਣੀ ਖੇਡ ਰੁਚੀ ਦਾ ਪ੍ਰਦਰਸ਼ਨ ਕੀਤਾ। ਇਸ ਸਮੇਂ ਸਕੂਲ ਦੇ

25-DEC-PAGE-3.qxd 12/24/2023 10:16 PM Page 1

ਕਟਾਰੂਚੱਕ ਵੱਲੋਂ ਅਖਤਿਆਰੀ ਕੋਟੇ 'ਚੋਂ ਡੀ ਏ ਵੀ ਸਕੂਲ ਝਾਖੋਲਾਹੜੀ ਨੂੰ 8 ਲੱਖ ਦੀ ਗ੍ਰਾਂਟ

ਪਠਾਨਕੋਟ (ਦਵਿੰਦਰ ਸਿੰਘ)-ਡੀਏਵੀ ਸੀਨੀਅਰ ਸੈਕੰਡਰੀ ਸਕੂਲ ਝਾਖੋਲਾਹੜੀ ਵਿਖੇ ਆਯੋਜਿਤ ਇੱਕ ਸਮਾਰੋਹ ਦੌਰਾਨ ਉਸ ਸਮੇਂ ਸਾਰਾ ਸਕੂਲ ਦਾ ਸਟਾਫ ਅਤੇ ਵਿਦਿਆਰਥੀ ਵੀ ਹੈਰਾਨ ਰਹਿ ਗਏ ਜਦੋਂ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਸਮਾਰੋਹ ਦੌਰਾਨ ਵਿਦਿਆਰਥੀਆਂ ਦੀ ਪੰਡਾਲ ਵਿੱਚ ਜ਼ਮੀਨ 'ਤੇ ਜਾ ਬੈਠੇ ਅਤੇ ਬੋਲੇ ਕਿ ਅੱਜ ਪੰਡਾਲ ਵਿੱਚ ਬੈਠ ਕੇ ਉਨ੍ਹਾਂ ਨੂੰ ਆਪਣਾ ਸਕੂਲ ਦਾ ਸਮਾਂ ਯਾਦ ਆ ਗਿਆ। ਸਿਜਦਾ ਉਸ ਸਕੂਲ ਨੂੰ ਜਿਸ ਨੇ ਮੇਰੀ ਜ਼ਿੰਦਗੀ ਬਦਲੀ। ਉਹ ਉਪਰੋਕਤ ਸਕੂਲ ਵਿਖੇ ਇੱਕ ਆਯੋਜਿਤ ਸਮਾਰੋਹ ਦੌਰਾਨ ਬਤੌਰ ਮੁੱਖ ਮਹਿਮਾਨ ਹਾਜ਼ਰ ਹੋਏ ਸਨ। ਇਸ ਮੌਕੇ ਸਕੂਲ ਪ੍ਰਬੰਧਨ ਕਮੇਟੀ ਦੀ ਚੇਅਰਮੈਨ ਮੀਰਾ ਭੱਲਾ, ਮੈਨੇਜਰ ਰਮਨ ਭੱਲਾ (ਸਾਬਕਾ ਮੰਤਰੀ ਪੰਜਾਬ), ਪ੍ਰਿੰ. ਸੰਦੀਪ ਕੁਮਾਰ, ਰਿਟ. ਪ੍ਰਿੰ. ਭਗਵਾਨ ਦਾਸ, ਅੰਜੂ ਬਾਲਾ, ਤਰਸੇਮ ਸਿੰਘ, ਰਾਜੇਸ਼ ਕੁੰਡਲ, ਭੁਪਿੰਦਰ ਸਿੰਘ, ਪਵਨ ਕੁਮਾਰ, ਅਜੈ ਸਿੰਘ, ਅਮਰਜੀਤ, ਰਮਨਾ, ਅਮਿਤ ਮਹਿਰਾ, ਠਾਕੁਰ ਭੁਪਿੰਦਰ ਸਿੰਘ ਮੁੰਨਾ ਅਤੇ ਹੋਰ ਪਾਰਟੀ ਕਾਰਜਕਰਤਾ ਵੀ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਮੰਤਰੀ ਨੇ ਕਿਹਾ ਕਿ ਸਿੱਖਿਆ ਇਨਸਾਨ ਨੂੰ ਸਫਲ ਬਣਾਉਣ ਵਿੱਚ ਬਹੁਤ ਹੀ ਸਹਾਇਕ ਹੁੰਦੀ ਹੈ, ਪ੍ਰਾਪਤ ਕੀਤੀ ਸਿੱਖਿਆ ਆਪ ਦੇ ਭਵਿੱਖ ਦੇ ਦਰਵਾਜ਼ੇ ਖੋਲ੍ਹਦੀ ਹੈ। ਉਨ੍ਹਾਂ ਕਿਹਾ ਕਿ ਉਹ ਅੱਜ ਸਮਾਰੋਹ ਵਿੱਚ ਹਾਜ਼ਰ ਹੋ ਕੇ ਅਪਣੇ ਆਪ ਨੂੰ ਬਹੁਤ ਹੀ ਖੁਸ਼ਕਿਸਮਤ ਸਮਝਦੇ ਹਨ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਸਰਕਾਰ ਵੀ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਦੇ ਲਈ ਬਹੁਤ ਵੱਡੇ ਵੱਡੇ ਉਪਰਾਲੇ ਕਰ ਰਹੀ ਹੈ। ਵਿਧਾਨ ਸਭਾ ਹਲਕਾ ਭੋਆ ਅੰਦਰ ਸਕੂਲ ਆਫ ਐਮੀਨੈਂਸ ਇਸ ਦੀ ਉਦਾਹਰਣ ਹਨ ਕਿ ਪੰਜਾਬ ਸਰਕਾਰ ਵਧੀਆ ਕਵਾਲਿਟੀ ਦੀ ਸਿੱਖਿਆ ਬੱਚਿਆਂ ਨੂੰ ਦੇਣ ਦੇ ਉਦੇਸ਼ ਨਾਲ ਵੱਡੀਆਂ ਪੁਲਾਂਘਾਂ ਪੁੱਟ ਰਹੀ ਹੈ। ਉਨ੍ਹਾਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਸਕੂਲ ਅੰਦਰ ਵਿਕਾਸ ਕਾਰਜ ਲਈ 8 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ। ਸਮਾਰੋਹ ਦੇ ਅੰਤ ਵਿੱਚ ਉਨ੍ਹਾਂ ਵਿਦਿਆਰਥੀਆਂ ਨੂੰ ਕੋਟੀਆਂ ਅਤੇ ਬੂਟਾਂ ਦੀ ਵੰਡ ਕੀਤੀ ਅਤੇ ਭਵਿੱਖ ਵਿੱਚ ਸਕੂਲ ਦੀਆਂ ਹੋਰ ਵੀ ਸਮੱਸਿਆਵਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ।

ਵਿਦਿਆਰਥੀਆਂ ਨੇ ਗੁ. ਛੋਟਾ ਘੱਲੂਘਾਰਾ ਸਾਹਿਬ ਦੇ ਕੀਤੇ ਦਰਸ਼ਨ ਦੀਦਾਰੇ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਯੁਵਕ ਸੇਵਾਵਾਂ ਵਿਭਾਗ ਗੁਰਦਾਸਪੁਰ ਦੇ ਸਹਾਇਕ ਡਾਇਰੈਕਟਰ ਰਵੀ ਦਾਰਾ ਦੇ ਨਿਰਦੇਸ਼ਾਂ ਤਹਿਤ 22-12-2023 ਨੂੰ ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਐੱਨਐੱਸਐੱਸ ਵਲੰਟੀਅਰਾਂ ਦਾ ਸੱਤ ਰੋਜ਼ਾ ਕੈਂਪ ਦੀ ਸ਼ੁਰੂਆਤ ਪ੍ਰਿੰਸੀਪਲ ਸ਼ਾਲਿਨੀ ਦੱਤਾ ਦੀ ਰਹਿਨੁਮਾਈ ਹੇਠ ਕੀਤੀ ਗਈ। ਕੌਮੀ ਕੈਂਪ ਦੇ ਦੂਜੇ ਦਿਨ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹੀਦੀ ਨੂੰ ਯਾਦ ਕਰਵਾਉਂਦੇ ਹੋਏ ਪ੍ਰਿੰਸੀਪਲ ਸ਼ਾਲਿਨੀ ਦੱਤਾ ਨੇ ਕੁਰਬਾਨੀ ਭਰੇ ਸਿੱਖ ਇਤਿਹਾਸ ਦੀ ਪਵਿੱਤਰਤਾ ਅਤੇ ਮਹਾਨਤਾ ਨੂੰ ਬਹੁਤ ਹੀ ਸਹਿਜਤਾ ਨਾਲ ਬਹੁਮੁੱਲੇ ਵਿਚਾਰਾਂ ਰਾਹੀਂ ਪੇਸ਼ ਕੀਤਾ। ਉਪਰੰਤ ਐੱਨਐੱਸਐੱਸ ਪ੍ਰੋਗਰਾਮ ਅਫਸਰਾਂ ਵੱਲੋਂ ਵਿਦਿਆਰਥੀਆਂ ਅਤੇ ਅਧਿਆਪਕ ਸਾਹਿਬਾਨ ਨੂੰ ਗੁਰਦੁਆਰਾ ਘੱਲੂਕਾਰਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਸਕੂਲ ਬੱਸ ਦੀ ਰਵਾਨਗੀ ਸਕੂਲ ਤੋਂ ਪ੍ਰਾਰਥਨਾ ਸਭਾ ਤੋਂ ਬਾਅਦ ਕੀਤੀ ਗਈ। ਇਸ ਦੀ ਅਗਵਾਈ ਪ੍ਰਿੰਸੀਪਲ ਨੇ ਕੀਤੀ। ਇਸ ਮੌਕੇ ਕੌਮੀ ਸੇਵਾ ਕੈਂਪ ਦੇ ਇੰਚਾਰਜ ਪਰਮਿੰਦਰ ਕੌਰ, ਹਰਦੀਪ ਸਿੰਘ, ਪਰਮਜੀਤ ਸਿੰਘ, ਰਜਿੰਦਰ ਕੌਰ ਧਾਲੀਵਾਲ ਤੇ ਮੈਡਮ ਸ਼ਿਵਾਨੀ ਹਾਜ਼ਰ ਸਨ।

ਧਾਲੀਵਾਲ ਵੱਲੋਂ ਈਸਾਈ ਭਾਈਚਾਰੇ ਨੂੰ ਕ੍ਰਿਸਮਿਸ ਦੀਆਂ ਵਧਾਈਆਂ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਈਸਾਈ ਭਾਈਚਾਰੇ ਨੂੰ ਕ੍ਰਿਸਮਿਸ ਦੀਆਂ ਵਧਾਈਆਂ ਦਿੰਦੇ ਹੋਏ ਪੰਜਾਬ ਵਿੱਚ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਵਾਹਿਗੁਰੂ ਦਾ ਧੰਨਵਾਦ ਕੀਤਾ। ਆਪਣੇ ਗ੍ਰਹਿ ਵਿਖੇ ਆਏ ਈਸਾਈ ਭਾਈਚਾਰੇ ਦੇ ਆਗੂਆਂ ਨੂੰ ਕ੍ਰਿਸਮਿਸ ਦੀਆਂ ਵਧਾਈਆਂ ਦਿੰਦੇ ਧਾਲੀਵਾਲ ਨੇ ਕਿਹਾ ਕਿ ਪੰਜਾਬ ਵਰਗੇ ਭਾਈਚਾਰੇ ਦੀ ਮਿਸਾਲ ਦੁਨੀਆ ਵਿੱਚ ਕਿਧਰੇ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸਾਰੇ ਧਰਮਾਂ ਦੇ ਲੋਕ ਆਪਣੇ ਆਪਣੇ ਇਸ਼ਟ ਨੂੰ ਮੰਨਦੇ ਹੋਏ ਇਕ ਦੂਜੇ ਦੀਆਂ ਖੁਸ਼ੀਆਂ ਵਿੱਚ ਦਿਲੋਂ ਸ਼ਰੀਕ ਹੁੰਦੇ ਹਨ ਜੋ ਕਿ ਕੁਦਰਤ ਦੀ ਦੇਣ ਹੈ। ਉਨ੍ਹਾਂ ਕਿਹਾ ਕਿ ਈਸਾਈ ਭਾਈਚਾਰੇ ਵੱਲੋਂ ਪੰਜਾਬ ਵਿੱਚ ਸਿੱਖਿਆ ਦੇ ਖੇਤਰ ਵਿਚ ਵੱਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ। ਉਨ੍ਹਾਂ ਸਮੁੱਚੇ ਭਾਈਚਾਰੇ ਨੂੰ ਕ੍ਰਿਸਮਿਸ ਦੀਆਂ ਵਧਾਈਆਂ ਦਿੰਦੇ ਪੰਜਾਬ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਫਾਦਰ ਯੌਸਫ ਅਤੇ ਫਾਦਰ ਜੋਸ ਨੇ ਕ੍ਰਿਸਮਿਸ ਦੇ ਸੰਬੰਧ ਵਿੱਚ ਮੰਤਰੀ ਨੂੰ ਤੋਹਫੇ ਦਿੰਦੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਜਸਪਾਲ ਸਿੰਘ ਭੱਟੀ ਪ੍ਰਧਾਨ ਨਗਰ ਪੰਚਾਇਤ, ਦੀਪਕ ਕੁਮਾਰ ਚੈਨਪੁਰੀਆ ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ, ਦਲਬਾਗ ਸਿੰਘ ਘੁੱਲੀ ਅਤੇ ਸੁਨੀਲ ਕੁਮਾਰ ਆਦਿ ਹਾਜ਼ਰ ਸਨ।

ਬਾਬਾ ਦੀਪ ਸਿੰਘ ਸਕੂਲ ਸੰਗਤਪੁਰ 'ਚ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਨੂੰ ਕੀਤਾ ਨਮਨ

ਕਲਾਨੌਰ (ਮਨਦੀਪ ਕੋਹਲੀ)-ਕਲਾਨੌਰ ਗੁਰਦਾਸਪੁਰ ਰੋਡ 'ਤੇ ਸਥਿਤ ਬਾਬਾ ਦੀਪ ਸਿੰਘ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਸੰਗਤਪੁਰ ਵਿਖੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨਾਲ ਸੰਬੰਧਿਤ ਸਮਾਗਮ ਕਰਵਾਇਆ ਗਿਆ।ਇਹ ਸਮਾਗਮ ਸਕੂਲ ਦੇ ਪ੍ਰਿੰਸੀਪਲ ਮੈਡਮ ਸੋਨੀਆ ਵਰਮਾ, ਜਸਬੀਰ ਸੋਢੀ ਅਤੇ ਚੇਅਰਮੈਨ ਲਖਬੀਰ ਸੋਢੀ ਅਤੇ ਮੋਨਿਕਾ ਵਰਮਾ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਸਮਾਗਮ ਵਿੱਚ ਸਭ ਤੋਂ ਪਹਿਲਾਂ ਸਕੂਲ ਸਟਾਫ ਅਤੇ ਬੱਚਿਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕਰਵਾਏ ਗਏ। ਉਪਰੰਤ ਸਕੂਲ ਦੀਆਂ ਵਿਦਿਆਰਥਣਾਂ ਗੁਰਲੀਨ ਕੌਰ, ਪ੍ਰਭਜੋਤ ਕੌਰ, ਸੰਦੀਪ, ਗੁਰਪ੍ਰੀਤ, ਸੁਖਮਨਪ੍ਰੀਤ ਆਦਿ ਵੱਲੋਂ ਸ਼ਬਦ 'ਵਾਟਾਂ ਲੰਮੀਆਂ ਤੇ ਰਸਤਾ ਪਹਾੜ ਦਾ' ਗਾਇਆ ਗਿਆ। ਸਹਿਜਪ੍ਰੀਤ, ਹਰਮਨਜੋਤ, ਮਨਮੀਤ, ਸੁਖਮਨ, ਅਸ਼ਮੀਤ, ਮਹਿਕਦੀਪ, ਏਕਨੂਰ, ਮਨਜੋਤ ਸਿੰਘ, ਅਵਨੀਤ ਕੌਰ ਆਦਿ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨਾਲ ਸੰਬੰਧਿਤ ਵੈਰਾਗਮਈ ਸ਼ਬਦ ਕੀਰਤਨ, ਭਾਸ਼ਣ, ਕਵਿਤਾਵਾਂ ਆਦਿ ਨਾਲ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਯਾਦ ਕੀਤਾ ਗਿਆ । ਇਸ ਮੌਕੇ ਸਕੂਲ ਪ੍ਰਿੰਸੀਪਲ ਅਤੇ ਚੇਅਰਮੈਨ ਵੱਲੋਂ ਬੱਚਿਆਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਸਾਹਿਬਜ਼ਾਦਿਆਂ ਅਤੇ ਗੁਰੂ ਸਾਹਿਬ ਜੀ ਦੇ ਪਰਿਵਾਰ ਵੱਲੋਂ ਕੌਮ ਲਈ ਦਿੱਤੀ ਗਈ ਸ਼ਹਾਦਤ ਤੋਂ ਵਿਸਥਾਰਪੂਰਵਕ ਜਾਣੂ ਕਰਵਾਇਆ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਸੀਰਤ, ਸੁਪਨਪ੍ਰੀਤ, ਵਨੀਤ, ਬਲਨੂਰ, ਗੁਰਸਿਮਰਨ, ਮੰਨਤ, ਮੋਹਪਾਲ ਸਿੰਘ, ਕਵਲਪ੍ਰੀਤ ਆਦਿ ਵੱਲੋਂ ਵੀ ਗੁਰੂ ਗੋਬਿੰਦ ਸਿੰਘ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਪ੍ਰਣਾਮ ਕੀਤਾ ਗਿਆ ਅਤੇ ਸ਼ਬਦ ਗਾਇਨ ਕੀਤੇ ਗਏ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਬੜੇ ਹੀ ਸੁਚੱਜੇ ਢੰਗ ਨਾਲ ਲੰਗਰ ਦੀ ਵਿਵਸਥਾ ਵੀ ਕੀਤੀ ਹੋਈ ਸੀ।

ਮੀਰਪੁਰ 'ਚ ਰਵਾਇਤੀ ਪਾਰਟੀਆਂ ਨੂੰ ਝਟਕਾ; 40 ਪਰਿਵਾਰਾਂ 'ਆਪ' ਦਾ ਲੜ ਫੜਿਆ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਵਿਧਾਨ ਸਭਾ ਹਲਕਾ ਤਰਨ ਤਰਨ ਦੇ ਪਿੰਡ ਮੀਰਪੁਰ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਭਾਰੀ ਬਲ ਮਿਲਿਆ ਜਦੋਂ ਗੁਰਪ੍ਰੀਤ ਸਿੰਘ ਸੋਨੂ ਥਿੰਦ ਦੀ ਪ੍ਰੇਰਨਾ ਅਤੇ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਦੀ ਅਗਵਾਈ ਹੇਠ 40 ਪਰਿਵਾਰ ਅਕਾਲੀ ਦਲ ਤੇ ਕਾਂਗਰਸ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ ਜਿਸ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਨੇ ਸ਼ਮੂਲੀਅਤ ਕੀਤੀ। ਸ਼ਾਮਿਲ ਹੋਣ ਵਾਲੇ ਪਰਿਵਾਰਾਂ ਨੂੰ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਜੀ ਆਇਆਂ ਕਿਹਾ ਅਤੇ ਵਿਸ਼ਵਾਸ ਦਵਾਇਆ ਕਿ ਉਨ੍ਹਾਂ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ। ਸੰਬੋਧਨ ਕਰਦਿਆਂ ਹਲਕਾ ਵਿਧਾਇਕ ਡਾ. ਸੋਹਲ ਨੇ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਧੜਾ ਧੜ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਪਿੰਡ ਮੀਰਪੁਰ ਤੋਂ ਆਮ ਆਦਮੀ ਪਾਰਟੀ ਦੇ ਆਗੂ ਗੁਰਪ੍ਰੀਤ ਸਿੰਘ ਸੋਨੂ ਥਿੰਦ ਨੇ ਦੱਸਿਆ ਕਿ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਵੱਲੋਂ ਹਲਕੇ ਵਿੱਚ ਕਰਵਾਏ ਜਾ ਰਹੇ ਮਿਆਰੀ ਅਤੇ ਤਕਨੀਕੀ ਵਿਕਾਸ ਕਾਰਜਾਂ ਤੋਂ ਹਲਕੇ ਦੇ ਲੋਕ ਬੇਹੱਦ ਪ੍ਰਸੰਨ ਹਨ। ਆਪ ਦੀਆਂ ਨੀਤੀਆਂ ਤੋਂ ਹੀ ਪ੍ਰਭਾਵਿਤ ਹੋ ਕੇ ਤਕਰੀਬਨ 40 ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ

ਪੰਚਾਇਤੀ ਚੋਣਾਂ ਵਿੱਚ ਪਿੰਡ ਮੀਰਪੁਰ ਤੋਂ ਆਮ ਆਦਮੀ ਪਾਰਟੀ ਭਾਰੀ ਬਹੁਮਤ ਨਾਲ ਜਿੱਤ ਹਾਸਿਲ ਕਰੇਗੀ। ਇਸ ਮੌਕੇ ਸੋਨੂ ਥਿੰਦ, ਹਰਵਿੰਦਰ ਸਿੰਘ ਰਿੰਕੂ, ਭੁਪਿੰਦਰ ਸਿੰਘ, ਮੇਹਰ ਸਿੰਘ, ਸਾਹਿਬ ਸਿੰਘ, ਭਾਗਾ ਸਿੰਘ, ਪ੍ਰਿੰਸ, ਰਜਿੰਦਰ ਸਿੰਘ, ਸਤਨਾਮ ਸਿੰਘ, ਗੁਰਸੇਵਕ ਸਿੰਘ, ਕੁਲਬੀਰ ਸਿੰਘ, ਧਿਆਨ ਸਿੰਘ, ਕੁਲਵਿੰਦਰ ਸਿੰਘ, ਆਕਾਸ਼ਦੀਪ ਸਿੰਘ, ਮਨਪ੍ਰੀਤ ਸਿੰਘ, ਗੁਰਵੇਲ ਸਿੰਘ, ਜਗਗੁਪ ਸਿੰਘ, ਸੁਖਦੇਵ ਸਿੰਘ, ਗੁਰਦੇਵ ਸਿੰਘ, ਜੋਬਨਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਗੁਲਜ਼ਾਰ ਸਿੰਘ ਅਤੇ ਆਤਮਾ ਸਿੰਘ ਆਦਿ ਹਾਜ਼ਰ ਸਨ।

ਅਜਨਾਲਾ ਸ਼ਹਿਰ ਨੂੰ ਇੱਕ ਨਮੂਨੇ ਦਾ ਸ਼ਹਿਰ ਬਣਾਇਆ ਜਾਏਗਾ : ਦੀਪਕ ਚੈਨਪੁਰੀਆ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)—ਆਮ ਆਦਮੀ ਪਾਰਟੀ ਦੇ ਸ਼ਹਰੀ ਪ੍ਰਧਾਨ ਦੀਪਕ ਚੈਨਪੁਰੀਆ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨਾਲਾ ਦਾ ਦੌਰਾ ਕਰਦਿਆਂ ਸਕੂਲ ਵਿੱਚ ਬਣ ਰਹੇ ਬਾਥਰੂਮਾਂ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਨੇ ਕਿਹਾ ਕਿ ਅਜਨਾਲਾ ਸ਼ਹਿਰ ਨੂੰ ਪੰਜਾਬ ਦਾ ਇੱਕ ਖੂਬਸੂਰਤ ਸ਼ਹਿਰ ਬਣਾਇਆ ਜਾਵੇਗਾ ਜੋ ਕਿ ਪਿਛਲੀਆਂ ਸਰਕਾਰਾਂ ਨੇ ਅਜਨਾਲਾ ਸ਼ਹਿਰ ਨੂੰ ਅੱਖੋਂ ਪਰੋਖੇ ਕੀਤਾ ਗਿਆ ਸੀ ਲੇਕਿਨ ਮਾਨਯੋਗ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਸਮੁੱਚੀ ਅਗਵਾਈ ਵਿੱਚ ਅਜਨਾਲਾ ਸ਼ਹਿਰ ਵਿੱਚ ਵਿਕਾਸ ਦੇ ਪ੍ਰੋਜੈਕਟ ਚੱਲ ਰਹੇ ਹਨ ਜਿਸ ਤਰ੍ਹਾਂ ਕਿ ਸ਼ਹਿਰ ਦੀਆਂ ਸੜਕਾਂ ਜੋ ਪਿਛਲੇ ਸਮੇਂ ਤੋਂ ਨਹੀਂ ਬਣੀਆਂ ਸਨ, ਹੁਣ ਕੁਝ ਬਣ ਚੁੱਕੀਆਂ ਹਨ ਅਤੇ ਕੁਝ ਉਸਾਰੀ ਅਧੀਨ ਹਨ ਅਤੇ ਅਜਨਾਲੇ ਸ਼ਹਿਰ ਵਿੱਚ ਬਾਥਰੂਮ ਜਿਨ੍ਹਾਂ ਕਰਕੇ ਪਬਲਿਕ ਨੂੰ ਬਹੁਤ ਮੁਸਕਿਲ ਆਉਂਦੀ ਸੀ, ਵੀ ਬਣ ਕੇ ਤਿਆਰ ਹੋ ਚੁੱਕੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਅਜਨਾਲਾ ਸ਼ਹਿਰੀ ਦੇ ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਅਮਿਤ ਔਲ, ਗੁਰਨਾਮ ਸਿੰਘ, ਗੋਰਾ ਸੱਗੂ, ਅਜੇ ਕੁਮਾਰ, ਗੁਰਵਿੰਦਰ ਸਿੰਘ, ਮੈਡਮ ਗੀਤਾ ਗਿੱਲ, ਰਸ਼ਪਾਲ ਸਿੰਘ ਕੋਟਲਾ ਕਾਜ਼ੀਆਂ, ਦੀਪਕ ਭੱਟੀ, ਸ਼ਮਸ਼ੇਰ ਸਿੰਘ ਸ਼ੇਰਾ ਆਦੀ ਹਾਜ਼ਰ ਸਨ।

ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦੇ ਵਿਦਿਆਰਥੀ ਗੁਰਮਤਿ ਮੁਕਾਬਲਿਆਂ 'ਚ ਅੱਵਲ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਗੁਰਮਤਿ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਮੱਲਾਂ ਮਾਰੀਆਂ। ਇਸ ਸੰਬੰਧੀ ਸਕੂਲ ਦੇ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਅਤੇ ਡਾਇਰੈਕਟਰ ਡਾ: ਮਹਿੰਦਰਪਾਲ ਸਿੰਘ ਕਲੇਰ ਨੇ ਦੱਸਿਆ ਖਾਲਸਾ ਸੁਸਾਇਟੀ ਸਤਕੋਹਾ ਵੱਲੋਂ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਸਾਲਾਨਾ 24ਵੇਂ ਜ਼ਿਲ੍ਹਾ ਪੱਧਰੀ ਗੁਰਮਤਿ ਮੁਕਾਬਲਿਆਂ ਵਿੱਚ ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਦੇ ਵਿਦਿਆਰਥੀ ਬਿਕਰਮਜੀਤ ਸਿੰਘ, ਦਮਨਪ੍ਰੀਤ ਸਿੰਘ ਅਤੇ ਪ੍ਰਭਜੋਤ ਸਿੰਘ ਨੇ ਕਵੀਸ਼ਰੀ ਵਿੱਚ ਪਹਿਲਾ ਸਥਾਨ, ਗਗਨਪ੍ਰੀਤ ਕੌਰ ਨੇ ਸੀਨੀਅਰ ਕਵਿਤਾ ਵਿੱਚ ਪਹਿਲਾ, ਪ੍ਰਨੀਤ ਕੌਰ, ਸੁਖਮਨਪ੍ਰੀਤ ਕੌਰ ਅਤੇ ਅਦਿੱਤਆਜੀਤ ਸਿੰਘ ਨੇ ਜੂਨੀਅਰ ਕੁਇੱਜ਼ ਵਿੱਚ ਪਹਿਲਾ, ਪ੍ਰਭਜੋਤ ਸਿੰਘ ਨੇ ਕਵਿਤਾ ਜੂਨੀਅਰ ਵਿਚ ਦੂਜਾ ਅਤੇ ਗੁਰਕਰਨ ਸਿੰਘ ਨੇ ਕਵਿਤਾ ਜੂਨੀਅਰ ਵਿਚ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਅਤੇ ਸਕੂਲ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ। ਸਕੂਲ ਦੀ ਮੈਨ

25-Dec-PAGE-4-23.qxd 12/24/2023 10:27 PM Page 1

ਨਵਾਂ ਜ਼ਮਾਨਾ
ਸੋਮਵਾਰ, 25 ਦਸੰਬਰ 2023

ਸਰਕਾਰ ਨੂੰ ਸਕਾਲਰ ਪਸੰਦ ਨਹੀਂ

ਕੇਂਦਰੀ ਯੂਨੀਵਰਸਿਟੀਆਂ ਵਿਚ ਰਿਸਰਚ ਸਕਾਲਰਾਂ ਲਈ ਨਾਨ-ਐੱਨ ਈ ਟੀ (ਨੈਸ਼ਨਲ ਐਲਿਜੀਬਿਲਟੀ ਟੈੱਸਟ) ਫੈਲੋਸ਼ਿਪ ਦੀ ਰਕਮ ਵਿਚ ਪਿਛਲੇ 11 ਸਾਲਾਂ 'ਚ ਕੋਈ ਵਾਧਾ ਨਹੀਂ ਹੋਇਆ। ਜਾਪਦਾ ਹੈ ਕਿ ਸਰਕਾਰ ਨੂੰ ਇਨ੍ਹਾਂ ਨੌਜਵਾਨਾਂ ਤੇ ਉਨ੍ਹਾਂ ਦੇ ਪਰਵਾਰਾਂ 'ਤੇ ਮਹਿੰਗਾਈ ਦਾ ਕੋਈ ਅਸਰ ਨਹੀਂ ਪੈਂਦਾ ਲਗਦਾ। ਪੀ ਐੱਚ ਡੀ ਵਿਦਿਆਰਥੀਆਂ ਨੂੰ ਨਾਨ-ਐੱਨ ਈ ਟੀ ਸਕੀਮ ਤਹਿਤ 11 ਸਾਲ ਪਹਿਲਾਂ 8 ਹਜ਼ਾਰ ਰੁਪਏ ਮਹੀਨਾ ਮਿਲਦੇ ਸਨ ਤੇ ਅੱਜ ਵੀ ਓਨੇ ਹੀ ਮਿਲਦੇ ਹਨ। ਐੱਮ ਫਿਲ ਵਾਲਿਆਂ ਨੂੰ 5 ਹਜ਼ਾਰ ਰੁਪਏ ਹੀ ਮਿਲ ਰਹੇ ਹਨ। ਖੁਰਾਕ, ਟਰਾਂਸਪੋਰਟ, ਮਕਾਨ ਕਿਰਾਏ ਤੇ ਹੋਰ ਵਸਤਾਂ ਦੀਆਂ ਕੀਮਤਾਂ ਉਦੋਂ ਤੋਂ ਦੁੱਗਣੀਆਂ ਹੋ ਚੁੱਕੀਆਂ ਹਨ। ਡੀ ਐੱਮ ਕੇ ਦੇ ਮੈਂਬਰ ਪ੍ਰਤਿਭਨ ਐੱਸ ਆਰ ਵੱਲੋਂ ਫੈਲੋਸ਼ਿਪ ਦੀ ਰਕਮ ਵਧਾਉਣ ਬਾਰੇ ਲਿਖਤੀ ਸਵਾਲ ਦੇ ਜਵਾਬ 'ਚ ਸਿੱਖਿਆ ਰਾਜ ਮੰਤਰੀ ਸੁਭਾਸ਼ ਸਰਕਾਰ ਨੇ 18 ਦਸੰਬਰ ਨੂੰ ਲੋਕ ਸਭਾ ਨੂੰ ਫੈਲੋਸ਼ਿਪ ਵਧਾਉਣ ਬਾਰੇ ਤਾਂ ਕੁਝ ਨਹੀਂ ਕਿਹਾ, ਸਕੀਮ ਦੀਆਂ ਵਿਸ਼ੇਸਤਾਈਆਂ ਬਾਰੇ ਗੱਲਾਂ ਕਹਿ ਦਿੱਤੀਆਂ। ਮੰਤਰੀ ਨੇ ਕਿਹਾ ਕਿ ਯੂਨੀਵਰਸਿਟੀ ਗਰਾਂਟਸ ਕਮਿਸ਼ਨ (ਯੂ ਜੀ ਸੀ) ਨੇ 31 ਮਾਰਚ 2023 ਤੱਕ ਯੂ ਜੀ ਸੀ ਦੇ ਫੰਡ ਨਾਲ ਚਲਦੀਆਂ ਕੇਂਦਰੀ ਯੂਨੀਵਰਸਿਟੀਆਂ ਦੇ 16270 ਐੱਮ ਫਿਲ ਤੇ ਪੀ ਐੱਚ ਡੀ ਵਿਦਿਆਰਥੀਆਂ ਨੂੰ ਨਾਨ-ਐੱਨ ਟੀ ਟੀ ਫੈਲੋਸ਼ਿਪ ਜਾਰੀ ਕੀਤੀ। ਫੈਲੋਸ਼ਿਪ ਦੀ ਰਕਮ ਵਧਾਉਣ ਬਾਰੇ ਮੰਤਰੀ ਨੇ ਕੁਝ ਨਹੀਂ ਕਿਹਾ। ਬਨਾਰਸ ਹਿੰਦੂ ਯੂਨੀਵਰਸਿਟੀ ਦੇ 100 ਤੋਂ ਵੱਧ ਵਿਦਿਆਰਥੀਆਂ ਨੇ ਪੀ ਐੱਚ ਡੀ ਵਿਦਿਆਰਥੀਆਂ ਲਈ ਫੈਲੋਸ਼ਿਪ ਦੀ ਰਕਮ ਘੱਟੋ-ਘੱਟ 25 ਹਜ਼ਾਰ ਰੁਪਏ ਕਰਾਉਣ ਦੀ ਮੰਗ ਨੂੰ ਲੈ ਕੇ ਅਕਤੂਬਰ-ਨਵੰਬਰ ਵਿਚ ਮਹੀਨਾ-ਭਰ ਪ੍ਰੋਟੈੱਸਟ ਕੀਤਾ। ਰਿਸਰਚ ਕਰਨ ਦੇ ਚਾਹਵਾਨ ਵਿਦਿਆਰਥੀ ਜੂਨੀਅਰ ਰਿਸਰਚ ਫੈਲੋਸ਼ਿਪ (ਜੇ ਆਰ ਐੱਫ) ਲਈ ਕੋਸ਼ਿਸ਼ ਕਰਦੇ ਹਨ, ਜਿਹੜੀ ਐੱਨ ਈ ਟੀ ਵਿਚ ਉੱਚੇ ਨੰਬਰ ਲੈਣ ਵਾਲਿਆਂ ਨੂੰ ਮਿਲਦੀ ਹੈ। ਜਿਹੜੇ ਜੇ ਆਰ ਐੱਫ ਹਾਸਲ ਨਹੀਂ ਕਰ ਪਾਉਂਦੇ, ਉਹ ਹੋਰਨਾਂ ਫੈਲੋਸ਼ਿਪਾਂ ਲਈ ਕੋਸ਼ਿਸ਼ ਕਰਦੇ ਹਨ, ਜਿਵੇਂ ਕਿ ਅਨੁਸੂਚਿਤ ਜਾਤਾਂ ਤੇ ਜਨਜਾਤਾਂ ਦੇ ਵਿਦਿਆਰਥੀਆਂ ਨੂੰ ਨਾਨ-ਐੱਨ ਈ ਟੀ ਫੈਲੋਸ਼ਿਪ ਦਿੱਤੀ ਜਾਂਦੀ ਹੈ।

ਬਨਾਰਸ ਹਿੰਦੂ ਯੂਨੀਵਰਸਿਟੀ ਦੇ ਵਿਦਿਆਰਥੀਆਂ ਦਾ ਕਹਿਣਾ ਹੈ ਕਿ ਕੈਂਪਸ ਦੇ ਬਾਹਰ ਕਿਰਾਏ 'ਤੇ ਮਕਾਨ 5 ਹਜ਼ਾਰ ਰੁਪਏ ਦਾ ਮਿਲਦਾ ਹੈ। ਤਿੰਨ ਹਜ਼ਾਰ ਰੁਪਏ ਮਹੀਨੇ ਦੇ ਖਾਣੇ 'ਤੇ ਖਰਚ ਹੁੰਦੇ ਹਨ। ਯੂਨੀਵਰਸਿਟੀ ਤੱਕ ਬੱਸ ਤੇ ਆਟੋ ਕਿਰਾਇਆ ਲੱਗਦਾ ਹੈ। ਕਿਤਾਬਾਂ ਖਰੀਦਣ, ਫੋਟੋ ਕਾਪੀਆਂ ਕਰਾਉਣ ਤੇ ਮੋਬਾਇਲ ਦਾ ਬਿੱਲ ਵੱਖਰਾ ਹੁੰਦਾ ਹੈ। 1999 ਵਿਚ ਮਾਸਕ ਜੇ ਆਰ ਐੱਫ ਫੈਲੋਸ਼ਿਪ 6 ਹਜ਼ਾਰ ਰੁਪਏ ਸੀ, ਜਿਹੜੀ 2006 ਵਿਚ ਪਹਿਲੇ ਦੋ ਸਾਲਾਂ ਲਈ 8 ਹਜ਼ਾਰ ਰੁਪਏ ਕੀਤੀ ਗਈ। ਨਾਨ-ਐੱਨ ਈ ਟੀ ਫੈਲੋਸ਼ਿਪ 2007 ਵਿਚ ਸ਼ੁਰੂ ਹੋਈ ਸੀ ਤੇ ਉਦੋਂ ਪੀ ਐੱਚ ਡੀ ਸਕਾਲਰ ਨੂੰ 5 ਹਜ਼ਾਰ ਰੁਪਏ ਮਿਲਦੇ ਸਨ, ਜਿਹੜੇ ਕਿ 2012 ਵਿਚ 8 ਹਜ਼ਾਰ ਰੁਪਏ ਹੋਏ, ਪਰ ਉਸ ਤੋਂ ਬਾਅਦ ਕੋਈ ਵਾਧਾ ਨਹੀਂ ਹੋਇਆ। ਮੋਦੀ ਸਰਕਾਰ ਵਿਸ਼ਵ ਗੁਰੂ ਤਾਂ ਬਣਨਾ ਚਾਹੁੰਦੀ ਹੈ, ਪਰ ਇਹ ਨਹੀਂ ਚਾਹੁੰਦੀ ਕਿ ਦੇਸ਼ ਦੇ ਬੱਚੇ ਚੰਗੀ ਪੜ੍ਹਾਈ ਕਰਕੇ ਚੇਤੰਨ ਬਣਨ। ਦਰਅਸਲ ਮੋਦੀ ਸਰਕਾਰ ਇਸ ਸਕੀਮ ਦਾ 2015 ਵਿਚ ਭੋਗ ਪਾਉਣਾ ਚਾਹੁੰਦੀ ਸੀ, ਪਰ ਵਿਆਪਕ ਰੋਹ ਕਾਰਨ ਪਾ ਨਹੀਂ ਸਕੀ। ਉਸ ਦੀ ਕੋਸ਼ਿਸ਼ ਅਜੇ ਵੀ ਇਸ ਨੂੰ ਬੰਦ ਕਰਨ ਦੀ ਹੈ। ਇਸੇ ਕਰਕੇ ਉਹ ਫੈਲੋਸ਼ਿਪ ਲਈ ਜ਼ਿਆਦਾ ਫੰਡ ਨਹੀਂ ਦੇ ਰਹੀ, ਤਾਂ ਜੋ ਵਿਦਿਆਰਥੀ ਖੁਦ ਹੀ ਇਸ ਪਾਸੇ ਆਉਣਾ ਬੰਦ ਕਰ ਦੇਣ।

ਯਸੂ ਇਸ ਵਾਰੀ ਜਨਮ ਨਹੀਂ ਲੈਣਗੇ !

ਪੇਸ਼: ਨਰਭਿੰਦਰ

ਕ੍ਰਿਸਮਸ ਦੀ ਕਹਾਣੀ ਦੇ ਅਨੁਸਾਰ ਮਰੀਅਮ ਦਾ ਪਿੰਡ ਨਾਜਰੇਥ ਅੱਜ ਦੇ ਉੱਤਰੀ ਫਲਸਤੀਨ ਵਿੱਚ ਸੀ। ਅੱਜ ਦੇ ਇਜ਼ਰਾਈਲੀ ਹਾਕਮਾਂ ਦੇ ਵਾਂਗੂੰ ਉਸ ਸਮੇਂ ਵੀ ਰੋਮਨ ਹਾਕਮਾਂ ਨੇ ਮਰੀਅਮ ਸਮੇਤ ਉਹਦੇ ਪਿੰਡ ਵਾਲਿਆਂ ਨੂੰ ਉੱਤਰੀ ਗਾਜ਼ਾ ਛੱਡ ਕੇ ਬੈਥਲਹਮ (ਅੱਜ ਜਿਸ ਨੂੰ ਵੈੱਸਟ ਬੈਂਕ ਕਿਹਾ ਜਾਂਦਾ ਹੈ) ਵਿੱਚ ਜਾਣ ਦਾ ਹੁਕਮ ਸੁਣਾਇਆ ਸੀ। ਪਿੰਡ ਵਾਲਿਆਂ ਨਾਲ ਗਰਭਵਤੀ ਮਰੀਅਮ ਵੀ ਅੱਜ ਦੇ ਉੱਤਰੀ ਗਾਜ਼ਾ ਦੀਆਂ 50 ਹਜ਼ਾਰ ਗਰਭਵਤੀ ਔਰਤਾਂ ਦੇ ਵਾਂਗੂੰ ਹੀ ਬੈਥਲਹਮ ਜਾਣ ਲਈ ਮਜਬੂਰ ਹੋਈ ਸੀ।

ਅਤੇ ਆਖਿਰ ਬੈਥਲਹਮ (ਵੈੱਸਟ ਬੈਂਕ) ਵਿੱਚ ਇਸ ਰਫਿਊਜੀ ਦੇ ਵਾਂਗੂੰ ਯਸੂ ਦਾ ਜਨਮ ਹੋਇਆ।

ਅੱਜ ਇਹ ਮਿੱਥ ਯਥਾਰਥ ਬਣ ਚੁੱਕੀ ਹੈ।

ਬੈਥਲਹਮ ਵਿੱਚ ਇਸ ਵਾਰੀ ਯਸੂ ਦਾ ਜਨਮ ਦਿਨ ਨਹੀਂ ਮਨਾਇਆ ਜਾਵੇਗਾ। ਇਹ ਫੈਸਲਾ ਉਥੋਂ ਦੀ ਕ੍ਰਿਸਚੀਅਨ ਸੋਸਾਇਟੀ ਨੇ ਗਾਜ਼ਾ ਉੱਤੇ ਇਜ਼ਰਾਈਲੀਆਂ ਵੱਲੋਂ ਕੀਤੇ ਗਏ ਕਰੂਰ ਹਮਲੇ ਦੇ ਵਿਰੋਧ ਵਿੱਚ ਕੀਤਾ ਹੈ। ਇਸ ਵਾਰੀ ਸਾਂਤਾ ਖਿਡੌਣੇ ਲੈ ਕੇ ਨਹੀਂ ਆਵੇਗਾ।

'ਸਾਂਤਾ' ਇਜ਼ਰਾਈਲੀ ਹਮਲੇ ਵਿੱਚ ਮਾਰਿਆ ਜਾ ਚੁੱਕਾ ਹੈ ਖਿਡੌਣੇ ਮਲਬੇ ਵਿੱਚ ਦੱਬੇ ਪਏ ਹਨ ਅਤੇ ਬੱਚੇ ਯਸੂ ਦੇ ਕੋਲ ਜਾ ਚੁੱਕੇ ਹਨ।

ਪਰ ਨਿਸਚਿਤ ਰੂਪ ਵਿੱਚ ਇੱਕ ਵਾਰ ਫੇਰ ਜਨਮ ਲੈਣ ਲਈ, ਆਪਣੇ ਖਿਡੌਣਿਆਂ ਨੂੰ ਮਲਬੇ ਵਿੱਚੋਂ ਕੱਢਣ ਲਈ, ਪੂਰੀ ਦੁਨੀਆ ਦੀ ਖੁਸ਼ਹਾਲੀ ਲਈ, 'ਸਾਂਤਾ' ਨੂੰ ਇੱਕ ਵਾਰ ਫੇਰ ਜ਼ਿੰਦਾ ਕਰਨ ਲਈ ਇੱਕ ਨਵੇਂ ਵਿਗਿਆਨਕ ਤੇ ਮਾਨਵਤਾਵਾਦੀ 'ਯਸੂ' ਦਾ ਇੰਤਜ਼ਾਰ ਹੈ।

ਫਲਸਤੀਨੀ ਬੱਚਿਆਂ ਦੇ ਮ੍ਰਿਤਕ ਸਰੀਰ ਇੰਤਜ਼ਾਰ ਵਿੱਚ ਹਨ।

ਸੰਪਰਕ : 93544-30211

ਦਵਾਈਆਂ ਬਾਰੇ ਬੇਬੁਨਿਆਦ ਦਾਅਵੇ ਸਿਹਤ ਲਈ ਗੰਭੀਰ ਖਤਰਾ

ਡਾ. ਅਰੁਣ ਮਿੱਤਰਾ

ਪਤੰਜਲੀ ਨਾ ਸਿਰਫ ਆਪਣੇ ਉਤਪਾਦਾਂ ਦੀ ਮਸ਼ਹੂਰੀ ਅਤੇ ਮੀਡੀਆ ਵਿੱਚ ਗੁੰਮਰਾਹਕੁਨ ਦਾਅਵਿਆਂ ਲਈ, ਸਗੋਂ ਆਧੁਨਿਕ ਵਿਗਿਆਨਕ ਦਵਾਈਆਂ ਦੀ ਆਲੋਚਨਾ ਕਰਨ ਲਈ ਵੀ ਸੁਰਖੀਆਂ ਵਿੱਚ ਰਹੀ ਹੈ। ਇਹ ਇਸ ਹੱਦ ਤੱਕ ਵਧ ਗਿਆ ਕਿ ਮਾਣਯੋਗ ਸੁਪਰੀਮ ਕੋਰਟ ਨੂੰ 21 ਨਵੰਬਰ 2023 ਨੂੰ ਪਤੰਜਲੀ ਨੂੰ ਆਧੁਨਿਕ ਦਵਾਈ ਪ੍ਰਣਾਲੀ ਦੇ ਵਿਰੁੱਧ ਗੁੰਮਰਾਹਕੁੰਨ ਦਾਅਵਿਆਂ ਅਤੇ ਇਸ਼ਤਿਹਾਰਾਂ ਨੂੰ ਪ੍ਰਕਾਸ਼ਤ ਕਰਨ ਲਈ ਫਟਕਾਰ ਲਗਾਉਣੀ ਪਈ। ਇੰਡੀਅਨ ਮੈਡੀਕਲ ਐਸੋਸੀਏਸਨ (ਆਈ ਐੱਮ ਏ) ਦੁਆਰਾ ਪਤੰਜਲੀ ਦੇ ਵਿਰੋਧ ਨੂੰ ਚੁਣੌਤੀ ਦੇਣ ਲਈ ਇੱਕ ਪਟੀਸ਼ਨ ਦਾਇਰ ਕੀਤੀ ਗਈ ਸੀ। ਮਾਣਯੋਗ ਸੁਪਰੀਮ ਕੋਰਟ ਨੇ ਪਤੰਜਲੀ ਨੂੰ ਗੁੰਮਰਾਹਕੁੰਨ ਇਸ਼ਤਿਹਾਰਾਂ ਨੂੰ ਰੋਕਣ ਲਈ ਚੇਤਾਵਨੀ ਦਿੱਤੀ ਕਿ ਝੂਠੇ ਇਲਾਜ ਦਾ ਦਾਅਵਾ ਕਰਨ ਵਾਲੇ ਹਰੇਕ ਉਤਪਾਦ 'ਤੇ 1 ਕਰੋੜ ਰੁਪਏ ਦੀ ਲਾਗਤ ਅਦਾ ਕਰਨੀ ਪਵੇਗੀ।

ਗੁੰਮਰਾਹਕੁੰਨ ਦਾਅਵੇ ਪਤੰਜਲੀ ਦਾ ਨਿਯਮ ਬਣ ਗਿਆ ਹੈ। ਕੋਵਿਡ-19 ਦੇ ਸਿਖਰ ਦੇ ਦੌਰਾਨ ਕੋਵਿਡ-19 ਦੇ ਇਲਾਜ ਲਈ ਪਤੰਜਲੀ ਵੱਲੋਂ 'ਕੋਰੋਨਿਲ' ਨਾਮਕ ਗੈਰ-ਪ੍ਰਮਾਣਿਤ ਦਵਾਈ ਦੇ ਦਾਅਵੇ ਕੀਤੇ ਗਏ ਸੀ। ਹੈਰਾਨੀ ਦੀ ਗੱਲ ਹੈ ਕਿ ਤਤਕਾਲੀ ਕੇਂਦਰੀ ਸਿਹਤ ਮੰਤਰੀ ਡਾ: ਹਰਸ਼ਵਰਧਨ, ਜੋ ਕਿ ਆਧੁਨਿਕ ਚਿਕਿਤਸਾ ਪ੍ਰਣਾਲੀ ਵਿੱਚ ਸਿਖਲਾਈ ਪ੍ਰਾਪਤ ਨੱਕ, ਕੰਨ, ਗਲਾ ਸਰਜਨ ਹਨ, ਨੇ ਉਸ ਉਤਪਾਦ ਦਾ ਪ੍ਰਚਾਰ ਕੀਤਾ, ਜਿਸ ਦੀ ਉਪਯੋਗਤਾ ਨੂੰ ਸਾਬਤ ਕਰਨ ਲਈ ਕੋਈ ਵਿਗਿਆਨਕ ਸਬੂਤ ਨਹੀਂ ਸੀ, ਪਰ ਇਸ ਨਾਲ ਬਾਬਾ ਰਾਮਦੇਵ ਨੂੰ ਬੇਬੁਨਿਆਦ ਦਾਅਵੇ ਕਰਨ ਦੀ ਤਾਕਤ ਮਿਲੀ।

ਇਹ ਇੱਕ ਗੰਭੀਰ ਮਾਮਲਾ ਹੈ, ਕਿਉਂਕਿ ਦਵਾਈਆਂ ਦੀ ਵਰਤੋਂ ਬਿਮਾਰੀ ਤੋਂ ਛੁਟਕਾਰਾ ਪਾਉਣ ਲਈ ਕੀਤੀ ਜਾਂਦੀ ਹੈ। ਅਸੀਂ ਮਨੁੱਖੀ ਸਰੀਰ ਨੂੰ ਕਿਸੇ ਵੀ ਗੈਰ-ਪ੍ਰਮਾਣਿਤ ਤੇ ਗੈਰ-ਸਬੂਤ ਅਧਾਰਤ ਪਦਾਰਥ ਦਾ ਸ਼ਿਕਾਰ ਨਹੀਂ ਹੋਣ ਦੇ ਸਕਦੇ। ਇਸ ਲਈ ਕਿਸੇ ਵੀ ਕਿਸਮ ਦੀ ਅਤੇ ਕਿਸੇ ਵੀ ਦਵਾਈ ਪ੍ਰਣਾਲੀ ਦੀਆਂ ਦਵਾਈਆਂ ਉੱਤੇ ਉਚਿੱਤ ਨਿਯਮ ਹੋਣੇ ਚਾਹੀਦੇ ਹਨ।

ਆਧੁਨਿਕ ਵਿਗਿਆਨਕ ਦਵਾਈ (ਐਲੋਪੈਥੀ) ਤੋਂ ਇਲਾਵਾ ਸਾਡੇ ਦੇਸ਼ ਵਿੱਚ ਇੱਕੋ ਸਮੇਂ ਅਭਿਆਸ ਕੀਤੀਆਂ ਜਾ ਰਹੀਆਂ ਇਲਾਜ ਦੀਆਂ ਕਈ ਹੋਰ ਪ੍ਰਣਾਲੀਆਂ ਹਨ ਆਯੁਰਵੇਦ, ਹੋਮੀਓਪੈਥੀ, ਯੂਨਾਨੀ, ਸਿੱਧ, ਯੋਗ, ਨੈਚਰੋਪੈਥੀ, ਐਕੂਪੰਕਚਰ, ਐਕਯੂਪ੍ਰੈਸ਼ਰ, ਮੈਗਨੇਟੋਥੈਰੇਪੀ, ਕੁਝ ਪ੍ਰਾਚੀਨ ਵਿਸ਼ਵਾਸ ਪ੍ਰਣਾਲੀਆਂ ਜਿਵੇਂ ਝਾੜਾ, ਡੈਣ ਦਾ ਸ਼ਿਕਾਰ, ਤੰਤਰ-ਮੰਤਰ, ਭਜਨ ਪਾਠ, ਗਊ ਮੂਤਰ ਦੀ ਵਰਤੋਂ, ਗੋਬਰ ਅਤੇ ਇਲਾਜ ਲਈ ਅਲੌਕਿਕ ਕੁਦਰਤੀ ਸ਼ਕਤੀਆਂ ਨੂੰ ਖੁਸ਼ ਕਰਨ ਅਤੇ ਅਸੀਸ ਲੈਣ ਲਈ ਪ੍ਰਾਰਥਨਾਵਾਂ। ਇਸ ਵਿੱਚ ਸ਼ਾਮਲ ਗੁੰਝਲਾਂ ਜੋ ਵੀ ਹੋਣ, ਇਹਨਾਂ ਸਾਰੀਆਂ ਪ੍ਰਣਾਲੀਆਂ ਨੂੰ ਨਿਯੰਤ੍ਰਿਤ ਕਰਨਾ ਅਤੇ ਲੋਕਾਂ ਦੀ ਸਿਹਤ ਨੂੰ ਸੁਰੱਖਿਅਤ ਅਤੇ ਵਧੀਆ ਬਣਾਉਣਾ ਜ਼ਰੂਰੀ ਹੈ।

ਹਾਲਾਂਕਿ ਆਧੁਨਿਕ ਚਿਕਿਤਸਾ ਪ੍ਰਣਾਲੀ ਵਿੱਚ ਇੱਕ ਬਿਹਤਰ ਰੈਗੂਲੇਟਰੀ ਪਰਬੰਧ ਹੈ, ਹੋਰ ਪ੍ਰਣਾਲੀਆਂ ਨੂੰ ਨਿਯਮ ਵਿਕਸਤ ਕਰਨ ਦੀ ਲੋੜ ਹੈ, ਜੋ ਮੌਜੂਦਾ ਨਾਲੋਂ ਵਧੇਰੇ ਪ੍ਰਭਾਵਸ਼ਾਲੀ ਹੋਣ। ਆਧੁਨਿਕ ਦਵਾਈਆਂ ਵਿੱਚ ਮਾਰਕੀਟਿੰਗ ਅਭਿਆਸਾਂ ਨੂੰ ਨਿਯਮਤ ਕਰਨ ਲਈ ਫਾਰਮਾਸਿਊਟੀਕਲ ਮਾਰਕੀਟਿੰਗ ਅਭਿਆਸਾਂ ਦਾ ਇੱਕ ਯੂਨੀਫਾਰਮ ਕੋਡ 2012 ਵਿੱਚ ਭਾਰਤ ਸਰਕਾਰ ਦੇ ਰਸਾਇਣਕ ਅਤੇ ਖਾਦ ਮੰਤਰਾਲੇ ਦੇ ਫਾਰਮਾਸਿਊਟੀਕਲ ਵਿਭਾਗ ਦੁਆਰਾ ਵੱਖ-ਵੱਖ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਕਰਕੇ ਡਰਾਫਟ ਤਿਆਰ ਕੀਤਾ ਗਿਆ ਸੀ।

ਇਸ ਵਿੱਚ ਦਵਾਈਆਂ ਦੇ ਪ੍ਰਚਾਰ ਲਈ ਕੁਝ ਨਿਯਮ ਬਣਾਏ ਹਨ। ਇਹ ਸਮਰੱਥ ਅਥਾਰਟੀ ਦੁਆਰਾ ਮਾਰਕੀਟਿੰਗ ਪ੍ਰਵਾਨਗੀ ਦੀ ਪ੍ਰਾਪਤੀ ਤੋਂ ਪਹਿਲਾਂ ਪ੍ਰੋਮੋਸ਼ਨ 'ਤੇ ਪਾਬੰਦੀ ਲਗਾਉਂਦੇ ਹਨ ਅਤੇ ਇਸ ਮੁਤਾਬਕ ਦਵਾਈਆਂ ਬਾਰੇ ਜਾਣਕਾਰੀ ਅੱਪ-ਟੂ-ਡੇਟ, ਪ੍ਰਮਾਣਿਤ ਅਤੇ ਮੌਜੂਦਾ ਗਿਆਨ ਜਾਂ ਜ਼ਿੰਮੇਵਾਰ ਰਾਏ ਨੂੰ ਸਹੀ ਰੂਪ ਵਿੱਚ ਦਰਸਾਉਂਦੀ ਹੋਣੀ ਚਾਹੀਦੀ ਹੈ, ਕਿਸੇ ਦਵਾਈ ਦੀ ਉਪਯੋਗਤਾ ਲਈ ਦਾਅਵੇ ਸਾਰੇ ਸਬੂਤਾਂ ਦੇ ਇੱਕ ਨਵੀਨਤਮ ਮੁਲਾਂਕਣ 'ਤੇ ਅਧਾਰਤ ਹੋਣੇ ਚਾਹੀਦੇ ਹਨ ਅਤੇ ਸੁਰੱਖਿਆ ਨੂੰ ਯੋਗਤਾ ਤੋਂ ਬਿਨਾਂ ਨਹੀਂ ਵਰਤਿਆ ਜਾਣਾ ਚਾਹੀਦਾ।

ਇਹ ਕਿਹਾ ਗਿਆ ਸੀ ਕਿ ਇਹ ਮੌਜੂਦਾ ਸਮੇਂ ਲਈ ਭਾਰਤੀ ਫਾਰਮਾਸਿਊਟੀਕਲ ਉਦਯੋਗ ਲਈ ਮਾਰਕੀਟਿੰਗ ਅਭਿਆਸਾਂ ਦਾ ਇੱਕ ਸਵੈ-ਇੱਛਤ ਕੋਡ ਹੈ ਅਤੇ ਇਸ ਦੇ ਲਾਗੂ ਹੋਣ ਦੀ ਮਿਤੀ ਤੋਂ ਛੇ ਮਹੀਨਿਆਂ ਦੀ ਮਿਆਦ ਦੇ ਬਾਅਦ ਇਸ ਦੀ ਸਮੀਖਿਆ ਕੀਤੀ ਜਾਵੇਗੀ। ਜੇਕਰ ਇਹ ਪਾਇਆ ਜਾਂਦਾ ਹੈ ਕਿ ਫਾਰਮਾ ਐਸੋਸੀਏਸ਼ਨਾਂ/ਕੰਪਨੀਆਂ ਦੁਆਰਾ ਇਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਨਹੀਂ ਕੀਤਾ ਗਿਆ ਹੈ, ਤਾਂ ਸਰਕਾਰ ਇਸ ਨੂੰ ਇੱਕ ਲਾਜਮੀ ਕੋਡ ਬਣਾਉਣ ਬਾਰੇ ਵਿਚਾਰ ਕਰ ਸਕਦੀ ਹੈ। ਬਦਕਿਸਮਤੀ ਨਾਲ ਭਾਵੇਂ ਦਸੰਬਰ 2014 ਵਿੱਚ ਇਸ ਦੀ ਸਮੀਖਿਆ ਕਰਨ ਅਤੇ ਛੇ ਮਹੀਨਿਆਂ ਬਾਅਦ ਇਸ ਨੂੰ ਵਿਧਾਨਕ ਕੋਡ ਬਣਾਉਣ ਦੇ ਵਾਅਦੇ ਨਾਲ ਪ੍ਰਭਾਵੀ ਬਣਾਇਆ ਗਿਆ ਸੀ, ਪਰ ਕੁਝ ਵੀ ਅੱਗੇ ਵਧਿਆ ਨਹੀਂ ਜਾਪਦਾ।

ਦੇਸ਼ ਵਿੱਚ ਚੱਲ ਰਹੀ ਸਿਹਤ ਸੰਭਾਲ ਦੀ ਕਿਸੇ ਵੀ ਪ੍ਰਣਾਲੀ ਲਈ ਇੱਕ ਸਮਾਨ ਕੋਡ ਲਾਜ਼ਮੀ ਬਣਾਇਆ ਜਾਣਾ ਚਾਹੀਦਾ ਹੈ ਅਤੇ ਇਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਣਾ ਚਾਹੀਦਾ ਹੈ।

ਕੇਂਦਰ ਸਰਕਾਰ ਨੇ 24 ਦਸੰਬਰ, 2018 ਨੂੰ ਆਯੁਰਵੈਦਿਕ, ਸਿੱਧ ਅਤੇ ਯੂਨਾਨੀ ਦਵਾਈਆਂ ਦੇ ਅਣਉਚਿਤ ਇਸ਼ਤਿਹਾਰਾਂ ਨੂੰ ਨਿਯੰਤਰਿਤ ਕਰਨ ਲਈ ਨਿਯਮ 170 ਪਾਉਣ ਲਈ 24 ਦਸੰਬਰ, 2018 ਨੂੰ ਡਰੱਗਜ਼ ਅਤੇ ਕਾਸਮੈਟਿਕਸ ਨਿਯਮ 1945 ਵਿੱਚ ਸੋਧ ਨੂੰ ਅਧਿਸੂਚਿਤ ਕੀਤਾ। ਇਹ ਇਸ ਲਈ ਜ਼ਰੂਰੀ ਹੋ ਗਿਆ, ਕਿਉਂਕਿ 2017-18 ਵਿੱਚ ਆਯੂਸ਼ ਦੇ ਗੁੰਮਰਾਹਕੁੰਨ ਇਸ਼ਤਿਹਾਰਾਂ ਦੇ 732 ਮਾਮਲੇ ਅਤੇ 2018-19 ਵਿੱਚ 497 ਮਾਮਲੇ ਸਾਹਮਣੇ ਆਏ ਸਨ।

ਆਯੁਰਵੈਦਿਕ ਦਵਾਈਆਂ ਦੇ ਨਿਰਮਾਤਾਵਾਂ ਦੀ ਐਸੋਸੀਏਸ਼ਨ ਵੱਲੋਂ ਅਪ੍ਰੈਲ 2023 ਵਿੱਚ ਨਿਯਮ 170 ਨੂੰ ਰੱਦ ਕਰਨ ਦੀ ਮੰਗ ਕਰਨ 'ਤੇ ਨਿਯਮ 170 ਨੂੰ ਵਾਪਸ ਲੈ ਲਿਆ ਗਿਆ। ਇਸ ਨੂੰ ਵੱਖ-ਵੱਖ ਸਿਹਤ ਮਾਹਰਾਂ ਦੁਆਰਾ ਚੁਣੌਤੀ ਦਿੱਤੀ ਗਈ ਹੈ ਅਤੇ ਕਿਹਾ ਗਿਆ ਹੈ ਕਿ ਇਸ ਮੱਦ ਨੂੰ ਰੱਦ ਕਰਨ ਨਾਲ ਲੋਕਾਂ ਦੀ ਸਿਹਤ 'ਤੇ ਮਾੜਾ ਅਸਰ ਪਵੇਗਾ ਅਤੇ ਨਿਰਮਾਤਾਵਾਂ ਨੂੰ ਮਾਰਕੀਟ ਵਿੱਚ ਬੇਰੋਕਟੋਕ ਪ੍ਰਚਾਰ ਕਰਨ ਦੀ ਖੁੱਲ੍ਹ ਹੋ ਜਾਵੇਗੀ।

ਹੁਣ ਸਮਾਂ ਆ ਗਿਆ ਹੈ ਕਿ ਇਸ ਦੀ ਸਮੀਖਿਆ ਕੀਤੀ ਜਾਵੇ ਅਤੇ ਇਸ ਨੂੰ ਕਾਨੂੰਨੀ ਬਣਾਇਆ ਜਾਵੇ। ਗੁੰਮਰਾਹਕੁੰਨ ਅਤੇ ਝੂਠੇ ਦਾਅਵਿਆਂ ਦੇ ਹੱਥੋਂ ਲੋਕਾਂ ਦੀ ਸਿਹਤ ਦਾ ਨੁਕਸਾਨ ਹੋਣ ਲਈ ਨਹੀਂ ਛੱਡਿਆ ਜਾ ਸਕਦਾ। ਸਿਹਤ ਸੰਭਾਲ ਵਿੱਚ ਪ੍ਰਚੱਲਤ ਸਾਰੀਆਂ ਪ੍ਰਣਾਲੀਆਂ ਲਈ ਪ੍ਰਭਾਵੀ ਨਿਯਮਾਂ ਨੂੰ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

ਸੰਪਰਕ : 94170-00360

ਚਾਈਨਾ ਡੋਰ ਬੱਚਿਆਂ ਦੇ ਹੱਥ ਕਿੱਥੋਂ ਆਉਂਦੀ ਹੈ ?

ਮੇਜਰ ਸਿੰਘ ਨਾਭਾ

ਪਤੰਗ ਉਡਾਉਂਦੇ ਸਮੇਂ ਰੋਜ਼ਾਨਾ ਅਨੇਕਾਂ ਵਾਪਰ ਰਹੀਆਂ ਖਤਰਨਾਕ ਘਟਨਾਵਾਂ ਦੀਆਂ ਖਬਰਾਂ ਅਖਬਾਰਾਂ ਦੀਆਂ ਸੁਰਖੀਆਂ ਬਣੀਆਂ ਹੁ

25-DEC-PAGE-5.qxd 12/24/2023 10:05 PM Page 1

ਕਾਂਗਰਸ ਨੇ ਫੂਕਿਆ ਨਰਿੰਦਰ ਮੋਦੀ ਤੇ ਕੇਂਦਰ ਸਰਕਾਰ ਦਾ ਪੁਤਲਾ

ਮੋਗਾ (ਅਮਰਜੀਤ ਬੱਬਰੀ)

ਲੋਕ ਸਭਾ 'ਚੋਂ ਕੱਢੇ ਗਏ 142 ਸੰਸਦ ਮੈਂਬਰਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਦਿਆਂ ਹਾਈ ਕਮਾਂਡ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਾਬਕਾ ਵਿਧਾਇਕ ਤੇ ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੱਗੇ ਰੋਸ ਪ੍ਰਦਰਸ਼ਨ ਕਰਨ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਨੇ ਕਿਹਾ ਕਿ ਜੇਕਰ 2024 ਦੀਆਂ ਚੋਣਾਂ 'ਚ ਭਾਜਪਾ ਦੁਬਾਰਾ ਜਿੱਤ ਜਾਂਦੀ ਹੈ ਤਾਂ ਦੇਸ਼ 'ਚ ਚੋਣਾਂ ਰੁਕ ਜਾਣਗੀਆਂ।ਕੇਂਦਰ ਸਰਕਾਰ ਇਸ ਦਿਸ਼ਾ ਵਿੱਚ ਕਦਮ ਚੁੱਕ ਰਹੀ ਹੈ ਤੇ ਲੋਕਤੰਤਰ ਖ਼ਿਲਾਫ਼ ਕਾਰਵਾਈਆਂ ਕਰ ਰਹੀ ਹੈ।ਉਨ੍ਹਾ ਕਿਹਾ ਕਿ ਇਹ ਲੋਕਤੰਤਰ ਦਾ ਕਤਲ ਹੈ, ਜਿਸ ਦੇਸ਼ ਵਿੱਚ ਲੋਕਤੰਤਰ ਦਾ ਕਤਲ ਹੁੰਦਾ ਹੈ, ਉਹ ਜ਼ਿਆਦਾ ਦੇਰ ਨਹੀਂ ਚੱਲ ਸਕਦਾ। ਉਨ੍ਹਾ ਕਿਹਾ ਕਿ ਧਰਮ ਨੂੰ ਕਦੇ ਵੀ ਸਿਆਸਤ ਵਿੱਚ ਸ਼ਾਮਲ ਨਹੀਂ ਕਰਨਾ ਚਾਹੀਦਾ।ਉਨ੍ਹਾ ਕਿਹਾ ਕਿ ਜਿੱਥੇ ਧਰਮ ਦੇ ਨਾਂ 'ਤੇ ਸਿਆਸਤ ਕੀਤੀ ਜਾਂਦੀ ਹੈ, ਉਹ ਦੇਸ਼ ਕਦੇ ਵੀ ਤਰੱਕੀ ਨਹੀਂ ਕਰ ਸਕਦਾ।

ਉਨ੍ਹਾ ਕਿਹਾ ਕਿ ਕੇਂਦਰ 'ਚ ਵਿਰੋਧੀ ਪਾਰਟੀ ਦੇ ਸੰਸਦ ਮੈਂਬਰ ਸਾਰੇ ਲੋਕਾਂ ਵੱਲੋਂ ਚੁਣੇ ਗਏ ਹਨ।ਇਸ ਲਈ ਉਨ੍ਹਾਂ ਦੀ ਆਵਾਜ਼ ਸੁਣੀ ਜਾਣੀ ਚਾਹੀਦੀ ਹੈ, ਨਾ ਕਿ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾਣੀ ਚਾਹੀਦੀ ਹੈ।ਉਨ੍ਹਾ ਕਿਹਾ ਕਿ ਪੰਜਾਬ ਵਿੱਚ ਇਸ ਸਮੇਂ ਗੈਂਗਸਟਰਵਾਦ, ਲੁੱਟ-ਖੋਹ ਤੇ ਚੋਰੀਆਂ ਸਿਖਰਾਂ 'ਤੇ ਪਹੁੰਚ ਚੁੱਕੀਆਂ ਹਨ। ਜੇਕਰ ਪੰਜਾਬ ਦੇ ਅਜਿਹੇ ਹਾਲਾਤ ਨਾ ਸੁਧਰੇ ਤਾਂ ਹਰ ਵਰਗ ਦੇ ਲੋਕਾਂ ਨੂੰ ਇਸ ਦਾ ਖ਼ਮਿਆਜ਼ਾ ਭੁਗਤਣਾ ਪਵੇਗਾ।ਇਸ ਲਈ ਸਰਕਾਰ ਨੂੰ ਜਲਦੀ ਹੀ ਯੋਗ ਕਦਮ ਚੁੱਕਣੇ ਚਾਹੀਦੇ ਹਨ।

'ਵਾਇਸ ਆਫ ਮਾਨਸਾ' ਵੱਲੋਂ ਰੇਲਵੇ ਪਲੇਟੀ ਹਟਾਉਣ ਲਈ ਲਾਮਬੰਦੀ ਕਰਨ ਦਾ ਫੈਸਲਾ

ਮਾਨਸਾ (ਆਤਮਾ ਸਿੰਘ ਪਮਾਰ)-ਮਾਨਸਾ ਸ਼ਹਿਰ ਦੀਆਂ ਸਮੱਸਿਆਵਾਂ ਦੇ ਹੱਲ ਤੇ ਸ਼ਹਿਰ ਦੇ ਵਿਕਾਸ ਲਈ ਸਮਾਜਸੇਵੀਆਂ ਵੱਲੋਂ ਬਣਾਈ ਸੰਸਥਾ ਵਾਇਸ ਆਫ ਮਾਨਸਾ ਨੇ ਸ਼ਹਿਰ ਦੇ ਵਿਚਕਾਰ ਪੈਂਦੀ ਰੇਲਵੇ ਦੀ ਪਲੇਟੀ ਨੂੰ ਸ਼ਹਿਰ ਤੋਂ ਬਾਹਰ ਬਣਵਾਉਣ ਲਈ ਲੋਕ ਲਾਮਬੰਦੀ ਕਰਨ ਦੀ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ, ਜਿਸ ਦੇ ਤਹਿਤ ਰੇਲਵੇ ਮੰਤਰੀ ਤੋਂ ਲੈ ਕੇ ਸਰਕਾਰ ਦੇ ਹਰ ਮਹਿਕਮੇ ਤੱਕ ਪਹੁੰਚ ਕੀਤੀ ਜਾਵੇਗੀ। ਸੰਸਥਾ ਦੀ ਸਾਲਾਨਾ ਮੀਟਿੰਗ ਪ੍ਰਧਾਨ ਡਾ. ਜਨਕ ਰਾਜ ਸਿੰਗਲਾ ਦੀ ਅਗਵਾਈ ਵਿੱਚ ਮਾਨਸਾ ਕਲੱਬ ਮਾਨਸਾ ਵਿਖੇ ਹੋਈ, ਜਿਸ ਵਿੱਚ ਸਾਲ ਦਾ ਵਿੱਤੀ ਲੇਖਾ ਜੋਖਾ ਕੈਸ਼ੀਅਰ ਨਰੇਸ਼ ਬਿਰਲਾ ਨੇ ਪੇਸ਼ ਕੀਤਾ। ਮੀਟਿੰਗ ਵਿੱਚ ਸਰਦੀਆਂ 'ਚ ਕੰਬਲ ਵੰਡਣ ਤੇ ਲੋੜਵੰਦਾਂ ਦੇ ਘਰ ਬਣਵਾਉਣ ਤੇ ਰਾਸ਼ਨ ਮੁਹੱਈਆ ਕਰਵਾਉਣ ਬਾਰੇ ਵਿਸਥਾਰ 'ਚ ਦੱਸਿਆ ਗਿਆ। ਮੀਡੀਆ ਇੰਚਾਰਜ ਡਾ. ਲਖਵਿੰਦਰ ਮੂਸਾ ਨੇ ਐੱਨ ਓ ਸੀ, ਸੀਵਰੇਜ, ਟ੍ਰੈਫਿਕ, ਨਸ਼ੇ ਦੇ ਪਸਾਰ ਨੂੰ ਰੋਕਣ ਲਈ ਮੈਂਬਰਾਂ ਦੀ ਵਿਚਾਰ ਚਰਚਾ ਸ਼ੁਰੂ ਕਰਵਾਈ। ਸ਼ੁਰੂਆਤ ਵਿੱਚ ਟਰਾਂਸਪੋਰਟਰ ਜਤਿੰਦਰ ਆਗਰਾ ਨੇ ਸ਼ਹਿਰ ਦੀਆਂ ਸਾਰੀਆਂ ਸਮੱਸਿਆਵਾਂ ਲਈ ਸ਼ਹਿਰ ਵਿੱਚ ਮੌਜੂਦ ਰੇਲਵੇ ਦੀ ਲੋਡਿੰਗ ਅਣਲੋਡਿੰਗ ਦੀ ਪਲੇਟੀ ਨੂੰ ਜ਼ਿੰਮੇਵਾਰ ਦੱਸਦਿਆਂ ਸੰਸਥਾ ਨੂੰ ਇਸ ਪਲੇਟੀ ਨੂੰ ਬਾਹਰ ਕਰਨ ਲਈ ਲੋਕ ਲਾਮਬੰਦੀ ਕਰਨ ਬਾਰੇ ਵਿਸਥਾਰ 'ਚ ਦੱਸਿਆ, ਜਿਸ ਨੂੰ ਸਰਬਸੰਮਤੀ ਨਾਲ ਪ੍ਰਵਾਨ ਕਰਦਿਆਂ ਰੋਟੇਰੀਅਨ ਪ੍ਰੇਮ ਅੱਗਰਵਾਲ, ਅਸ਼ੋਕ ਬਾਂਸਲ ਮਾਨਸਾ, ਹੰਸ ਰਾਜ ਮੋਫਰ, ਕੇ ਕੇ ਸਿੰਗਲਾ, ਰਾਮ ਕ੍ਰਿਸ਼ਨ ਚੁੱਘ ਨੂੰ ਆਗਰਾ ਦੀ ਅਗਵਾਈ ਵਿੱਚ ਕਮੇਟੀ ਬਣਾ ਕੇ ਕਾਰਵਾਈ ਸ਼ੁਰੂ ਕਰਨ ਲਈ ਕਿਹਾ ਗਿਆ। ਇਸ ਉੱਪਰ ਵਿਚਾਰ ਚਰਚਾ ਕਰਦਿਆਂ ਪ੍ਰਧਾਨ ਡਾ. ਜਨਕ ਰਾਜ ਸਿੰਗਲਾ ਨੇ ਕਿਹਾ ਕਿ ਮਾਨਸਾ ਵਾਸੀਆਂ ਦੀ ਸਭ ਤੋਂ ਵੱਡੀ ਸਮੱਸਿਆ ਦੇ ਹੱਲ ਲਈ ਸਭ ਧਿਰਾਂ ਨੂੰ ਸਾਂਝੇ ਰੂਪ ਵਿੱਚ ਇਕੋ ਮੰਚ 'ਤੇ ਇਕੱਠਾ ਕਰਨ ਲਈ ਜਲਦੀ ਹੀ ਸਾਰੀਆਂ ਧਿਰਾਂ ਦੀ ਮੀਟਿੰਗ ਕਰਕੇ ਰੇਲਵੇ ਮੰਤਰੀ ਤੋਂ ਸਮਾਂ ਲੈਣ ਦਾ ਵੀ ਐਲਾਨ ਕੀਤਾ। ਸੀਨੀਅਰ ਸਿਟੀਜਨ ਜਗਸੀਰ ਸਿੰਘ ਢਿੱਲੋਂ, ਬਿੱਕਰ ਸਿੰਘ ਮਘਾਣੀਆ, ਸ਼ਾਮ ਲਾਲ ਗੋਇਲ ਨੇ ਐੱਨ ਓ ਸੀ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਣਾਈ ਕੋਰ ਕਮੇਟੀ ਤੋਂ ਸ਼ਹਿਰ ਦੇ ਕੋਰ ਇਲਾਕੇ ਜਲਦੀ ਨਿਰਧਾਰਿਤ ਕਰਵਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਸੀਵਰੇਜ ਦੀ ਸਮੱਸਿਆ 'ਤੇ ਬੋਲਦਿਆਂ ਮੇਜਰ ਸਿੰਘ ਐੱਸ ਓ, ਸਾਬਕਾ ਨਗਰ ਕੌਂਸਲ ਪ੍ਰਧਾਨ ਬਲਵਿੰਦਰ ਸਿੰਘ ਕਾਕਾ ਨੇ ਸ਼ਹਿਰ ਵਿੱਚ ਪਲਾਸਟਿਕ ਦੀ ਵਰਤੋਂ ਘਟਾਉਣ ਤੇ ਸੰਸਥਾ ਵੱਲੋਂ ਵੱਧ ਤੋਂ ਵੱਧ ਝੋਲੇ ਵੰਡਣ ਲਈ ਕਿਹਾ। ਟ੍ਰੈਫਿਕ ਦੀ ਸਮੱਸਿਆ 'ਤੇ ਬੋਲਦਿਆਂ ਧਰਮਵੀਰ ਵਾਲੀਆ, ਅਸ਼ੋਕ ਬਾਂਸਲ, ਸੇਠੀ ਸਿੰਘ ਸਰਾਂ, ਓਮ ਪ੍ਰਕਾਸ਼ ਜਿੰਦਲ ਤੇ ਸਰਬਜੀਤ ਕੌਸ਼ਲ ਨੇ ਈ ਰਿਕਸ਼ਾ ਚਾਲਕਾਂ ਨੂੰ ਨਿਯਮਤ ਕਰਨ ਦੀ ਮੰਗ ਕੀਤੀ। ਅਧਿਆਪਕ ਆਗੂ ਹਰਦੀਪ ਸਿੱਧੂ ਤੇ ਸੋਸ਼ਲਿਸਟ ਪਾਰਟੀ ਦੇ ਆਗੂ ਹਰਿੰਦਰ ਮਾਨਸ਼ਾਹੀਆ ਤੇ ਸ਼ੰਭੂ ਗਰਗ ਨੇ ਸੰਸਥਾ ਵੱਲੋਂ ਸਰਕਾਰੀ ਸਕੂਲ਼ ਨੂੰ ਸਹੂਲਤਾਂ ਦੇਣ ਲਈ ਅਡਾਪਟ ਕਰਨ ਦੀ ਸਕੀਮ ਤੇ ਹਾਮੀ ਭਰਦਿਆਂ ਸ਼ਹਿਰ ਦੇ ਦੋ ਸਕੂਲਾਂ ਦੀ ਪਛਾਣ ਕਰਕੇ ਅਗਲੇ ਵਿਦਿਅਕ ਸੈਸ਼ਨ ਤੋਂ ਕਾਰਵਾਈ ਸ਼ੁਰੂ ਕਰਨ ਲਈ ਕਿਹਾ। ਰਾਜਿੰਦਰ ਗਰਗ, ਨਰਿੰਦਰ ਕੁਮਾਰ, ਐਡਵੋਕੇਟ ਨਵਲ ਗਰਗ, ਜੀਵਨ ਕੁਮਾਰ ਤੇ ਪ੍ਰਕਾਸ਼ ਜੈਨ ਵੱਲੋਂ 1 ਜਨਵਰੀ ਤੋਂ ਪਹਿਲਾਂ ਲੋੜਵੰਦਾਂ ਲਈ ਕੰਬਲਾਂ ਦੀ ਵੰਡ ਸ਼ੁਰੂ ਕਰਨ ਦਾ ਮਸਲਾ ਵਿਚਾਰਦਿਆਂ ਸ਼ਹਿਰ ਵਿੱਚ ਗਰਮ ਕੱਪੜੇ ਇਕੱਠੇ ਕਰਕੇ ਵੰਡਣ ਦੀ ਮੁਹਿੰਮ ਸ਼ੁਰੂ ਕਰਨ ਬਾਰੇ ਮੰਗ ਰੱਖੀ।

ਦੀਪਕ ਸਿੰਗਲਾ, ਰਿਸ਼ੀ ਸ਼ਰਮਾ ਤੇ ਨਰਿੰਦਰ ਕੁਮਾਰ ਨੇ ਨਵੇਂ ਮੈਂਬਰਾਂ ਨੂੰ ਲੈਣ ਦਾ ਮਤਾ ਪਾਇਆ, ਜਿਸ ਉਪਰ ਵਿਚਾਰ ਕਰਕੇ 11 ਨਵੇਂ ਮੈਂਬਰ ਲੈਣ 'ਤੇ ਸਭ ਨੇ ਸਹਿਮਤੀ ਜਿਤਾਈ। ਅੰਤ ਵਿੱਚ ਸਾਰੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਡਾ. ਜਨਕ ਰਾਜ ਸਿੰਗਲਾ ਨੇ ਕਿਹਾ ਕਿ ਜਿੱਥੇ ਇੱਕ ਸਾਲ ਵਿੱਚ ਸੰਸਥਾ ਨੇ ਵੱਖ ਵੱਖ ਕੰਮ ਕਰਕੇ ਆਪਣੀ ਪਛਾਣ ਬਣਾਈ ਹੈ, ਉਥੇ ਦੂਜੇ ਸਾਲ ਵਿੱਚ ਅਸੀਂ ਦੂਰਗਾਮੀ ਪ੍ਰਭਾਵ ਵਾਲੇ ਵਿਕਾਸਸ਼ੀਲ ਕੰਮ ਕਰਕੇ ਮਾਨਸਾ ਦੇ ਵਿਕਾਸ ਵਿੱਚ ਸ਼ਹਿਰੀਆਂ ਦੀ ਭੂਮਿਕਾ ਵਧਾਉਣ ਲਈ ਵੀ ਵਧੇਰੇ ਕਾਰਜਸ਼ੀਲ ਰਹਿਣ ਦਾ ਯਤਨ ਕਰਾਂਗੇ।

ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਦੇ ਵਿਦਿਆਰਥੀ ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਹੋਏ ਨਤਮਸਤਕ

ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸੈਂਕੀ ਸ਼ਰਮਾ)-ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਸ੍ਰੀ ਮਾਛੀਵਾੜਾ ਸਾਹਿਬ ਦੇ ਵਿਦਿਆਰਥੀਆਂ ਨੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ ਸਾਹਿਬ ਵਿਖੇ ਮੱਥਾ ਟੇਕ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੇ ਉਨ੍ਹਾਂ ਦੇ ਪਰਿਵਾਰ ਦੀਆਂ ਮਹਾਨ ਕੁਰਬਾਨੀਆਂ ਨੂੰ ਪ੍ਰਣਾਮ ਕੀਤਾ। ਮਾਛੀਵਾੜਾ ਸਾਹਿਬ ਸ਼ਹੀਦੀ ਜੋੜ ਮੇਲੇ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਕੀਰਤਨ ਤੇ ਸ਼ਬਦ ਗਾਇਨ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬ ਦੇ ਪਰਿਵਾਰ ਵੱਲੋਂ ਦਿੱਤੀਆਂ ਮਹਾਨ ਕੁਰਬਾਨੀਆਂ ਤੋਂ ਜਾਣੂ ਕਰਵਾਇਆ ਤੇ ਸੰਗਤਾਂ ਨੂੰ ਗੁਰਬਾਣੀ ਤੋਂ ਪ੍ਰੇਰਣਾ ਲੈ ਕੇ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ। ਸਕੂਲੀ ਬੱਚਿਆਂ ਨੇ ਗੁਰੂ ਗੋਬਿੰਦ ਸਿੰਘ ਜੀ ਦਾ ਜ਼ਫਰਨਾਮਾ ਵੀ ਪੇਸ਼ ਕੀਤਾ। ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬੱਚਿਆਂ ਵੱਲੋਂ ਪੇਸ਼ ਕੀਤੇ ਗਏ ਸ਼ਬਦ ਕੀਰਤਨ 'ਤੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਸਕੂਲ ਦੇ ਪ੍ਰਬੰਧਕ ਵਿਕਰਮ ਸ਼ਰਮਾ ਨੇ ਦੱਸਿਆ ਕਿ ਉਹ ਸਕੂਲ ਵਿੱਚ ਬੱਚਿਆਂ ਨੂੰ ਸਿੱਖਿਆ ਦੇ ਨਾਲ-ਨਾਲ ਗੁਰਬਾਣੀ ਦਾ ਗਿਆਨ ਵੀ ਦਿੰਦੇ ਹਨ ਤੇ ਹਰ ਸਾਲ ਸਕੂਲੀ ਬੱਚਿਆਂ ਨੂੰ ਗੁਰਦੁਆਰਾ ਸਾਹਿਬ ਵਿਖੇ ਸ਼ਹੀਦੀ ਸਭਾ ਲਈ ਲੈ ਕੇ ਆਉਂਦੇ ਹਨ ਅਤੇ ਉਨ੍ਹਾਂ ਨੂੰ ਚਾਰ ਸਾਹਿਬਜ਼ਾਦਿਆਂ ਤੇ ਉਨ੍ਹਾਂ ਵੱਲੋਂ ਦਿੱਤੀਆਂ ਕੁਰਬਾਨੀਆਂ 'ਤੇ ਫਿਲਮ ਵੀ ਦਿਖਾਈ ਜਾਂਦੀ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਰਜਤ ਸਰਮਾ, ਡਾਇਰੈਕਟਰ ਮ੍ਰਿਦੁਲਾ ਸ਼ਰਮਾ, ਮੈਨੇਜਿੰਗ ਡਾਇਰੈਕਟਰ ਸਾਰਦਾ ਸ਼ਰਮਾ, ਸ਼ੁਭਮ ਸ਼ਰਮਾ, ਡਾ. ਸਰੂਤੀ ਸ਼ਰਮਾ, ਵਾਈਸ ਪ੍ਰਿੰਸੀਪਲ ਨਵਜੋਤ ਕੌਰ, ਅਨੁਪਮਾ, ਦਮਨਪ੍ਰੀਤ ਕੌਰ, ਅਨੀਤਾ ਰਾਵਤ, ਸਿਮਰਨ, ਬਲਜੀਤ ਕੌਰ, ਮੀਨਾਕਸ਼ੀ ਤੇ ਵੱਖ-ਵੱਖ ਸਟਾਫ ਮੈਂਬਰ ਹਾਜ਼ਰ ਸਨ।

ਸ਼ਰਾਬ ਫੈਕਟਰੀ ਮੁਲਾਜ਼ਮਾਂ ਦੀ ਹੜਤਾਲ ਦਾ ਅਜ਼ਾਦ ਵੱਲੋਂ ਸਮਰਥਨ

ਦਿੜ੍ਹਬਾ (ਜਸਵੀਰ ਲਾਡੀ)-ਇੱਥੋਂ ਥੋੜ੍ਹੀ ਦੂਰ ਸੁਨਾਮ-ਛਾਜਲੀ ਰੋਡ 'ਤੇ ਬਣੀ ਰੌਕ ਐਂਡ ਸਟਰੌਕ ਪ੍ਰਾਈਵੇਟ ਲਿਮਿਟਡ ਛਾਜਲੀ ਸ਼ਰਾਬ ਫੈਕਟਰੀ ਦੇ ਮੁਲਾਜ਼ਮਾਂ ਨੇ ਘੱਟ ਤਨਖਾਹ ਹੋਣ ਕਰਕੇ ਤਨਖਾਹਾਂ ਵਿੱਚ ਵਾਧੇ ਤੇ ਹੋਰ ਮੰਗ ਲਈ ਹੜਤਾਲ ਕੀਤੀ ਹੋਈ ਹੈ। ਕੰਪਨੀ ਦੇ ਸੀਨੀਅਰ ਅਧਿਕਾਰੀਆਂ ਨੇ ਮੁਲਾਜ਼ਮਾਂ ਨੂੰ ਭਰੋਸਾ ਦਿੱਤਾ ਹੈ ਕਿ 29/12/2023 ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਕਰ ਦਿੱਤੀਆਂ ਜਾਣਗੀਆਂ। ਉਧਰ ਕੰਪਨੀ ਦੇ ਮੁਲਾਜ਼ਮਾਂ ਦੀ ਹਮਾਇਤ 'ਤੇ ਆਈ ਭਾਰਤੀ ਕਿਸਾਨ ਯੂਨੀਆਨ (ਅਜ਼ਾਦ) ਦੇ ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਸੰਤਰਾਮ ਸਿੰਘ ਨੇ ਮੁਲਾਜ਼ਮਾਂ ਨਾਲ ਸਾਂਝੀ ਗੱਲਬਾਤ ਕਰਕੇ ਕਿਹਾ ਹੈ ਕਿ ਜੇ ਮੰਗਾਂ ਨਾ ਮੰਨੀਆਂ ਗਈਆਂ ਤਾਂ 29/12/2023 ਨੂੰ ਫੈਕਟਰੀ ਦੇ ਗੇਟ 'ਤੇ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਫੈਕਟਰੀ ਪ੍ਰਧਾਨ ਗੁਰਪ੍ਰੀਤ ਸਿੰਘ, ਮਨਦੀਪ ਸਿੰਘ ਮੀਤ ਪ੍ਰਧਾਨ, ਅਮਨਦੀਪ ਸਿੰਘ ਸਕੱਤਰ, ਸਤਗੁਰ ਸਿੰਘ ਮੁੱਖ ਬੁਲਾਰਾ, ਹਨੀ ਕਤਿਆਲ ਪ੍ਰੈੱਸ ਸਕੱਤਰ, ਹਰਵਿੰਦਰ ਸਿੰਘ ਸਲਾਹਕਾਰ ਤੇ ਸਮੂਹ ਸਟਾਫ ਹਾਜ਼ਰ ਸੀ।

ਕਾਤਰਾਂ

ਬਰਸੀ ਸਮਾਗਮ ਮੁਲਤਵੀ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਉੱਘੇ ਕਮਿਊਨਿਸਟ ਆਗੂ ਗਦਰੀ ਬਾਬਾ ਦੁੱਲਾ ਸਿੰਘ ਜਲਾਲਦੀਵਾਲ, ਗਿਆਨੀ ਨਿਹਾਲ ਸਿੰਘ ਦੀ ਯਾਦ ਵਿੱਚ 29 ਦਸੰਬਰ ਨੂੰ ਪਿੰਡ ਜਲਾਲਦੀਵਾਲ ਵਿਖੇ ਹੋਣ ਵਾਲਾ ਸਾਲਾਨਾ ਬਰਸੀ ਸਮਾਗਮ ਕੁਝ ਜ਼ਰੂਰੀ ਕਾਰਨਾਂ ਕਰਕੇ ਮੁਲਤਵੀ ਕਰ ਦਿੱਤਾ ਗਿਆ ਹੈ। ਮੁੱਖ ਪ੍ਰਬੰਧਕ ਡਾ: ਹਰਮਿੰਦਰ ਸਿੰਘ ਸਿੱਧੂ ਜਲਾਲਦੀਵਾਲ ਨੇ ਦੱਸਿਆ ਕਿ ਇਨ੍ਹਾਂ ਸਾਲਾਨਾ ਬਰਸੀ ਸਮਾਗਮ ਦੀਆਂ ਤਰੀਕਾਂ ਦਾ ਐਲਾਨ ਅਗਲੇ ਦਿਨਾਂ 'ਚ ਦੁਬਾਰਾ ਕੀਤਾ ਜਾਵੇਗਾ।

ਆਰ ਐੱਸ ਡੀ ਰਾਜ ਰਤਨ ਪਬਲਿਕ ਸਕੂਲ 'ਚ ਸ਼ਹੀਦੀ ਦਿਵਸ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਆਰ ਐੱਸ ਡੀ ਰਾਜ ਰਤਨ ਪਬਲਿਕ ਸਕੂਲ ਵਿੱਚ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਵਸ ਸ਼ਰਧਾਪੂਰਵਕ ਮਨਾਇਆ ਗਿਆ। ਇਸ ਸਮੇਂ ਸਕੂਲ ਨਿਰਦੇਸ਼ਕ ਐੱਸ ਪੀ ਆਨੰਦ ਨੇ ਚਾਰ ਸਾਹਿਬਜ਼ਾਦਿਆਂ ਦੀ ਜੀਵਨੀ ਬਾਰੇ ਦੱਸਿਆ ਤੇ ਉਨ੍ਹਾਂ ਦੀ ਸ਼ਹੀਦੀ ਦੇ ਮਹੱਤਵ ਬਾਰੇ ਸਮਝਾਇਆ। ਇਸ ਸਮੇਂ ਵੱਖ ਵੱਖ ਜਮਾਤਾਂ ਵਿੱਚ ਭਾਸ਼ਣ, ਕਵਿਤਾ ਗਾਇਨ ਮੁਕਾਬਲਾ ਕਰਵਾਇਆ ਗਿਆ ਤੇ ਸਾਹਿਬਜ਼ਾਦਿਆਂ ਦੀ ਜੀਵਨ ਨਾਲ ਸਬੰਧਤ ਪ੍ਰਸ਼ਨੋਤਰੀ ਕਰਵਾਈ ਗਈ। ਸਵੇਰ ਦੀ ਸਭਾ ਦਾ ਆਯੋਜਨ ਚਾਰ ਸਾਹਿਬਜ਼ਾਦਿਆਂ ਦੀਆਂ ਵੀਰ ਕਥਾਵਾਂ ਤੇ ਸ਼ਬਦ ਗਾਇਨ ਨਾਲ ਸ਼ੁਰੂ ਹੋਇਆ। ਇਸ ਮੌਕੇ ਸਕੂਲ ਪ੍ਰਧਾਨ ਐੱਸ ਸੀ ਸਾਂਵਲਕਾ, ਸਕੂਲ ਸੈਕਟਰੀ ਰਜਨੀਸ਼ ਸਾਂਵਲਕਾ, ਸਕੂਲ ਨਿਰਦੇਸ਼ਕ ਐੱਸ ਪੀ ਆਨੰਦ, ਸਕੂਲ ਪ੍ਰਿੰਸੀਪਲ ਡਾ. ਪ੍ਰਵੀਨ ਔਲ ਨੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਬਹਾਦੁਰੀ ਬਾਰੇ ਦੱਸ ਕੇ ਇਨ੍ਹਾਂ ਤੋਂ ਜੀਵਨ ਸੇਧ ਲੈਣ ਦੀ ਪ੍ਰੇਰਣਾ ਦਿੱਤੀ।

ਕੇਂਦਰੀ ਜੇਲ੍ਹ 'ਚੋਂ 3 ਮੋਬਾਇਲ ਤੇ ਨਸ਼ੀਲੇ ਪਦਾਰਥ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 3 ਮੋਬਾਇਲ ਫੋਨ ਤੇ ਨਸ਼ੀਲੇ ਪਦਾਰਥ ਬਰਾਮਦ ਹੋਏ ਹਨ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 1 ਹਵਾਲਾਤੀ ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 6332 ਰਾਹੀਂ ਸਰਬਜੀਤ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 23 ਦਸੰਬਰ 2023 ਨੂੰ ਕਰੀਬ ਰਾਤ 12.45 ਵਜੇ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਬਲਾਕ ਨੰਬਰ 1 ਦੀ ਬੈਰਕ ਨ

25-DEC-PAGE-6-Advt-2023-G.qxd 12/24/2023 10:26 PM Page 1

ਭਾਕਿਯੂ ਏਕਤਾ ਡਕੌਂਦਾ ਦੀ ਕਿੜੀਆਂ ਵਿਖੇ ਜ਼ਿਲ੍ਹਾ ਪੱਧਰੀ ਮੀਟਿੰਗ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਭਾਕਿਯੂ ਏਕਤਾ ਡਕੌਂਦਾ ਦੀ ਪਿੰਡ ਕਿੜੀਆਂ ਵਿਖੇ ਜ਼ਿਲ੍ਹਾ ਪੱਧਰੀ ਮੀਟਿੰਗ ਹੋਈ ਜਿਸ ਦੀ ਪ੍ਰਧਾਨਗੀ ਬਾਬਾ ਦਿਲਬਾਗ ਸਿੰਘ, ਜਰਨੈਲ ਸਿੰਘ ਅਤੇ ਰਛਪਾਲ ਸਿੰਘ ਨੇ ਕੀਤੀ। ਇਸ ਵਿੱਚ ਜ਼ਿਲ੍ਹਾ ਪ੍ਰਧਾਨ ਨਿਰਪਾਲ ਸਿੰਘ ਜੌਣੇਕੇ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਕੱਠ ਨੂੰ ਸੰਬੋਧਨ ਕਰਦਿਆਂ ਬਾਬਾ ਰਣਯੋਧ ਸਿੰਘ ਨੌਸ਼ਹਿਰਾ ਪੰਨੂਆਂ, ਜ਼ਿਲ੍ਹਾ ਪ੍ਰੈੱਸ ਸਕੱਤਰ ਜਗਜੀਤ ਸਿੰਘ ਜੌਨੀ ਹਰੀਕੇ ਨੇ ਕਿਹਾ ਕਿ ਕਿਸਾਨ ਅਤੇ ਮਜ਼ਦੂਰ ਦੀ ਆਰਥਿਕ ਹਾਲਤ ਦਿਨ-ਬ-ਦਿਨ ਨਿੱਘਰਦੀ ਜਾ ਰਹੀ ਹੈ। ਖੇਤੀ ਲਾਹੇਵੰਦ ਧੰਦਾ ਨਾ ਹੋਣ ਕਾਰਨ ਕਰਜ਼ੇ ਦੀ ਮਾਰ ਹੇਠ ਆਇਆ ਕਿਸਾਨ ਖੁਦਕੁਸ਼ੀ ਦੇ ਰਾਹ ਪਿਆ।

ਉਨ੍ਹਾਂ ਕਿਹਾ ਕਿ ਸੂਬਾ ਅਤੇ ਕੇਂਦਰ ਸਰਕਾਰ ਇਸ ਪਾਸੇ ਤੋਂ ਪੂਰੀ ਤਰ੍ਹਾਂ ਅਵੇਸਲੇ ਦਿਖਾਈ ਦੇ ਰਹੇ ਹਨ। ਮਾਸਟਰ ਨਿਰਪਾਲ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਪੰਜਾਬ ਦੀ ਹਰ ਪੈਦਾਵਾਰ ਤੇ ਐੱਮਐੱਸਪੀ ਯਕੀਨੀ ਬਣਾਏ। ਉਨ੍ਹਾਂ ਕਿਹਾ ਕਿ ਧਰਤੀ ਦੇ ਅੰਮ੍ਰਿਤ ਨੂੰ ਬਚਾਉਣ ਲਈ ਸਰਕਾਰ ਮੱਕੀ ਅਤੇ ਦਾਲਾਂ ਦਾ ਸਹੀ ਮੰਡੀਕਰਨ ਢਾਂਚਾ ਤਿਆਰ ਕਰੇ ਤਾਂ ਝੋਨੇ ਹੇਠਲਾ ਰਕਬਾ ਘਟਾਇਆ ਜਾ ਸਕਦਾ ਹੈ। ਉਨ੍ਹਾਂ ਸਰਕਾਰ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਘੁਣ ਵਾਂਗ ਖਾ ਰਹੇ ਨਸ਼ਿਆਂ ਤੋਂ ਮੁਕਤੀ ਲਈ ਵਿਸ਼ੇਸ਼ ਖਾਕਾ ਤਿਆਰ ਕਰੇ। ਨਸ਼ਿਆਂ ਨਾਲ ਨੰਗੇ ਧੜ ਜੰਗ ਲੜ ਰਹੇ ਲੋਕਾਂ ਦੀ ਸਰਕਾਰੀ ਤੰਤਰ ਖੁੱਲ੍ਹ ਕੇ ਮਦਦ ਤਾਂ ਪੰਜਾਬ ਨੂੰ ਮੁੜ ਸੋਨੇ ਦੀ ਚਿੜੀ ਬਣਾਇਆ ਜਾ ਸਕੇ।

ਇਸ ਮੌਕੇ ਅਮਰਜੀਤ ਸਿੰਘ ਹਰੀਕੇ, ਕਰਮ ਸਿੰਘ ਖਾਰਾ, ਰਣਧੀਰ ਸਿੰਘ, ਸਕੱਤਰ ਸਿੰਘ ਕੰਬੋ ਢਾਏ ਵਾਲਾ, ਬਾਜ ਸਿੰਘ, ਬਲਕਾਰ ਸਿੰਘ ਗੰਡੀਵਿੰਡ, ਮੇਲਾ ਸਿੰਘ ਅਲੀਪੁਰ, ਬਰਜਿੰਦਰ ਸਿੰਘ, ਅਵਤਾਰ ਸਿੰਘ ਹਰਦੇਵ ਸਿੰਘ ਰੱਤਾਗੁੱਦਾ, ਸੁਖਵੰਤ ਸਿੰਘ, ਕੁਲਦੀਪ ਸਿੰਘ ਨੱਥੂਪੁਰ, ਹਰਜਿੰਦਰ ਸਿੰਘ ਮਾਣਕਪੁਰਾ, ਗੁਰਜੰਟ ਸਿੰਘ, ਦਿਲਬਾਗ ਸਿੰਘ, ਤਰਸੇਮ ਸਿੰਘ, ਗੁਰਜਿੰਦਰ ਸਿੰਘ ਜੌਹਲ ਭੈਲ, ਸਤਵਿੰਦਰ ਸਿੰਘ, ਗੁਰਬਿੰਦਰ ਸਿੰਘ ਠੱਠੀਆਂ ਮਹੰਤਾਂ, ਪਰਮਜੀਤ ਸਿੰਘ, ਗੁਰਵਿੰਦਰ ਸਿੰਘ, ਅੰਮ੍ਰਿਤ ਸਿੰਘ ਅਤੇ ਸੰਤੋਖ ਸਿੰਘ ਦਰਗਾਪੁਰ ਆਦਿ ਹਾਜ਼ਰ ਸਨ।

ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਐਮਾਂ ਕਲਾਂ ਵਿਖੇ ਸ਼ਹੀਦੀ ਹਫਤਾ ਮਨਾਇਆ

ਝਬਾਲ (ਹਰਜਿੰਦਰ ਸਿੰਘ ਸੋਨੀ)-ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਐਮਾਂ ਕਲਾਂ ਵਿਖੇ ਸਕੂਲ ਦੇ ਚੇਅਰਮੈਨ ਜਸਵੰਤ ਸਿੰਘ ਖਾਲਸਾ ਦੇ ਸਮੂਹ ਸਟਾਫ ਅਤੇ ਬੱਚਿਆਂ ਵੱਲੋਂ 21 ਅਤੇ 22 ਤਰੀਕ ਨੂੰ ਸ਼ਹੀਦੀ ਹਫਤਾ ਮਨਾਇਆ ਗਿਆ ਜਿਸ ਵਿਚ ਨਰਸਰੀ ਕਲਾਸ ਤੋਂ ਲੈ ਕੇ +2 ਤੱਕ ਦੇ ਵਿਦਿਆਰਥੀਆਂ ਨੇ ਸ਼ਬਦ ਗਾਇਨ, ਕਵਿਤਾ, ਕਵੀਸ਼ਰੀ ਤੇ ਨਾਟਕ ਖੇਡ ਕੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਪਾਈ ਗਈ ਸ਼ਹੀਦੀ ਬਾਰੇ ਚਾਨਣਾ ਪਾਇਆ ਗਿਆ।

ਇਸ ਮੌਕੇ ਸਕੂਲ ਦੇ ਚੇਅਰਮੈਨ ਜਸਵੰਤ ਸਿੰਘ ਵੱਲੋਂ ਬੱਚਿਆਂ ਨੂੰ ਆਪਣੇ ਸਿੱਖ ਇਤਿਹਾਸ ਨਾਲ ਜੁੜਨ ਲਈ ਵੀ ਕਿਹਾ ਗਿਆ ਅਤੇ ਉਨ੍ਹਾਂ ਕਿਹਾ ਕਿ ਆਪਣੇ ਮਾਤਾ-ਪਿਤਾ ਨਾਲ ਫਤਿਹਗੜ੍ਹ ਸਾਹਿਬ ਅਤੇ ਸਰਹਿੰਦ ਵਿਖੇ ਜਾ ਕੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰਕੇ ਆਪਣੇ ਇਤਿਹਾਸ ਨੂੰ ਜਾਣੋ ਅਤੇ ਗੁਰੂ ਜੀ ਦੇ ਪਾਏ ਹੋਏ ਪੂਰਨਿਆਂ 'ਤੇ ਚੱਲਣ ਲਈ ਕਿਹਾ। ਸ਼ਹੀਦੀ ਹਫਤੇ ਦੇ ਸਬੰਧ ਵਿੱਚ ਸਕੂਲ ਦੇ ਧਾਰਮਿਕ ਅਧਿਆਪਕ ਮਨਜੋਤ ਸਿੰਘ ਵੱਲੋਂ ਵੀ ਹਰ ਰੋਜ਼ ਕਿਸ ਤਰ੍ਹਾਂ ਗੁਰੂ ਸਾਹਿਬ ਨਾਲ, ਉਨ੍ਹਾਂ ਦਿਨਾਂ ਵਿੱਚ ਕੀ ਕੀ ਵਾਪਰਿਆ, ਸਾਰੇ ਇਤਿਹਾਸ ਨੂੰ ਸਕੂਲ ਦੇ ਯੂ-ਟਿਊਬ ਚੈਨਲ ਉੱਪਰ ਵੀਡੀਓ ਦੇ ਰੂਪ ਵਿਚ ਪਾਇਆ ਗਿਆ ਹੈ ਤਾਂ ਜੋ ਬੱਚੇ ਉਸ ਇਤਿਹਾਸ ਨੂੰ ਸੁਣ ਕੇ ਸਿੱਖੀ ਨਾਲ ਜੁੜਨ। ਇਸ ਮੌਕੇ ਸਕੂਲ ਦੇ ਚੇਅਰਮੈਨ ਜਸਵੰਤ ਸਿੰਘ ਅਤੇ ਸਕੂਲ ਦੇ ਡਾਇਰੈਕਟਰ ਮੈਡਮ ਰੁਪਿੰਦਰ ਕੌਰ, ਸਮੂਹ ਸਟਾਫ ਅਤੇ ਬੱਚਿਆਂ ਵੱਲੋਂ ਗੁਰੂ ਸਾਹਿਬ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਸੱਚੀ ਅਤੇ ਸੁੱਚੀ ਸ਼ਰਧਾਂਜਲੀ ਦਿੱਤੀ ਗਈ।

ਦਸਮ ਪਾਤਸ਼ਾਹ ਦੇ ਪ੍ਰਕਾਸ਼ ਗੁਰਪੁਰਬ ਮੌਕੇ ਤਖ਼ਤ ਦਮਦਮਾ ਸਾਹਿਬ ਵਿਖੇ ਹੋਣਗੇ ਵਿਸ਼ਾਲ ਸਮਾਗਮ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਗੁਰਪੁਰਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪੰਥਕ ਜਾਹੋ ਜਲਾਲ ਨਾਲ ਮਨਾਇਆ ਜਾਵੇਗਾ। ਇਸ ਸਬੰਧ ਵਿਚ 15 ਤੋਂ 17 ਜਨਵਰੀ 2024 ਤੱਕ ਵਿਸ਼ੇਸ਼ ਤੌਰ 'ਤੇ ਗੁਰਮਤਿ ਸਮਾਗਮ ਆਯੋਜਿਤ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪ੍ਰਕਾਸ਼ ਪੁਰਬ ਸਮਾਗਮਾਂ ਨੂੰ ਲੈ ਕੇ ਗਠਤ ਕੀਤੀ ਗਈ ਸਬ-ਕਮੇਟੀ ਦੀ ਇਥੇ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਹੋਈ ਇਕੱਤਰਤਾ ਦੌਰਾਨ 17 ਜਨਵਰੀ ਨੂੰ ਮਨਾਏ ਜਾਣ ਵਾਲੇ ਪ੍ਰਕਾਸ਼ ਗੁਰਪੁਰਬ ਦੀ ਰੂਪ-ਰੇਖਾ ਤੈਅ ਕੀਤੀ ਗਈ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਦੱਸਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 17 ਜਨਵਰੀ ਨੂੰ ਵਿਸ਼ਾਲ ਗੁਰਮਤਿ ਸਮਾਗਮ ਦਾ ਪ੍ਰਬੰਧ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪ੍ਰਕਾਸ਼ ਪੁਰਬ ਸਮਾਗਮਾਂ ਦੀ ਆਰੰਭਤਾ 10 ਜਨਵਰੀ ਨੂੰ ਸ੍ਰੀ ਅਨੰਦਪੁਰ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਲਈ ਵਿਸ਼ਾਲ ਨਗਰ ਕੀਰਤਨ ਦੀ ਆਰੰਭਤਾ ਕਰਕੇ ਕੀਤੀ ਜਾਵੇਗੀ। ਇਹ ਨਗਰ ਕੀਰਤਨ ਗੁਰੂ ਗੋਬਿੰਦ ਸਿੰਘ ਮਾਰਗ 'ਤੇ ਸਜਾਇਆ ਜਾਵੇਗਾ, ਜੋ ਵੱਖ-ਵੱਖ ਪੜਾਵਾਂ ਮਗਰੋਂ 16 ਜਨਵਰੀ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸੰਪੰਨ ਹੋਵੇਗਾ। ਉਨ੍ਹਾਂ ਦੱਸਿਆ ਕਿ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 15 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਅਤੇ 17 ਜਨਵਰੀ ਨੂੰ ਭੋਗ ਉਪਰੰਤ ਪ੍ਰਕਾਸ਼ ਪੁਰਬ ਦਾ ਮੁੱਖ ਸਮਾਗਮ ਕੀਤਾ ਜਾਵੇਗਾ। ਭਾਈ ਮਹਿਤਾ ਨੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੌਰਾਨ ਤਖ਼ਤ ਸਾਹਿਬਾਨ ਦੇ ਜਥੇਦਾਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ, ਪੰਥਕ ਜਥੇਬੰਦੀਆਂ ਦੇ ਨੁਮਾਇੰਦੇ, ਪੰਥ ਪ੍ਰਸਿੱਧ ਰਾਗੀ, ਕਥਾਵਾਚਕ, ਢਾਡੀ ਤੇ ਕਵੀਸ਼ਰ ਜਥੇ ਹਾਜ਼ਰੀ ਭਰਨਗੇ। ਇਕੱਤਰਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਅੰਤ੍ਰਿੰਗ ਕਮੇਟੀ ਮੈਂਬਰ ਮੋਹਨ ਸਿੰਘ ਬੰਗੀ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਨਵਤੇਜ ਸਿੰਘ ਕਾਉਣੀ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਅਵਤਾਰ ਸਿੰਘ ਵਣਵਾਲਾ, ਸਕੱਤਰ ਪ੍ਰਤਾਪ ਸਿੰਘ, ਵਧੀਕ ਸਕੱਤਰ ਬਿਜੈ ਸਿੰਘ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਇੰਚਾਰਜ ਕਰਤਾਰ ਸਿੰਘ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਰਣਜੀਤ ਸਿੰਘ ਹਾਜ਼ਰ ਸਨ।

ਸਰਕਾਰ ਨੂੰ ਮੁਲਾਜ਼ਮਾਂ ਪ੍ਰਤੀ ਟਾਲ-ਮਟੋਲ ਵਾਲੇ ਰਵੱਈਏ ਦਾ ਖਮਿਆਜ਼ਾ ਲੋਕ ਸਭਾ ਚੋਣਾਂ 'ਚ ਭੁਗਤਣਾ ਪਵੇਗਾ: ਉਦੀਪੁਰ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਵਰਕਿੰਗ ਕਮੇਟੀ ਗੁਰਦਾਸਪੁਰ ਦੀ ਮੀਟਿੰਗ ਸਰਕਲ ਪ੍ਰਧਾਨ ਸਾਥੀ ਬਲਵਿੰਦਰ ਉਦੀਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਆਗੂਆਂ ਨੇ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਕੋਲੋਂ ਮੰਗ ਕੀਤੀ ਕਿ ਸੀਆਰਏ 295 ਤਹਿਤ ਭਰਤੀ ਕੀਤੇ ਸਹਾਇਕ ਲਾਈਨਮੈਨਾਂ ਜਿਨ੍ਹਾਂ ਨੇ ਆਪਣਾ ਤਿੰਨ ਸਾਲ ਦਾ ਪਰੋਬੇਸ਼ਨਲ ਪੀਰੀਅਡ ਸਫਲਤਾਪੂਰਵਕ ਪੂਰਾ ਕਰ ਲਿਆ ਉਨ੍ਹਾਂ ਨੂੰ ਰੈਗੂਲਰ ਕਰਕੇ ਪੂਰੀਆਂ ਤਨਖਾਹਾਂ ਰਿਲੀਜ਼ ਕੀਤੀਆਂ ਜਾਣ ਅਤੇ ਮੈਨੇਜਮੈਂਟ ਕੋਰਟ ਵਿੱਚ ਆਪਣਾ ਮਜ਼ਬੂਤ ਪੱਖ ਰੱਖ ਕੇ ਮਸਲੇ ਨੂੰ ਜਲਦੀ ਹੱਲ ਕਰੇ ਕਿਉਂਕਿ ਕਰਮਚਾਰੀ ਨਿਗੂਣੀਆਂ ਤਨਖਾਹਾਂ ਤੇ ਕੰਮ ਕਰ ਰਹੇ ਹਨ। ਮੁਲਾਜ਼ਮ ਆਗੂਆਂ ਸਾਥੀ ਉਦੀਪੁਰ ਅਤੇ ਸਰਕਲ ਸਕੱਤਰ ਸਾਥੀ ਰਣਧੀਰ ਸਿੰਘ ਕਾਹਲੋਂ ਨੇ ਦੱਸਿਆ ਹੈ ਕਿ ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦਾ ਡੀ. ਏ. ਜੋ ਕਿ 12 ਪ੍ਰਤੀਸ਼ਤ ਬਣਦਾ ਸਿਰਫ 4 ਪ੍ਰਤੀਸ਼ਤ ਜਾਰੀ ਕਰਕੇ ਮੁਲਾਜ਼ਮ ਨਾਲ ਕੋਝਾ ਮਜ਼ਾਕ ਕੀਤਾ ਗਿਆ ਹੈ ਅਤੇ ਏਰੀਅਰ ਨੂੰ ਫਿਰ ਠੰਡੇ ਬਸਤੇ ਵਿੱਚ ਪਾ ਦਿੱਤਾ ਗਿਆ ਹੈ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਤੋਂ ਵੀ ਸਰਕਾਰ ਭੱਜ ਰਹੀ ਹੈ, 2016 ਤੋਂ ਲਾਗੂ ਕੀਤਾ ਛੇਵੇਂ ਤਨਖਾਹ ਕਮਿਸ਼ਨ ਦਾ ਬਕਾਇਆ ਏਰੀਅਰ ਬਾਰੇ ਵੀ ਸਰਕਾਰ ਨੇ ਚੁੱਪ ਧਾਰੀ ਹੋਈ ਹੈ, ਦਹਾਕਿਆਂ ਤੋਂ ਮਿਲਦਾ ਪੇਂਡੂ ਭੱਤਾ ਬਾਰਡਰ ਅਲਾਊਂਸ ਵੀ ਸਰਕਾਰ ਨੇ ਮੁਲਾਜ਼ਮ ਕੋਲੋਂ ਖੋਹ ਲਿਆ। ਆਗੂਆਂ ਕਿਹਾ ਕਿ ਮੁਲਾਜ਼ਮਾਂ ਪ੍ਰਤੀ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਦਾ ਰਵੱਈਆ ਟਾਲ-ਮਟੋਲ ਵਾਲਾ ਹੈ ਅਤੇ ਸਰਕਾਰ ਕੋਲੋਂ ਮੁਲਾਜ਼ਮ ਮਸਲਿਆਂ ਦਾ ਹੱਲ ਕਰਨ ਲਈ ਜਥੇਬੰਦੀਆਂ ਨਾਲ ਗੱਲਬਾਤ ਦਾ ਸਮਾਂ ਨਹੀਂ ਹੈ। ਇਸ ਕਾਰਨ ਪੰਜਾਬ ਦੇ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ ਜਿਸ ਦਾ ਖਮਿਆਜ਼ਾ ਸਰਕਾਰ ਨੂੰ ਲੋਕ ਸਭਾ ਚੋਣਾਂ ਵਿੱਚ ਭੁਗਤਣਾ ਪਵੇਗਾ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਾਥੀ ਬਲਵਿੰਦਰ ਸਿੰਘ ਸੋਹਲ, ਪਿਆਰਾ ਸਿੰਘ ਭਾਮੜੀ, ਸਾਹਿਬ ਸਿੰਘ ਧਾਲੀਵਾਲ, ਸਾਥੀ ਰਾਮ ਲੁਭਾਇਆ, ਮਨੋਜ ਸ਼ਰਮਾ, ਵਿਕਟਰ ਮਸੀਹ, ਅਸ਼ਵਨੀ ਕੁਮਾਰ ਸੈਣੀ, ਲਖਵੀਰ ਸਿੰਘ, ਨਿਸ਼ਾਨ ਸਿੰਘ ਸੋਹਲ, ਹਰਵਿੰਦਰ ਸਿੰਘ ਅਤੇ ਗੁਰਨਾਮ ਸਿੰਘ ਆਦਿ ਆਗੂ ਹਾਜ਼ਰ ਸਨ।

ਚੋਰੀ ਹੋਈ ਕਰਤਾਰ ਬੱਸ ਜੰਡਿਆਲਾ ਮੰਜਕੀ ਤੋਂ ਬਰਾਮਦ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਬੀਤੀ 21/22 ਦਸੰਬਰ ਦੀ ਦਰਮਿਆਨੀ ਰਾਤ ਨੂੰ ਬੱਸ ਸਟੈਂਡ ਹੁਸ਼ਿਆਰਪੁਰ ਤੋਂ ਪ੍ਰਾਈਵੇਟ ਕਰਤਾਰ ਬੱਸ ਸਰਵਿਸ ਦੀ ਬੱਸ ਚੋਰੀ ਹੋਈ ਸੀ ਦੇ ਵਾਰੇ ਪਤਾ ਲੱਗਣ 'ਤੇ ਸੁਰੇਂਦਰ ਲਾਂਬਾ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਵਲੋਂ ਫੋਰੀ ਤੌਰ 'ਤੇ ਕਾਰਵਾਈ ਕਰਦੇ ਹੋਏ ਬੱਸ ਦੀ ਭਾਲ ਕਰਨ ਲਈ ਪਲਵਿੰਦਰ ਸਿੰਘ ਉਪ ਪੁਲਸ ਕਪਤਾਨ (ਸਿਟੀ) ਹੁਸ਼ਿਆਰਪੁਰ ਅਤੇ ਇੰਸ: ਕਰਨੈਲ ਸਿੰਘ ਮੁੱਖ ਅਫਸਰ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਦੇ ਅਧਾਰਤ ਇੱਕ ਵਿਸ਼ੇਸ਼ ਟੀਮ ਦਾ ਗਠਨ ਕੀਤਾ ਗਿਆ ਸੀ ਜੋ ਕਿ ਇਸ ਟੀਮ ਨੇ ਮੁਕੱਦਮਾ ਨੰਬਰ 308 ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਦਰਜ ਕਰਵਾ ਕੇ ਮੁਕੱਦਮੇ ਦੀ ਤਫਤੀਸ਼ ਕਰਦੇ ਹੋਏ ਪਿੰਡ ਜੰਡਿਆਲਾ ਮੰਜਕੀ ਜ਼ਿਲ੍ਹਾ ਜਲੰਧਰ ਦੇ ਇੱਕ ਬੇ-ਆਬਾਦ ਖੂਹ ਦੇ ਅਹਾਤੇ ਵਿੱਚ ਖੜ੍ਹੀ ਕੀਤੀ ਗਈ ਇਸ ਬੱਸ ਨੂੰ ਬਰਾਮਦ ਕੀਤਾ ਹੈ । ਉਨ੍ਹਾ ਦੱਸਿਆ ਕਿ ਮੁੱਕਦਮੇ ਵਿੱਚ ਦੋਸ਼ੀਆਂ ਨੂੰ ਜਲਦੀ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।

ਕਾਰ ਖੋਹ ਮਾਮਲੇ 'ਚ ਇੱਕ ਗ੍ਰਿਫ਼ਤਾਰ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)-ਇੰਸਪੈਕਟਰ ਉਂਕਾਰ ਸਿੰਘ ਬਰਾੜ ਮੁੱਖ ਅਫਸਰ ਥਾਣਾ ਟਾਂਡਾ ਨੇ ਦੱਸਿਆ ਕਿ ਥਾਣਾ ਟਾਂਡਾ ਦੇ ਅਧੀਨ ਆਉਦੇ ਏਰੀਏ ਵਿਚ ਮਾੜੇ ਅਨਸਰਾਂ ਨੂੰ ਗ੍ਰਿਫਤਾਰ ਕਰਨ ਲਈ ਸੋਰਸ ਲਗਾ ਕੇ ਉਪਰਾਲੇ ਕੀਤੇ ਜਾ ਰਹੇ ਸਨ। ਜਿਸ ਦੌਰਾਨ ਏ ਐਸ ਆਈ ਦਰਸ਼ਨ ਸਿੰਘ ਸਮੇਤ ਪੁਲਸ ਪਾਰਟੀ ਵੱਲੋਂ ਪੁਰਾਣੇ ਮੁਕੱਦਮੇ ਦਾ ਦੋਸ਼ੀ ਸੁਰਿੰਦਰ ਸਿੰਘ ਉਰਫ ਸਨੀ ਪੁੱਤਰ ਨਿਰਮਲ ਸਿੰਘ ਵਾਸੀ ਬਨੀਕੇ ਥਾਣਾ ਲੋਪੋਕੇ ਜ਼ਿਲ੍ਹਾ ਅਮ੍ਰਿਤਸਰ ਨੂੰ ਗ੍ਰਿਫਤਾਰ ਕੀਤਾ ਗਿਆ। ਦੋਸ਼ੀ ਸੁਰਿੰਦਰ ਸਿੰਘ ਉੱਕਤ ਅਤੇ ਇਸ ਦੇ ਸਾਥੀਆਂ ਵਲੋਂ ਮਿਤੀ 23ਸਤੰਬਰ 2022 ਨੂੰ ਕਰੀਬ 10:30 ਸਸ਼ਾਮ ਨੂੰ ਧਰੁਵ ਗਰੇਵਰ ਵਾਸੀ ਨਵੀ ਦਿੱਲੀ ਜੋ ਆਪਣੇ ਪਰਵਾਰ ਸਮੇਤ ਡਲਹੌਜੀ ਵੱਲ ਨੂੰ ਜਾ ਰਹੇ ਸੀ, ਤਾਂ ਨਜ਼ਦੀਕ ਮੂਣਕਾ ਗੱਡੀ ਰੋਕ ਕੇ ਦੋਸ਼ੀ ਉੱਕਤ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਕਾਰ ਮਾਰਕਾ ਸਿਆਜ ਖੋਹ ਕੀਤੀ ਸੀ। ਜਿਸ 'ਤੇ ਮੁਕੱਦਮਾ ਦਰਜ ਕਰਕੇ ਇਸ ਦੇ ਅੱਠ ਸਾਥੀਆਂ ਨੂੰ ਪਹਿਲਾਂ ਦੌਰਾਨੇ ਤਫਤੀਸ਼ ਗ੍ਰਿਫਤਾਰ ਕੀਤਾ ਗਿਆ ਸੀ, ਖੋਹ ਕੀਤੀ ਕਾਰ ਇਸ ਦੇ ਸਾਥੀਆ ਪਾਸੋਂ ਬ੍ਰਾਮਦ ਹੋ ਚੁੱਕੀ ਹੈ। ਟਾਂਡਾ ਪੁਲਸ ਵੱਲੋਂ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ।

ਕਾਲੇਕੇ ਵਿਖੇ ਸ਼ਹੀਦਾਂ ਨੂੰ ਸਮਰਪਿਤ ਸਜਾਇਆ ਨਗਰ ਕੀਰਤਨ

ਰਈਆ (ਡੀ. ਕੇ. ਰੈੱਡੀ)-ਸ੍ਰੀ ਚਮਕੌਰ ਸਾਹਿਬ ਦੀ ਗੜ੍ਹੀ ਵਿੱਚ ਸ਼ਹੀਦ ਹੋਣ ਵਾ

25-DEC-PAGE-7.qxd 12/24/2023 10:04 PM Page 1

ਮਹਿਲਾ ਪਹਿਲਵਾਨਾਂ ਦਾ ਕੁਸ਼ਤੀ ਛੱਡਣਾ ਦੇਸ਼ ਲਈ ਸ਼ਰਮਨਾਕ : ਰਾਏ

ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸਾਕਸ਼ੀ ਮਲਿਕ ਵੱਲੋਂ ਕੁਸ਼ਤੀ ਛੱਡ ਦਿੱਤੀ ਗਈ ਹੈ, ਇਹ ਦਿਨ ਇਤਿਹਾਸ ਵਿੱਚ ਕਾਲੇ ਅੱਖਰਾਂ ਵਿੱਚ ਲਿਖਿਆ ਜਾਵੇਗਾ, ਕਿਉਂਕਿ ਭਾਰਤ ਦੀ ਮਹਿਲਾ ਪਹਿਲਵਾਨ ਨੂੰ ਇਨਸਾਫ਼ ਨਾ ਮਿਲਣ ਕਰਕੇ ਉਨ੍ਹਾਂ ਕੁਸ਼ਤੀ ਛੱਡਣ ਦਾ ਐਲਾਨ ਕਰ ਦਿੱਤਾ, ਜੋ ਸਾਡੇ ਸਾਰਿਆਂ ਦੇ ਲਈ ਬਹੁਤ ਸ਼ਰਮ ਵਾਲੀ ਗੱਲ ਹੈ, ਪ੍ਰੰਤੂ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਵੱਲੋਂ ਉਕਤ ਮਾਮਲੇ ਵਿੱਚ ਪੂਰੀ ਤਰ੍ਹਾਂ ਚੁੱਪ ਧਾਰੀ ਹੋਈ ਹੈ, ਜਿਸ ਦੇ ਨਤੀਜੇ ਬਹੁਤ ਭਿਆਨਕ ਹੋਣਗੇ। ਇਹ ਪ੍ਰਗਟਾਵਾ ਵਿਧਾਇਕ ਲਖਬੀਰ ਸਿੰਘ ਰਾਏ ਨੇ ਕੀਤਾ। ਉਹ ਸਰਹਿੰਦ ਦੇ ਅਗਰਸੈਨ ਚੌਕ ਵਿਖੇ ਪਿਛਲੇ ਲੰਮੇ ਸਮੇਂ ਤੋਂ ਬੰਦ ਪਈਆਂ ਟ੍ਰੈਫ਼ਿਕ ਦੀਆਂ ਲਾਈਟਾਂ ਨੂੰ ਚਾਲੂ ਕਰਾਉਣ ਲਈ ਆਏ ਸਨ। ਉਨ੍ਹਾਂ ਕਿਹਾ ਕਿ ਦੇਸ ਦਾ ਨਾਂਅ ਦੁਨੀਆ ਵਿੱਚ ਚਮਕਾਉਣ ਵਾਲੇ ਇਨ੍ਹਾਂ ਖਿਡਾਰੀਆਂ ਦੇ ਨਾਲ ਬੇਇਨਸਾਫ਼ੀ ਹੋਈ ਹੈ। ਇਨ੍ਹਾਂ ਖਿਡਾਰੀਆਂ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਪ੍ਰੋਟੈਸਟ ਕੀਤਾ ਗਿਆ ਸੀ। ਮਹਿਲਾ ਖਿਡਾਰੀਆਂ ਵੱਲੋਂ ਛੇੜਛਾੜ ਦੇ ਗੰਭੀਰ ਦੋਸ਼ ਲਾਏ ਗਏ ਸਨ। ਬੇਸ਼ੱਕ ਅਦਾਲਤ ਦੇ ਹੁਕਮਾਂ ਅਨੁਸਾਰ ਐਫ਼ਆਰਆਈ ਦਰਜ ਕੀਤੀ ਗਈ, ਪ੍ਰੰਤੂ ਏਨੇ ਗੰਭੀਰ ਦੋਸ਼ ਲੱਗਣ ਤੋਂ ਬਾਅਦ ਵੀ ਦੋਸ਼ੀ ਆਜ਼ਾਦ ਘੁੰਮ ਰਿਹਾ ਹੈ। ਇੱਥੇ ਹੀ ਬੱਸ ਨਹੀਂ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲੋਕਤੰਤਰ ਨੂੰ ਖਤਮ ਕਰਨ ਦੇ ਲਈ ਹਰ ਇੱਕ ਹੱਦ ਪਾਰ ਕੀਤੀ ਜਾ ਰਹੀ ਹੈ। ਪਿਛਲੇ ਦਿਨੀਂ 150 ਦੇ ਕਰੀਬ ਸੰਸਦ ਮੈਂਬਰਾਂ ਨੂੰ ਮੁਅੱਤਲ ਕਰ ਦਿੱਤਾ ਗਿਆ। ਦੇਸ ਦੇ ਸਵਾ ਕਰੋੜ ਲੋਕਾਂ ਨੂੰ ਉਕਤ ਮਾਮਲੇ ਵੱਲ ਧਿਆਨ ਦੇਣ ਦੀ ਲੋੜ ਹੈ। ਉਕਤ ਮਾਮਲਿਆਂ ਨੂੰ ਨਹੀਂ ਉਠਾਇਆ ਗਿਆ, ਨਾ ਹੀ ਦੇਸ ਦੇ ਲੋਕਾਂ ਵੱਲੋਂ ਕੋਈ ਆਵਾਜ਼ ਬੁਲੰਦ ਕੀਤੀ ਗਈ, ਇੱਥੇ ਤੱਕ ਕੇ ਮੀਡੀਆ ਵੱਲੋਂ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ ਅਤੇ ਨਾ ਹੀ ਕੇਂਦਰ ਤੋਂ ਸਵਾਲ ਪੁੱਛਿਆ ਗਿਆ। ਉਨ੍ਹਾਂ ਕਿਹਾ ਕਿ ਨਰਿੰਦਰ ਮੋਦੀ ਸਰਕਾਰ ਵੱਲੋਂ ਖਿਡਾਰੀਆਂ ਵਾਲੇ ਮਾਮਲੇ ਨੂੰ ਗੰਭੀਰਤਾ ਨਾਲ ਨਾ ਲੈਣ ਕਰਕੇ ਦੇਸ ਦੀਆਂ ਕੁੜੀਆਂ ਖੇਡਾਂ 'ਚ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰਨਗੀਆਂ।

ਬੱਡੂਵਾਲਾ 'ਚ ਅੱਖਾਂ ਦਾ ਮੁਫ਼ਤ ਕੈਂਪ 6 ਨੂੰ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਪਿੰਡ ਬੱਡੂਵਾਲਾ ਵਿਖੇ ਉਘੇ ਸਮਾਜ ਸੇਵੀ ਪੁਰੇਵਾਲ ਪਰਵਾਰ ਵੱਲੋਂ ਜਿਥੇ ਪਿੰਡ ਦੇ ਲੋੜਵੰਦ ਪਰਵਾਰਾਂ ਦੀ ਸਮੇਂ-ਸਮੇਂ ਉਪਰ ਆਪਣੀ ਕਿਰਤ ਕਮਾਈ ਵਿੱਚੋਂ ਦਸਵੰਧ ਕੱਢਦੇ ਹੋਏ ਮਦਦ ਕੀਤੀ ਜਾਂਦੀ ਹੈ, ਉਥੇ ਹਰ ਸਾਲ ਸਵ. ਗੁਰਦੇਵ ਸਿੰਘ ਪੁਰੇਵਾਲ ਦੇ ਨਾਂਅ ਬਣੇ ਗੁਰਦੇਵ ਸਿੰਘ ਪੁਰੇਵਾਲ ਮੈਮੋਰੀਅਲ ਚੈਰੀਟੇਬਲ ਕਲੱਬ ਬੱਡੂਵਾਲਾ ਵੱਲੋਂ ਪਿੰਡ ਵਿੱਚ ਅੱਖਾਂ ਦੀ ਫ੍ਰੀ ਚੈੱਕਅਪ ਕੈਂਪ ਲਾਇਆ ਜਾਂਦਾ ਹੈ। ਜ਼ਿਕਰਯੋਗ ਹੈ ਕਿ ਪੁਰੇਵਾਲ ਕਲੱਬ ਵੱਲੋਂ ਪਿੰਡ ਦੇ ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹਾਂ ਦੇ ਸਮੇਂ ਵਿਸ਼ੇਸ਼ ਸ਼ਗਨ, ਲੋੜਵੰਦ ਪਰਵਾਰਾਂ ਨੂੰ ਘਰ ਬਣਾਉਣ ਲਈ ਮਾਲੀ ਮਦਦ, ਨੌਜਵਾਨਾਂ ਨੂੰ ਨਸ਼ੇ ਵਰਗੀ ਅਲਾਮਤ ਤੋਂ ਬਚਾਉਣ ਲਈ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਤੋਂ ਇਲਾਵਾ ਪਿੰਡ ਦੀ ਤਰੱਕੀ ਅਨੇਕਾਂ ਕਾਰਜ ਕਰਾਏ ਜਾਂਦੇ ਹਨ। ਰਛਪਾਲ ਸਿੰਘ ਪੁਰੇਵਾਲ, ਪਾਲ ਸਿੰਘ ਪੁਰੇਵਾਲ, ਡਾ. ਭਾਗ ਸਿੰਘ ਕਲੱਬ ਪ੍ਰਧਾਨ ਤੇ ਸਰਪੰਚ ਅਵਤਾਰ ਸਿੰਘ ਨੇ ਦੱਸਿਆ ਕਿ ਕਲੱਬ ਵੱਲੋਂ 6 ਜਨਵਰੀ ਨੂੰ ਪਿੰਡ ਬੱਡੂਵਾਲਾ ਵਿਖੇ ਅੱਖਾਂ ਦਾ ਫਰੀ ਚੈਕਅੱਪ ਕੈਂਪ ਲਾਇਆ ਜਾ ਰਿਹਾ ਹੈ, ਜਿਸ ਵਿੱਚ ਹਲਕਾ ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ ਮੁੱਖ ਮਹਿਮਾਨ ਤੇ ਗੁਰਮੀਤ ਮੁਖੀਜਾ ਵਾਈਸ ਪ੍ਰਧਾਨ ਨਗਰ ਕੌਂਸਲ ਧਰਮਕੋਟ ਵਿਸੇਸ ਮਹਿਮਾਨ ਦੇ ਤੌਰ ਤੇ ਪਹੁੰਚਣਗੇ। ਕੈਂਪ ਦੌਰਾਨ ਅੱਖਾਂ ਦੇ ਮਸਹੂਰ ਡਾਕਟਰ ਮਹਿੰਦਰਪਾਲ ਸ਼ਰਮਾ (ਬੁੱਟਰ ਵਾਲੇ) ਅੱਖਾਂ ਦਾ ਫ੍ਰੀ ਚੈੱਕਅਪ ਕਰਨਗੇ ਅਤੇ ਲੋੜਵੰਦ ਮਰੀਜ਼ਾਂ ਦੇ ਫ੍ਰੀ ਅਪ੍ਰੇਸ਼ਨ ਵੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਮਰੀਜਾਂ ਨੂੰ ਦਵਾਈ ਅਤੇ ਐਨਕਾਂ ਵੀ ਫ੍ਰੀ ਦਿੱਤੀਆਂ ਜਾਣਗੀਆਂ। ਸਵੇਰੇ 9 ਵਜੇ ਤੋਂ 2 ਵਜੇ ਤੱਕ ਗੁਰਦੁਆਰਾ ਅਕਾਲਗੜ੍ਹ ਸਾਹਿਬ ਪਿੰਡ ਬੱਡੂਵਾਲਾ ਵਿਖੇ ਪਹੁੰਚਣ ਦੀ ਅਪੀਲ ਕੀਤੀ। ਸੰਗਤਾਂ ਲਈ ਲੰਗਰ ਦਾ ਪ੍ਰਬੰਧ ਗੁਰਦੁਆਰਾ ਸਾਹਿਬ ਵਿਖੇ ਕੀਤਾ ਜਾਵੇਗਾ। ਸ਼ੂਗਰ ਦੇ ਮਰੀਜਾਂ ਦੇ ਬਲੱਡ ਟੈੱਸਟ ਫ੍ਰੀ ਕੀਤੇ ਜਾਣਗੇ।

ਸਰਵਹਿੱਤਕਾਰੀ ਵਿੱਦਿਆ ਮੰਦਰ ਸਕੂਲ ਵਿਖੇ ਸਕਾਲਰਸ਼ਿਪ ਵੰਡ ਸਮਾਰੋਹ

ਜਗਰਾਉਂ (ਅਮਿਤ ਖੰਨਾ)-ਸ੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਿਰ ਸੀ. ਸੈ. ਸਕੂਲ ਜਗਰਾਉਂ ਵਿਖੇ ਪ੍ਰਿੰ: ਸ੍ਰੀਮਤੀ ਨੀਲੂ ਨਰੂਲਾ ਦੀ ਯੋਗ ਅਗਵਾਈ ਅਧੀਨ ਸਕਾਲਰਸ਼ਿਪ ਵਿੰਡ ਸਮਾਰੋਹ ਕਰਵਾਇਆ ਗਿਆ।ਇਹ ਸਕਾਲਰਸ਼ਿਪ ਜਗਰਾਉਂ ਦੇ ਸਾਰੇ ਸਕੂਲਾਂ ਵਿੱਚੋਂ ਸਿਰਫ ਸਰਵਿੱਤਕਾਰੀ ਸਕੂਲ ਵਿਖੇ ਹੀ ਦਿੱਤੀ ਜਾਂਦੀ ਹੈ।ਪੇਪਰਾਂ ਵਿੱਚੋਂ 70% ਤੋਂ ਉੱਪਰ ਅੰਕ ਲੈਣ ਵਾਲਿਆਂ ਨੂੰ 50 ਰੁਪਏ, 80% ਤੋਂ ਉੱਪਰ ਅੰਕ ਲੈਣ ਵਾਲਿਆਂ ਨੂੰ 100 ਰੁਪਏ ਤੇ 90% ਤੋਂ ਉੱਪਰ ਅੰਕ ਲੈਣ ਵਾਲਿਆਂ ਨੂੰ 200 ਰੁਪਏ ਸਕਾਲਰਸ਼ਿਪ ਦਿੱਤੀ ਜਾਂਦੀ ਹੈ, ਜੋ ਕਿ ਬੱਚਿਆਂ ਲਈ ਬਹੁਤ ਹੀ ਅਮੁਲ ਹੁੰਦੀ ਹੈ, ਕਿਉਂਕਿ ਇਹ ਬੱਚੇ ਦੀ ਕੀਤੀ ਮਿਹਨਤ ਦਾ ਫਲ ਹੁੰਦਾ ਹੈ ਤੇ ਜਦੋਂ ਬੱਚਿਆਂ ਨੂੰ ਇਹ ਫਲ ਮਿਲਦਾ ਹੈ, ਜੋ ਚਮਕ ਉਨ੍ਹਾਂ ਦੀਆਂ ਅੱਖਾਂ ਵਿੱਚ ਹੁੰਦੀ ਹੈ, ਉਹ ਬਹੁਤ ਹੀ ਲਾਸਾਨੀ ਹੁੰਦੀ ਹੈ।ਇਸ ਮੌਕੇ ਸਕੂਲ ਦੇ ਪ੍ਰਧਾਨ ਰਵਿੰਦਰ ਗੁਪਤਾ, ਪ੍ਰਬੰਧਕ ਐਡਵੋਕੇਟ ਵਿਵੇਕ ਭਾਰਦਵਾਜ, ਮੈਂਬਰ ਆਕਾਸ਼ ਗੁਪਤਾ ਤੇ ਪ੍ਰਿੰ: ਨੀਲੂ ਨਰੂਲਾ ਨੇ ਬੱਚਿਆਂ ਨੂੰ ਸਕਾਲਰਸ਼ਿਪ ਵੰਡੀ।ਅੰਤ ਵਿੱਚ ਪ੍ਰਬੰਧਕ ਐਡਵੋਕੇਟ ਵਿਵੇਕ ਭਾਰਦਵਾਜ ਨੇ ਬੱਚਿਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਕਿਹਾ ਕਿ ਜੋ ਬੱਚੇ ਸਕਾਲਰਸ਼ਿਪ ਨਹੀਂ ਲੈ ਸਕੇ, ਉਹ ਵੀ ਵੱਧ ਚੜ੍ਹ ਕੇ ਮਿਹਨਤ ਕਰਨਗੇ ਤਾਂ ਜੋ ਅਗਲੇ ਸਾਲ ਉਹ ਬੱਚੇ ਵੀ ਵਜ਼ੀਫਾ ਲੈ ਸਕਣ।

ਸ਼ਹੀਦ ਊਧਮ ਸਿੰਘ ਦੇ ਜਨਮ ਦਿਹਾੜੇ ਮੌਕੇ ਕੀਤੀ ਜਾਵੇਗੀ ਵਿਚਾਰ-ਚਰਚਾ

ਕੋਟਕਪੂਰਾ (ਰਛਪਾਲ ਭੁੱਲਰ)

ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਜ਼ਿਲ੍ਹਾ ਫ਼ਰੀਦਕੋਟ ਦੇ ਪ੍ਰਧਾਨ ਅਸ਼ੋਕ ਕੌਸਲ, ਮੀਤ ਪ੍ਰਧਾਨ ਪ੍ਰੇਮ ਚਾਵਲਾ, ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ, ਪੀ ਆਰ ਓ ਪ੍ਰੋਫੈਸਰ ਹਰਬੰਸ ਸਿੰਘ ਪਦਮ, ਮੁਖਤਿਆਰ ਸਿੰਘ ਮੱਤਾ, ਗੁਰਚਰਨ ਸਿੰਘ ਮਾਨ, ਤਰਸੇਮ ਨਰੂਲਾ ਤੇ ਸੁਖਮੰਦਰ ਸਿੰਘ ਰਾਮਸਰ ਨੇ ਦੱਸਿਆ ਕਿ ਆਜ਼ਾਦੀ ਸੰਗਰਾਮ ਦੇ ਮਹਾਨ ਨਾਇਕ ਸ਼ਹੀਦ ਊਧਮ ਸਿੰਘ ਦੇ ਜਨਮ ਦਿਹਾੜੇ ਮੌਕੇ 'ਤੇ 26 ਦਸੰਬਰ ਨੂੰ ਦੁਪਹਿਰ 12 ਸ਼ਹੀਦ ਭਗਤ ਸਿੰਘ ਪਾਰਕ ਨੇੜੇ ਪੁਰਾਣਾ ਕਿਲਾ ਕੋਟਕਪੂਰਾ ਵਿਖੇ ਸ਼ਹੀਦ ਊਧਮ ਸਿੰਘ ਜੀ ਦੀ ਵਿਚਾਰਧਾਰਾ ਦੀ ਮੌਜੂਦਾ ਸਮੇਂ ਵਿੱਚ ਸਾਰਥਿਕਤਾ ਵਿਸ਼ੇ 'ਤੇ ਵਿਚਾਰ ਚਰਚਾ ਕਰਾਈ ਜਾ ਰਹੀ ਹੈ।

ਸਮਾਗਮ ਦੌਰਾਨ ਆਪਣੇ ਅਧਿਆਪਨ ਕਿੱਤੇ ਪ੍ਰਤੀ ਸਮਰਪਤ ਤੇ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੇ 9 ਅਧਿਆਪਕ ਵੀ ਸਨਮਾਨਤ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚ ਸ੍ਰੀ ਕਪਿਲ ਕੁਮਾਰ ਗੋਇਲ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਸੂਰਘੂਰੀ, ਰਵਿੰਦਰ ਕੌਰ ਲੈਕਚਰਾਰ ਮੈਥ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫ਼ਰੀਦਕੋਟ, ਵਿਨੋਦ

■ 9 ਅਧਿਆਪਕ ਵੀ ਕੀਤੇ ਜਾਣਗੇ ਸਨਮਾਨਤ

ਕੁਮਾਰ ਹਿੰਦੀ ਮਾਸਟਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਲੇਵਾਲਾ, ਮੋਨਿਕਾ ਗੋਇਲ ਅੰਗਰੇਜ਼ੀ ਮਿਸਟ੍ਰੈਸ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘੁਗਿਆਣਾ, ਮਹੇਸ਼ ਕੁਮਾਰ ਜੈਨ ਸਾਇੰਸ ਮਾਸਟਰ ਸਰਕਾਰੀ ਹਾਈ ਸਕੂਲ ਸਿਬੀਆਂ, ਨਵਨੀਤ ਕੌਰ ਸਾਇੰਸ ਮਿਸਟ੍ਰੈਸ ਸਰਕਾਰੀ ਮਿਡਲ ਸਕੂਲ ਮਨਜੀਤ ਇੰਦਰਪੁਰਾ ਫ਼ਰੀਦਕੋਟ, ਨਰੇਸ਼ ਕੁਮਾਰ ਈ ਟੀ ਟੀ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਸੁਰਗਾਪੁਰੀ ਕੋਟਕਪੂਰਾ, ਜਗਜੀਤ ਸਿੰਘ ਈ ਟੀ ਟੀ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਔਲਖ ਤੇ ਮਨਜੀਤ ਸਿੰਘ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਹਰੀਨੌਂ ਸ਼ਾਮਲ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਡਾਕਟਰ ਸੋਮ ਨਾਥ ਸਿੰਗਲਾ, ਅੱਖਾਂ ਦੇ ਮਾਹਰ ਡਾਕਟਰ ਹੋਣਗੇ।

ਸਮਾਗਮ ਦੌਰਾਨ ਵੱਖ-ਵੱਖ ਸਕੂਲਾਂ ਦੇ 7 ਲੋੜਵੰਦ ਅਤੇ ਹੁਸ਼ਿਆਰ ਵਿਦਿਆਰਥੀਆਂ ਨੂੰ ਚੈੱਕ ਵੀ ਵੰਡੇ ਜਾਣਗੇ ਤੇ ਸੁਸਾਇਟੀ ਵੱਲੋਂ ਸਾਲ 2024 ਦਾ ਛਪਵਾਇਆ ਗਿਆ ਤੇ ਕੈਲੇਂਡਰ ਵੀ ਜਾਰੀ ਕੀਤਾ ਜਾਵੇਗਾ।

ਕਾਤਰਾਂ

ਨੌਜਵਾਨ ਨੇ ਨਹਿਰ 'ਚ ਛਾਲ ਮਾਰ ਕੇ ਕੀਤੀ ਆਤਮ-ਹੱਤਿਆ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਰਹਿੰਦ

ਨਹਿਰ ਦੇ ਗੜ੍ਹੀ ਪੁਲ ਤੋਂ ਇੱਕ ਨੌਜਵਾਨ ਨੇ ਛਾਲ ਮਾਰ ਕੇ ਆਤਮ-ਹੱਤਿਆ ਕਰ ਲਈ। ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਨੌਜਵਾਨ ਨਹਿਰ ਦੇ ਪੁਲ 'ਤੇ ਆਇਆ ਤੇ ਉਸ ਨੇ ਛਾਲ ਮਾਰ ਦਿੱਤੀ ਅਤੇ ਜਦੋਂ ਇਸ ਸਬੰਧੀ ਰਾਹਗੀਰ ਨੇ ਉਸ ਨੂੰ ਡੁੱਬਦੇ ਦੇਖਿਆ ਤਾਂ ਉਸ ਨੂੰ ਬਚਾਉਣ ਲਈ ਉਹ ਵੀ ਪਾਣੀ ਵਿੱਚ ਕੁੱਦ ਗਿਆ। ਰਾਹਗੀਰ ਵੱਲੋਂ ਥੋੜ੍ਹੀ ਦੂਰ ਜਾ ਕੇ ਨਹਿਰ ਵਿੱਚ ਛਾਲ ਮਾਰਨ ਵਾਲੇ ਨੌਜਵਾਨ ਨੂੰ ਪਾਣੀ 'ਚੋਂ ਬਾਹਰ ਕੱਢ ਲਿਆ, ਪਰ ਉਦੋਂ ਤੱਕ ਉਸ ਦੀ ਮੌਤ ਹੋ ਚੁੱਕੀ ਸੀ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਮੁਖੀ ਭਿੰਦਰ ਸਿੰਘ ਖੰਗੂੜਾ ਮੌਕੇ 'ਤੇ ਪਹੁੰਚ ਗਏ ਤੇ ਜਦੋਂ ਮ੍ਰਿਤਕ ਨੌਜਵਾਨ ਦੇ ਕੱਪੜਿਆਂ ਦੀ ਤਲਾਸ਼ੀ ਲਈ ਗਈ ਤਾਂ ਉਸ 'ਚੋਂ ਅਜਿਹਾ ਕੋਈ ਦਸਤਾਵੇਜ਼ ਨਾ ਮਿਲਿਆ, ਜਿਸ ਤੋਂ ਉਸ ਦੀ ਪਹਿਚਾਣ ਹੋ ਸਕੇ। ਪੁਲਸ ਨੇ ਆਸ-ਪਾਸ ਲੋਕਾਂ ਤੋਂ ਵੀ ਮ੍ਰਿਤਕ ਦੀ ਪਹਿਚਾਣ ਕਰਵਾਉਣ ਦੀ ਕੋਸ਼ਿਸ਼ ਕੀਤੀ, ਪਰ ਕੋਈ ਜਾਣਕਾਰੀ ਨਾ ਮਿਲੀ। ਨਹਿਰ ਵਿੱਚ ਛਾਲ ਮਾਰ ਕੇ ਆਤਮ-ਹੱਤਿਆ ਕਰਨ ਵਾਲੇ ਨੌਜਵਾਨ ਦੀ ਉਮਰ ਕਰੀਬ 22 ਤੋਂ 25 ਸਾਲ ਤੱਕ ਲੱਗਦੀ ਹੈ ਤੇ ਉਸ ਦੇ ਹੱਥ ਵਿੱਚ ਪਾਏ ਕੜੇ ਤੋਂ ਲੱਗ ਰਿਹਾ ਸੀ ਕਿ ਇਹ ਪੰਜਾਬੀ ਹੈ। ਫਿਲਹਾਲ ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਮੋਰਚਰੀ ਵਿੱਚ ਪਹਿਚਾਣ ਲਈ ਰਖਵਾ ਦਿੱਤਾ ਹੈ। ਥਾਣਾ ਮੁਖੀ ਭਿੰਦਰ ਸਿੰਘ ਖੰਗੂੜਾ ਨੇ ਦੱਸਿਆ ਕਿ ਆਸ-ਪਾਸ ਇਲਾਕੇ ਵਿੱਚ ਜੇਕਰ ਕੋਈ ਨੌਜਵਾਨ ਲਾਪਤਾ ਹੈ ਤਾਂ ਤੁਰੰਤ ਉਸ ਦੀ ਪਹਿਚਾਣ ਕਰਨ ਲਈ ਪੁਲਸ ਨਾਲ ਸੰਪਰਕ ਕਰਨ।

ਗੁਰੂ ਗੋਬਿੰਦ ਸਿੰਘ ਜੀ ਤੇ ਉਨ੍ਹਾ ਦੇ ਪਰਵਾਰ ਦਾ ਸ਼ਹੀਦੀ ਦਿਹਾੜਾ ਮਨਾਇਆ

ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸਵੇਰ ਦੀ ਪ੍ਰਾਰਥਨਾ ਸਭਾ ਵਿੱਚ ਬੱਚਿਆਂ ਨੇ 'ਵਾਟਾਂ ਲੰਮੀਆਂ ਤੇ ਰਸਤਾ ਪਹਾੜ ਦਾ' ਸ਼ਬਦ ਗਾਇਨ ਕੀਤਾ। ਬੱਚਿਆਂ ਨੇ ਇਸ ਮੌਕੇ ਕਵਿਤਾ ਗਾਇਨ ਅਤੇ ਸਿੱਖ ਧਰਮ ਦੇ ਸੱਤ ਪਵਿੱਤਰ ਤੇ ਮਹਾਨ ਦਿਨਾਂ ਬਾਰੇ ਦੱਸਿਆ। ਇਸ ਮੌਕੇ ਕਲਾਸ ਛੇਵੀ ਤੋਂ ਦਸਵੀਂ ਦੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਤੇ ਉਨ੍ਹਾਂ ਦੇ ਸਾਹਿਬਜ਼ਾਦਿਆਂ ਦੇ ਪੋਸਟਰ ਬਣਾਉਣ ਮੁਕਾਬਲੇ ਕਰਾਏ ਗਏ। ਇਸ ਤੋਂ ਇਲਾਵਾ ਸਕੂਲ ਦੇ ਚੇਅਰਮੈਨ ਜਸਵਿੰਦਰ ਸਿੰਘ ਨੇ ਬੱਚਿਆਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਸਿੱਖ ਇਤਿਹਾਸ ਬਾਰੇ ਦੱਸਿਆ ਕਿ ਕਿਵੇਂ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੀ ਕੌਮ ਲਈ ਆਪਣਾ ਸਾਰਾ ਪਰਿਵਾਰ ਕੁਰਬਾਨ ਕਰ ਦਿੱਤਾ। ਇਸ ਤੋਂ ਇਲਾਵਾ ਮੈਡਮ ਪ੍ਰਿੰਸੀਪਲ ਸੋਚੁਨਾ ਗੋਸਵਾਮੀ, ਵਾਈਸ ਪ੍ਰਿੰਸੀਪਲ ਮੈਡਮ ਸੋਨੀਆ, ਮੈਡਮ ਪੂਨਮ ਸਰਮਾ, ਮੈਡਮ ਮਨਜੀਤ ਕੌਰ, ਮੈਡਮ ਪੂਨਮ ਤਨੇਜਾ ਨੇ ਇਸ ਮੌਕੇ ਆਪਣਾ ਯੋਗਦਾਨ ਪਾਇਆ।

ਕ੍ਰਿਸਮਸ ਡੇਅ ਵੇਅ ਆਫ਼ ਫੇਥ ਚਰਚ ਰੇਤਗੜ੍ਹ 'ਚ ਧੂਮ-ਧਾਮ ਨਾਲ ਮਨਾਇਆ ਜਾਵੇਗਾ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪ੍ਰਭੂ ਯਿਸੂ ਮਸੀਹ ਜੀ ਦਾ ਜਨਮ ਦਿਹਾੜਾ ਕ੍ਰਿਸਮਸ ਡੇਅ ਨੇੜਲੇ ਪਿੰਡ ਰੇਤਗੜ੍ਹ ਦੀ ਵੇਅ ਆਫ਼ ਫੇਥ ਚਰਚ ਵੱਲੋਂ ਪਾਸਟਰ ਗੁਰਚਰਨ ਸਿੰਘ ਦੀ ਅਗਵਾਈ ਹੇਠ ਉਨ੍ਹਾਂ ਨੂੰ ਫਿਰ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਪਾਸਟਰ ਗੁਰਚਰਨ ਸਿੰਘ ਰੇਤਗੜ੍ਹ ਨੇ ਦੱਸਿਆ ਕਿ ਕੁੱਝ ਦਿਨ ਪਹਿਲਾਂ ਸ਼ੋਭਾ ਯਾਤਰਾ ਪ੍ਰਭੂ ਯਿਸੂ ਦੇ ਜਨਮਦਿਨ ਦੀ ਖੁਸ਼ੀ ਵਿੱਚ ਕੱਢੀ ਗਈ ਹੈ। ਉਨ੍ਹਾਂ ਕਿਹਾ ਕਿ ਮੈਨੂੰ ਬੜੀ ਖੁਸ਼ੀ ਹੋਈ ਸੀ ਕਿ ਉਸ ਦਿਨ ਸੈਂਕੜੇ ਲੋਕ ਇਸ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੋਏ। ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਲੋਕਾਂ ਵੱਲੋਂ ਬਹੁਤ

25-DEC-PAGE-8.qxd 12/24/2023 10:15 PM Page 1

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ 'ਚ ਸ਼ਹੀਦੀ ਸਮਾਗਮ ਕਰਵਾਇਆ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿੱਚ ਚਾਰ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਤ ਸ਼ਹੀਦੀ ਸਮਾਗਮ ਕਰਵਾਏ ਗਏ। ਇਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਸਾਕਾ ਸ੍ਰੀ ਚਮਕੌਰ ਸਾਹਿਬ ਅਤੇ ਸਾਕਾ ਸਰਹੰਦ ਬਾਰੇ ਕਵਿਤਾਵਾਂ, ਭਾਸ਼ਣ ਅਤੇ ਸ਼ਬਦ ਗਾਇਨ ਰਾਹੀਂ ਸਾਹਿਬਜ਼ਾਦਿਆਂ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕੀਤਾ। ਪ੍ਰਿੰਸੀਪਲ ਨੀਰਜ ਕੁਮਾਰ ਵਰਮਾ ਅਤੇ ਲੈਕਚਰਾਰ ਦਇਆ ਸਿੰਘ ਵੱਲੋਂ ਸਤਿਗੁਰਾਂ, ਸਾਹਿਬਜ਼ਾਦਿਆਂ ਅਤੇ ਹਜ਼ਾਰਾਂ ਸਿੰਘਾਂ ਸਿੰਘਣੀਆਂ ਵੱਲੋਂ ਜ਼ੁਲਮ ਦੇ ਟਾਕਰੇ ਅਤੇ ਧਾਰਮਿਕ ਆਜ਼ਾਦੀ ਲਈ ਦਿੱਤੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਆ। ਮੰਚ ਸੰਚਾਲਨ ਦਲਜੀਤ ਕੌਰ ਸੋਸ਼ਲ ਸਾਇੰਸ ਅਧਿਆਪਕਾ ਨੇ ਕੀਤਾ।

'ਨਸ਼ਾਖੋਰੀ ਦੇ ਮਾੜੇ ਪ੍ਰਭਾਵਾਂ ਤੇ ਇਲਾਜ ਬਾਰੇ ਸੈਮੀਨਾਰ'

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਕੋਮਲ ਮਿੱਤਲ ਡਿਪਟੀ ਕਮੀਸ਼ਨਰ ਕਮ ਚੇਅਰਪਰਸਨ ਅਤੇ ਡਾ. ਹਰਬੰਸ ਕੌਰ ਡਿਪਟੀ ਮੈਡੀਕਲ ਕਮਿਸ਼ਨਰ ਕਮ ਮੈਂਬਰ ਸਕੱਤਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਵਲੋਂ ਸਰਕਾਰੀ ਹਾਈ ਸਕੂਲ ਮੁਹੱਲਾ ਫਤਹਿਗੜ੍ਹ ਵਿਖੇ ਨਸ਼ਾਖੋਰੀ ਦੇ ਮਾੜੇ ਪ੍ਰਭਾਵਾਂ ਤੇ ਇਲਾਜ ਬਾਰੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਤੋਂ ਪ੍ਰਸ਼ਾਂਤ ਆਦਿਆ ਕੌਂਸਲਰ ਵੱਲੋਂ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਕਾਰਨਾਂ ਅਤੇ ਇਲਾਜ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ 02 ਨਸ਼ਾ ਮੁਕਤੀ ਕੇਂਦਰ ਸਿਵਲ ਹਸਪਤਾਲ ਹੁਸ਼ਿਆਰਪੁਰ ਅਤੇ ਦਸੂਹਾ, 01 ਪੁਨਰਵਾਸ ਕੇਂਦਰ ਮੁਹੱਲਾ ਫਤਹਿਗੜ੍ਹ ਵਿਖੇ ਹੈ ਜਿਥੇ ਮਰੀਜ਼ਾਂ ਦਾ ਇਲਾਜ ਕੀਤਾ ਜਾਂਦਾ ਹੈ। ਇਥੇ ਜ਼ਿਲ੍ਹਾ ਰੈੱਡ ਕ੍ਰਾਸ ਦੇ ਸਹਿਯੋਗ ਨਾਲ਼ ਕਿੱਤਾਮੁਖੀ ਵੋਕੇਸ਼ਨਲ ਸਕਿੱਲ ਡਿਵੈਲਪਮੈਂਟ ਕੋਰਸ ਐਫ.ਸੀ. ਆਈ. ਅਧੀਨ ਫੂਡ ਕਰਾਫਟ, ਸਲੂਨ ਅਤੇ ਹੋਰ ਕਈ ਸਿਖਲਾਈ ਕੋਰਸ ਕਰਵਾਏ ਜਾਂਦੇ ਹਨ। ਇਸ ਮੌਕੇ ਸਮੂਹ ਵਿਦਿਆਰਥੀਆਂ ਤੇ ਸਟਾਫ਼ ਨੂੰ ਨਸ਼ਾ ਮੁਕਤੀ ਦੀ ਸਹੁੰ ਚੁਕਾਈ ਗਈ।

ਸਰਕਾਰੀ ਕੰਨਿਆ ਸੀ.ਸੈ.ਸਕੂਲ ਦੀਆਂ ਵਿਦਿਆਰਥਣਾਂ ਨੇ ਵਿੱਦਿਅਕ ਟੂਰ ਲਗਾਇਆ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਾਂਹਵਧੂ ਤੇ ਦੂਰ ਅੰਦੇਸ਼ੀ ਸੋਚ ਦੇ ਸਦਕਾ ਇਹ ਪਹਿਲੀ ਵਾਰ ਹੋ ਰਿਹਾ ਹੈ ਕਿ ਸਰਕਾਰੀ ਸਕੂਲਾਂ 'ਚ ਪੜ੍ਹਨ ਵਾਲੇ ਬੱਚਿਆਂ ਨੂੰ ਵੀ ਨਿੱਜੀ ਸਕੂਲਾਂ ਵਾਂਗ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਇਸ ਦੇ ਤਹਿਤ ਜਿੱਥੇ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੀਆਂ ਵਿਦਿਆਰਥਣਾਂ ਵਾਸਤੇ ਬੱਸਾਂ ਉਪਲੱਬਧ ਕਰਵਾਈਆਂ ਗਈਆਂ ਹਨ। ਸਕੂਲ ਮੁਖੀ ਪ੍ਰਿੰਸੀਪਲ ਨੀਰਜ ਕੁਮਾਰ ਵਰਮਾ ਨੇ ਦੱਸਿਆ ਕਿ ਜਿੱਥੇ ਉਨ੍ਹਾਂ ਵੱਲੋਂ ਜ਼ਿਲ੍ਹਾ ਸਿੱਖਿਆ ਅਫਸਰ ਪ੍ਰੇਮ ਮਿੱਤਲ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਐਸ ਪੀ ਸਿੰਘ ਦੇ ਅਦੇਸ਼ਾਂ ਅਨੁਸਾਰ ਵਿਦਿਆਰਣਾਂ ਨੂੰ ਚੰਡੀਗੜ੍ਹ, ਨੈਣਾ ਦੇਵੀ, ਗੁਰੂ ਕਾ ਲਹੌਰ ਆਦਿ ਵਿਖੇ ਵਿੱਦਿਅਕ ਟੂਰਾਂ 'ਤੇ ਭੇਜਿਆ ਗਿਆ ਹੈ ਉੱਥੇ ਹੀ ਦੁਨੀਆਂ ਭਰ ਦੇ ਵਿੱਚ ਵਿਲੱਖਣ ਪਹਿਚਾਣ ਹਾਸਲ ਕਰ ਚੁੱਕੇ ਅਤੇ ਪੰਜਾਬ ਦੇ 550 ਸਾਲਾਂ ਦੇ ਗੌਰਵਮਈ ਅਮੀਰ ਵਿਰਸੇ ਨੂੰ ਰੂਪਮਾਨ ਕਰਨ ਵਾਲੇ ਵਿਰਾਸਤ-ਏ-ਖਾਲਸਾ ਵਿਖੇ ਵੀ ਵਿਸ਼ੇਸ਼ ਤੌਰ 'ਤੇ ਲੈਜਾਇਆ ਗਿਆ।

ਸ਼ਹੀਦ ਬਾਬਾ ਜੀਵਨ ਸਿੰਘ ਦਾ ਸ਼ਹੀਦੀ ਦਿਹਾੜਾ ਪਹਿਲੀ ਨੂੰ

ਸੁਲਤਾਨਪੁਰ ਲੋਧੀ (ਰਾਜਵੀਰ ਸਿੰਘ/ਬਲਵਿੰਦਰ ਸਿੰਘ ਧਾਲੀਵਾਲ) ਅਮਰ ਸ਼ਹੀਦ ਬਾਬਾ ਜੀਵਨ ਸਿੰਘ ਦਾ ਸ਼ਹੀਦੀ ਦਿਹਾੜਾ 1 ਜਨਵਰੀ ਨੂੰ ਗੁਰਦੁਆਰਾ ਬਾਬਾ ਜੀਵਨ ਸਿੰਘ ਤਲਵੰਡੀ ਚੌਧਰੀਆਂ ਵਿਖੇ ਪ੍ਰਵਾਸੀ ਭਾਰਤੀ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਸਾਂਝੇ ਤੌਰ 'ਤੇ ਦੱਸਿਆ ਕਿ 30 ਦਸੰਬਰ ਨੂੰ ਅਖੰਡ ਪਾਠ ਸਾਹਿਬ ਅਰੰਭ ਹੋਣਗੇ। 1 ਜਨਵਰੀ 2024 ਨੂੰ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਸੁੰਦਰ ਦੀਵਾਨ ਸਜਾਏ ਜਾਣਗੇ। ਇਸ ਮੌਕੇ ਚਰਨਜੀਤ ਸਿੰਘ ਸਹੋਤਾ, ਦਰਸ਼ਨ ਸਿੰਘ, ਦਿਆਲ ਸਿੰਘ, ਅਮਰਜੀਤ ਸਿੰਘ ਫੌਜੀ, ਜਰਨੈਲ ਸਿੰਘ ਨਿਹੰਗ, ਮੁੱਖਾ ਸਿੰਘ, ਸਰਬਜੀਤ ਸਿੰਘ ਅਟਵਾਲ, ਸੰਦੀਪ ਸਿੰਘ ਨਾਹਰ, ਮਾ.ਦਲਜੀਤ ਰਾਏ, ਨੰਬਰਦਾਰ ਓਮ ਪ੍ਰਕਾਸ਼, ਠੇਕੇਦਾਰ ਜਗਜੀਤ ਸਿੰਘ, ਲਵਪ੍ਰੀਤ ਸਿੰਘ ਨਾਹਰ, ਪਾਲ ਸਿੰਘ, ਸ਼ਨੀ ਗਿੱਲ, ਲਵਲੀ ਨਾਹਰ, ਸਤਨਾਮ ਸਿੰਘ ਹੰਸ, ਜਸਪਾਲ ਸਿੰਘ ਹੰਸ, ਅਰਮਾਨ ਸਿੰਘ ਹੰਸ ਅਤੇ ਹੋਰ ਸੇਵਾਦਾਰ ਹਾਜ਼ਰ ਸਨ।

ਰਾਜ ਪੱਧਰੀ ਸਿਖਲਾਈ ਵਰਕਸ਼ਾਪ 'ਚ 115 ਕੁੜੀਆਂ ਨੇ ਹਿੱਸਾ ਲਿਆ

ਚੰਡੀਗੜ੍ਹ, (ਗੁਰਜੀਤ ਬਿੱਲਾ) ਯੁਵਕ ਸੇਵਾਵਾਂ ਵਿਭਾਗ ਵੱਲੋਂ ਕੁੜੀਆਂ ਲਈ ਲਗਾਈ ਗਈ ਪੰਜ ਰੋਜ਼ਾ ਰਾਜ ਪੱਧਰੀ ਯੁਵਕ ਸਿਖਲਾਈ ਵਰਕਸ਼ਾਪ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਸਮਾਪਤ ਹੋ ਗਈ। ਸਮਾਪਤੀ ਸਮਾਰੋਹ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਪੰਜਾਬ ਯੁਵਕ ਵਿਕਾਸ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਨੇ ਵਰਕਸ਼ਾਪ 'ਚ ਹਿੱਸਾ ਲੈਣ ਵਾਲੀਆਂ 115 ਲੜਕੀਆਂ ਨੂੰ ਸਰਟੀਫਿਕੇਟ ਵੰਡੇ। ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਅਜਿਹੀਆਂ ਵਰਕਸ਼ਾਪਾਂ ਨੌਜਵਾਨ ਮੁੰਡੇ-ਕੁੜੀਆਂ ਦੀ ਸਖਸੀਅਤ ਉਸਾਰੀ 'ਚ ਅਹਿਮ ਰੋਲ ਨਿਭਾਉਂਦੀਆਂ ਹਨ। ਇਸ ਮੌਕੇ ਨੈਸ਼ਨਲ ਐਵਾਰਡ ਜੇਤੂ ਸ੍ਰੈਯਾ ਮੈਨੀ ਵੱਲੋਂ ਲੈਕਚਰ ਦਿੱਤਾ ਗਿਆ। ਇਸ ਤੋਂ ਇਲਾਵਾ ਹੋਰ ਉੱਘੇ ਮਾਹਿਰਾਂ ਵੱਲੋਂ 5 ਰੋਜ਼ਾ ਵਰਕਸ਼ਾਪ ਦੌਰਾਨ ਲੜਕੀਆਂ ਨੂੰ ਮੋਟੀਵੇਸ਼ਨਲ ਲੈਕਚਰ, ਸ਼ੋਸ਼ਲ ਮੀਡਿਆ ਦੇ ਲਾਭ ਅਤੇ ਹਾਨੀਆਂ ਸੰਬੰਧੀ ਲੈਕਚਰ ਦਿੱਤੇ ਗਏ। ਵਰਕਸ਼ਾਪ ਦੇ ਆਖਰੀ ਦਿਨ ਵਿਭਾਗ ਵੱਲੋਂ ਚੰਡੀਗੜ੍ਹ ਸੈਰ ਸਪਾਟਾ ਵਿਭਾਗ ਦੀ ਹੌਪ ਆਨ-ਹੌਪ ਬੱਸ ਰਾਹੀਂ ਚੰਡੀਗੜ੍ਹ ਦੀ ਸੁਖਨਾ ਝੀਲ, ਰੌਕ ਗਾਰਡਨ, ਰੋਜ ਗਾਰਡਨ ਅਤੇ ਹੋਰ ਪ੍ਰਸਿੱਧ ਸਥਾਨਾਂ ਦੀ ਸੈਰ ਵੀ ਕਰਵਾਈ।

ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਵੀਰ ਬਾਲ ਦਿਵਸ ਮਨਾਇਆ

ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ) ਸਿੱਖਿਆ ਵਿਭਾਗ ਪੰਜਾਬ ਦੇ ਆਦੇਸ਼ਾਂ ਅਨੁਸਾਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਤਖਤਗੜ੍ਹ ਵਿਖੇ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਵੀਰ ਬਾਲ ਦਿਵਸ ਮਨਾਇਆ ਗਿਆ। ਇਸ ਦੌਰਾਨ ਕਥਾਵਾਚਕ ਹਰਭਜਨ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਗੁਰੂ ਸਾਹਿਬਾਨ ਅਤੇ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਭਰਪੂਰ ਇਤਿਹਾਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਵਿਦਿਆਰਥਣ ਸਮਰੀਤ ਕੌਰ ਵੱਲੋਂ ਸਾਹਿਬਜ਼ਾਦਿਆਂ ਨਾਲ ਜੁੜੀ ਹੋਈ ਕਵਿਤਾ ਅਤੇ ਵਿਦਿਆਰਥਣ ਸੁਖਮਨੀ ਕੌਰ ਢੀਡਸਾ ਵੱਲੋਂ ਸ਼ਹੀਦੀ ਪੰਦਰਵਾੜੇ ਸੰਬੰਧੀ ਪ੍ਰਸੰਗਕ ਵਿਚਾਰ ਪੇਸ਼ ਕੀਤੇ ਗਏ। ਪ੍ਰਿੰਸੀਪਲ ਮਨੀਰਾਮ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਵਿਦਿਆਰਥਣਾਂ ਨੂੰ ਆਪਣੇ ਕੁਰਬਾਨੀਆਂ ਭਰਪੂਰ ਗੌਰਵਮਈ ਇਤਿਹਾਸ ਨੂੰ ਯਾਦ ਰੱਖਣ ਅਤੇ ਗੁਰੂਆਂ ਵੱਲੋਂ ਦੱਸੇ ਰਸਤੇ 'ਤੇ ਚੱਲਣ ਲਈ ਪ੍ਰੇਰਿਆ ਗਿਆ। ਇਸ ਮੌਕੇ ਲੈਕਚਰਾਰ ਬਲਵੀਰ ਚੰਦ, ਲਲਿਤਾ ਕੁਮਾਰੀ, ਮਨਜੀਤ ਸਿੰਘ, ਮਧੂ ਬਾਲਾ, ਨੀਰੂ, ਸਤਬੀਰ ਸਿੰਘ, ਅਨਿਲ ਕੁਮਾਰ, ਹਰਜੀਤ ਕੌਰ, ਸੁਖਜਿੰਦਰ ਕੌਰ, ਸਤਵੰਤ ਕੌਰ, ਮੈਡਮ ਬੀਨਾ, ਰੋਹਿਤ ਸਰਮਾ, ਮਨਜੀਤ ਕੌਰ, ਨਿਤਿਨ ਸਰਮਾ, ਨੀਰਜਪਾਲ, ਮੈਡਮ ਮੋਨਿਕਾ, ਚਰਨਜੀਤ ਸਿੰਘ ਸਮੇਤ ਸਮੂਹ ਸਟਾਫ ਹਾਜ਼ਰ ਸੀ।

ਪੰਡੋਰੀ ਕੱਦ 'ਚ ਕ੍ਰਿਸਮਸ ਮੌਕੇ ਧਾਰਮਿਕ ਸਮਾਗਮ ਅੱਜ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਪੰਡੋਰੀ ਕੱਦ ਵਿਸ਼ਵ ਦੀ ਅਵਾਜ਼ ਚਰਚ ਵਿਖੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸਮੂਹ ਮਸੀਹ ਭਾਈਚਾਰੇ ਵੱਲੋਂ ਕ੍ਰਿਸਮਿਸ ਦੇ ਤਿਉਹਾਰ ਮੌਕੇ ਧਾਰਮਿਕ ਸਮਾਗਮ 25 ਦਸੰਬਰ ਨੂੰ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਡਾਕਟਰ ਗੋਪੀ ਚੰਦ ਰਾਜਪੁਰ ਭਾਈਆਂ ਨੇ ਦੱਸਿਆ ਕਿ 25 ਦਸੰਬਰ ਨੂੰ ਕ੍ਰਿਸਮਿਸ ਦੇ ਤਿਉਹਾਰ ਮੌਕੇ ਪਾਸਟਰ ਪ੍ਰਵੇਸ਼ ਕੁਮਾਰ ਰਾਜਪੁਰ ਭਾਈਆਂ, ਪਾਸਟਰ ਹਰਪਾਲ ਸਿੰਘ ਭੁੰਗਰਨੀ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਸੰਬੋਧਨ ਕਰਨਗੇ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਦੀਨ ਦੁਖੀਆਂ, ਬਿਮਾਰੀ ਵਿਅਕਤੀਆਂ ਲਈ ਵਿਸ਼ੇਸ਼ ਪ੍ਰਾਰਥਨਾ ਕੀਤੀ ਜਾਵੇਗੀ। ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੇ ਅੰਤ 'ਤੇ ਲੰਗਰ ਅਤੁੱਟ ਵਰਤਾਏ ਜਾਣਗੇ।

ਦੁਕਾਨਾਂ ਦੇ ਸ਼ਟਰ ਤੋੜਨ ਵਾਲੇ ਗਰੋਹ ਦੇ 2 ਵਿਅਕਤੀ ਗ੍ਰਿਫ਼ਤਾਰ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)- ਇੰਸਪੈਕਟਰ ਉਂਕਾਰ ਸਿੰਘ ਬਰਾੜ ਮੁੱਖ ਅਫਸਰ ਥਾਣਾ ਟਾਂਡਾ ਨੇ ਦੱਸਿਆ ਕਿ ਕੁਲਵੰਤ ਸਿੰਘ ਡੀ.ਐਸ.ਪੀ ਟਾਂਡਾ ਦੀ ਅਗਵਾਈ ਵਿਚ ਥਾਣਾ ਟਾਂਡਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ ਜਦੋਂ ਪੁਲਸ ਵੱਲੋਂ ਜੋਬਨਜੋਤ ਸਿੰਘ ਪੁੱਤਰ ਮਲੂਕ ਸਿੰਘ ਵਾਸੀ ਡੱਲਾ ਥਾਣਾ ਕਾਦੀਆਂ ਜ਼ਿਲ੍ਹਾ ਗੁਰਦਾਸਪੁਰ ਨੂੰ ਕਾਬੂ ਕਰਕੇ ਸਖਤੀ ਨਾਲ ਪੁੱਛਗਿੱਛ ਕੀਤੀ ਤਾਂ ਦੋਸ਼ੀ ਨੇ ਮੰਨਿਆ ਕਿ ਉਸ ਵੱਲੋਂ ਆਪਣੇ ਸਾਥੀ ਅਰਸ਼ਦੀਪ ਸਿੰਘ ਪੱਤਰ ਭੁਪਿੰਦਰ ਸਿੰਘ ਵਾਸੀ ਵੱਡੀ ਪੱਤੀ ਡੱਲਾ ਥਾਣਾ ਕਾਦੀਆਂ ਜ਼ਿਲ੍ਹਾ ਗੁਰਦਾਸਪੁਰ ਨਾਲ ਮਿਲ ਕੇ ਨਜ਼ਦੀਕ ਦਾਰਾਪੁਰ ਦੇ ਮੈਡੀਕਲ ਸਟੋਰਾਂ ਦੇ ਸ਼ਟਰ ਤੋੜ ਕੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਸੀ ਅਤੇ ਜਾਜਾ ਰੋਡ ਗੁਰੂ ਨਾਨਕ ਕਲੋਨੀ ਸਾਹਮਣੇ ਮੰਨੂ ਫੋਰੈਕਸ ਦੀ ਦੁਕਾਨ ਅਤੇ ਕਮਲ ਡੈਂਟਲ ਲੈਬ ਦਾ ਸ਼ਟਰ ਤੋੜ ਕੇ ਚੋਰੀ ਕੀਤੀ ਸੀ। ਦੋਸ਼ੀ ਜੋਬਨਜੋਤ ਸਿੰਘ 'ਤੇ 3 ਅਤੇ ਅਰਸ਼ਦੀਪ ਸਿੰਘ 'ਤੇ ਪਹਿਲਾਂ 6 ਮੁਕੱਦਮੇ ਦਰਜ ਹਨ। ਟਾਂਡਾ ਪੁਲਸ ਵੱਲੋਂ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਪੰਜਾਬ ਮਨੁੱਖੀ ਅਧਿਕਾਰ ਸੰਗਠਨ ਯੂਨਿਟ ਦੀ ਸਾਲਾਨਾ ਚੋਣ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਪੰਜਾਬ ਮਨੁੱਖੀ ਅਧਿਕਾਰ ਸੰਗਠਨ ਸ੍ਰੀ ਅਨੰਦਪੁਰ ਸਾਹਿਬ ਯੂਨਿਟ ਦੀ ਸਲਾਨਾ ਚੋਣ ਹੋਈ ਜਿਸ ਵਿੱਚ ਉੱਘੇ ਕਾਰੋਬਾਰੀ ਤੇ ਸਮਾਜ ਸੇਵੀ ਸਰਬਜੀਤ ਸਿੰਘ ਰੈਣੂੰ ਨੂੰ ਸਰਬਸੰਮਤੀ ਨਾਲ 8ਵੀਂ ਵਾਰ ਪ੍ਰਧਾਨ ਚੁਣ ਲਿਆ ਗਿਆ। ਯੂਨਿਟ ਦੇ ਪ੍ਰੈਸ ਸਕੱਤਰ ਠੇਕੇਦਾਰ ਕਰਨੈਲ ਸਿੰਘ ਬਜਰੂੜ ਅਤੇ ਇਕਬਾਲ ਸਿੰਘ ਭੱਟੀ ਨੇ ਦੱਸਿਆ ਕਿ ਪੰਜਾਬ ਮਨੁੱਖੀ ਅਧਿਕਾਰ ਸੰਗਠਨ ਸ੍ਰੀ ਅਨੰਦਪੁਰ ਸਾਹਿਬ ਯੂਨਿਟ ਦੀ ਸਲਾਨਾ ਚੋਣ ਯੂਨਿਟ ਦੇ ਸਰਪ੍ਰਸਤ ਸੀਨੀਅਰ ਐਡਵੋਕੇਟ ਪਾਖਰ ਸਿੰਘ ਭੱਠਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਉੱਘੇ ਕਾਰੋਬਾਰੀ ਅਤੇ ਸਮਾਜ ਸੇਵੀ ਸਰਬਜੀਤ ਸਿੰਘ ਰੈਣੂੰ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ। ਇਸ ਤੋਂ ਇਲਾਵਾ ਯੂਨਿਟ ਦੀ ਨਵੀਂ ਕਾਰਜਕਾਰਨੀ ਦੀ ਚੋਣ ਵੀ ਕੀਤੀ ਗਈ ਜਿਸ ਵਿੱਚ ਸੀਨੀਅਰ ਐਡਵੋਕੇਟ ਪਾਖਰ ਸਿੰਘ ਭੱਠਲ ਨੂੰ ਸਰਪ੍ਰਸਤ, ਨਾਨਕ ਸਿੰਘ ਢੇਰ ਨੂੰ ਸੀਨੀਅਰ ਮੀਤ ਪ੍ਰਧਾਨ, ਨੰਬਰਦਾਰ ਕੁਲਦੀਪ ਸਿੰਘ ਨੂੰ ਮੀਤ ਪ੍ਰਧਾਨ, ਰਸਵਿੰਦਰ ਸਿੰਘ ਨੂੰ ਤਹਿਸੀਲ ਸਕੱਤਰ, ਸੇਵਾ ਸਿੰਘ ਨੂੰ ਸਕੱਤਰ, ਡਾ. ਵਿਸ਼ਾਲ ਭਾਟੀਆ ਨੂੰ ਜੁਆਇੰਟ ਸਕੱਤਰ, ਠੇਕੇਦਾਰ ਕਰਨੈਲ ਸਿੰਘ ਬਜਰੂੜ ਅਤੇ ਇਕਬਾਲ ਸਿੰਘ ਭੱਟੀ ਨੂੰ ਪ੍ਰੈਸ ਸਕੱਤਰ, ਨੰਬਰਦਾਰ ਰਾਮਕਿਸ਼ਨ ਅਤੇ ਹਰਮੇਸ਼ ਚੌਧਰੀ ਨੂੰ ਕਾਨੂੰਨੀ ਸਲਾਹਕਾਰ ਚੁਣਿਆ ਗਿਆ। ਉਨ੍ਹਾਂ ਦੱਸਿਆ ਕਿ ਭਾਗ ਸਿੰਘ, ਨੰਬਰਦਾਰ ਮਹਿੰਦਰ ਸਿੰਘ, ਡਾ. ਮਨਜੀਤ ਸਿੰਘ ਲੱਕੀ, ਜਸਪ੍ਰੀਤ ਸਿੰਘ ਅਰੋੜਾ, ਜ਼ਿਲ੍ਹਾ ਸ਼ਿਕਾਇਤ ਨਿਵਾਰਨ ਕਮੇਟੀ ਦੇ ਮੈਂਬਰ ਸਾਬਕਾ ਬੈਂਕ ਅਫਸਰ ਆਤਮਾ ਸਿੰਘ ਘੱਟੀਵਾਲ, ਪ੍ਰਿੰਸੀਪਲ ਅਵਤਾਰ ਸਿੰਘ, ਐਡਵੋਕੇਟ ਬਲਵੀਰ ਸਿੰਘ ਭੱਠਲ, ਜੀਤ ਸਿੰਘ, ਅਰੁਣਜੀਤ ਸਿੰਘ ਰੈਣੂੰ ਅਤੇ ਅਭਿਜੀਤ ਸਿੰਘ ਰੈਣੂੰ ਨੂੰ ਯੂਨਿਟ ਦਾ ਸਲਾਹਕਾਰ ਬਣਾਇਆ ਗਿਆ। ਉਨ੍ਹਾਂ ਦੱਸਿਆ ਕਿ ਮੌਜੂਦਾ ਕਾਰਜਕਰਨੀ ਦੀ ਮਿਆਦ 31 ਦਸੰਬਰ 2026 ਤੱਕ ਹੋਵੇਗੀ।

ਫਲਸਤੀਨੀਆਂ ਦੇ ਕਤਲੇਆਮ ਤੇ ਇਜ਼ਰਾਈਲ ਦੀ ਧੱਕੇਸ਼ਾਹੀ ਵਿਰੁੱਧ ਲੋਕ-ਹਿਤੈਸ

25-Dec-PAGE-9.qxd 12/24/2023 10:15 PM Page 1

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਰੋਸ ਪ੍ਰਦਰਸ਼ਨ

ਫਿਲੌਰ (ਨਿਰਮਲ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਲੋਕਤੰਤਰ ਨੂੰ ਬਚਾਉਣ ਲਈ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਅਪਣਾਈ ਜਾ ਰਹੀਂ ਪਹੁੰਚ ਦੇ ਵਿਰੋਧ 'ਚ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ ਗਿਆ। ਭਾਜਪਾ ਵੱਲੋਂ ਲੋਕ ਸਭਾ 'ਚ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੂੰ ਮੁਅੱਤਲ ਕਰਕੇ ਲੋਕਤੰਤਰ ਦੀ ਆਵਾਜ਼ ਦਬਾਈ ਜਾ ਰਹੀ ਹੈ। ਆਗੂਆਂ ਨੇ ਕਿਹਾ ਕਿ ਸੰਸਦ 'ਚ ਪੁੱਜੇ ਨੌਜਵਾਨਾਂ ਨੇ ਜੇ ਕਿਤੇ ਅੰਦਰ ਜਾਣ ਲਈ ਪਾਸ ਵਿਰੋਧੀ ਧਿਰ ਪਾਸੋਂ ਲਿਆ ਹੁੰਦਾ ਤਾਂ ਭਾਜਪਾ ਨੇ ਉਸ ਪਾਰਟੀ ਨੂੰ ਬਹੁਤ ਜਿਆਦਾ ਜਲੀਲ ਕਰਨਾ ਸੀ। ਭਾਜਪਾ ਦੇ ਸੰਸਦ ਮੈਂਬਰ ਵੱਲੋਂ ਜਾਰੀ ਕੀਤੇ ਪਾਸ ਨਾਲ ਹੀ ਇਹ ਨੌਜਵਾਨ ਬੇਰੁਜਗਾਰੀ ਵਰਗੇ ਮੁੱਦੇ ਉਠਾਉਣ ਲਈ ਸੰਸਦ ਭਵਨ 'ਚ ਪੁੱਜੇ ਹਨ। ਹੁਣ ਜਦੋਂ ਵਿਰੋਧੀ ਧਿਰ ਸਰਕਾਰ ਦੀ ਨਲਾਇਕੀ ਉਜਾਗਰ ਕਰਦੀ ਹੈ ਤਾਂ ਉਨ੍ਹਾਂ ਦੇ ਮੈਂਬਰਾਂ ਨੂੰ ਮੁਅੱਤਲ ਕਰਕੇ ਅਵਾਜ਼ ਨੂੰ ਦਬਾਇਆ ਜਾ ਰਿਹਾ ਹੈ। ਕੇਂਦਰ ਸਰਕਾਰ ਦਾ ਪੁਤਲਾ ਫੂਕਣ ਵੇਲੇ ਇਕੱਠੇ ਹੋਏ ਕਾਰਕੁਨਾ ਨੇ ਨਾਅਰੇਬਾਜੀ ਵੀ ਕੀਤੀ। ਇਸ ਮੌਕੇ ਸੂਬਾ ਕਮੇਟੀ ਮੈਂਬਰ ਸੰਤੋਖ ਸਿੰਘ ਬਿਲਗਾ, ਪਰਮਜੀਤ ਰੰਧਾਵਾ, ਤਹਿਸੀਲ ਸਕੱਤਰ ਡਾ. ਸਰਬਜੀਤ ਮੁਠੱਡਾ, ਕੁਲਜੀਤ ਫਿਲੌਰ, ਕੁਲਦੀਪ ਕੌੜਾ, ਤਰਜਿੰਦਰ ਧਾਲੀਵਾਲ, ਮੇਜਰ ਫਿਲੌਰ, ਅਮ੍ਰਿੰਤ ਨੰਗਲ, ਮੱਖਣ ਸੰਗਰਾਮੀ ਆਦਿ ਹਾਜਰ ਸਨ।

ਸ਼ਹੀਦੀ ਹਫਤੇ ਦੌਰਾਨ ਕਰਵਾਇਆ ਸੁਖਮਨੀ ਸਾਹਿਬ ਦਾ ਪਾਠ

ਮਾਹਿਲਪੁਰ (ਸਫਰੀ) ਚੇਅਰ ਪਰਸਨ ਹਰਪ੍ਰੀਤ ਕੌਰ ਤੇ ਮੈਨੇਜਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਦੁਆਬਾ ਪਬਲਿਕ ਸਕੂਲ ਦੋਹਲਰੋਂ (ਮਾਹਿਲਪੁਰ) ਹੁਸ਼ਿਆਰਪੁਰ, ਇੱਥੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ। ਪ੍ਰਿੰਸੀਪਲ ਅਰੁਣ ਗੁਪਤਾ ਨੇ ਦੱਸਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਚਾਰੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ। ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਮੈਡਮ ਅਜੇ ਕੁਮਾਰੀ ਵੱਲੋਂ ਸਾਹਿਬਜਾਦਿਆਂ ਦੀ ਜੀਵਨੀ ਬਾਰੇ ਉਹਨਾਂ ਦਾ ਸਾਰਾ ਇਤਿਹਾਸ ਦੱਸਿਆ ਗਿਆ। ਭੋਗ ਉਪਰੰਤ ਸਭ ਨੂੰ ਦੇਗ ਪ੍ਰਸਾਦ ਤੇ ਗਰਮ ਦੁੱਧ ਦਾ ਲੰਗਰ ਵਰਤਾਇਆ ਗਿਆ। ਇਸ ਮੌਕੇ ਮੈਡਮ ਸੁਖਵਿੰਦਰ ਕੌਰ ਗਿੱਲ, ਪੂਜਾ ਰਾਣੀ, ਸ਼ੈਲੀ ਸ਼ਰਮਾ, ਬਿਨੇ ਕੁਮਾਰ, ਸੁਹੇਲ ਗਾਂਧੀ, ਕਮਲਪ੍ਰੀਤ ਸਿੰਘ ਕੋਚ, ਰਜਨੀ ਡੀ ਪੀ, ਦੀਪਿਕਾ ਤੇ ਪੂਨਮ ਸਮੇਤ ਸਮੂਹ ਸਟਾਫ ਹਾਜ਼ਰ ਸੀ।

ਐੱਸ ਡੀ ਕਾਲਜ 'ਚ ਹਿੰਦੀ ਸਾਹਿਤ ਵੱਲੋਂ ਖੁੱਲ੍ਹੀ ਵਿਚਾਰ-ਚਰਚਾ ਕਰਵਾਈ

ਜਲੰਧਰ (ਇਕਬਾਲ ਸਿੰਘ ਉੱਭੀ) ਪ੍ਰੇਮ ਚੰਦ ਮਾਰਕੰਡਾ ਐਸ.ਡੀ.ਕਾਲਜ ਫਾਰ ਵੂਮੈਨ ਵਿੱਚ ਹਿੰਦੀ ਸਾਹਿਤ ਸੈਕਸਨ ਦੀ ਤਰਫੋਂ ਬੀ.ਏ ਅਤੇ ਬੀ.ਐੱਡ ਦੇ ਵਿਦਿਆਰਥੀਆਂ ਵਿੱਚ ਖੁੱਲ੍ਹੀ ਵਿਚਾਰ ਚਰਚਾ ਕਰਵਾਈ ਗਈ, ਜਿਸ ਦਾ ਵਿਸ਼ਾ ਸੀ 'ਹਿੰਦੀ ਸਾਹਿਤਕ ਇਤਿਹਾਸ ਦੇ ਨਿਰਮਾਤਾ ਅਚਾਰੀਆ ਰਾਮ ਚੰਦਰ ਸੁਕਲਾ'। ਜਿਸ ਵਿੱਚ ਵਿਦਿਆਰਥੀਆਂ ਨੇ ਹੋਰਨਾਂ ਇਤਿਹਾਸਕਾਰਾਂ ਦੇ ਇਤਿਹਾਸ ਦੀ ਤੁਲਨਾ ਕੀਤੀ। ਇਸ ਮੌਕੇ ਅਚਾਰੀਆ ਰਾਮਚੰਦਰ ਸੁਕਲਾ ਦੇ ਇਤਿਹਾਸ ਦੀ ਸਰਵ-ਵਿਆਪਕ ਮਾਨਤਾ ਸਬੰਧੀ ਚਰਚਾ ਹੋਈ। ਇਸ 'ਚ 30 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਕਾਲਜ ਪ੍ਰਿੰਸੀਪਲ ਡਾ: ਪੂਜਾ ਪਰਾਸਰ ਨੇ ਵਿਦਿਆਰਥੀਆਂ ਨੂੰ ਹਿੰਦੀ ਸਾਹਿਤ ਪ੍ਰਤੀ ਵਫਾਦਾਰੀ ਅਤੇ ਸਮਰਪਣ ਦਾ ਸੰਦੇਸ਼ ਦਿੱਤਾ।

ਪੰਜਾਬ ਚੇਅਰਮੈਨ ਕਰਨਗੇ ਐੱਮ ਐੱਸ ਐੱਮ ਈ ਪੀ ਸੀ ਆਈ ਜਲੰਧਰ ਬ੍ਰਾਂਚ ਦਾ ਉਦਘਾਟਨ

ਨੂਰਮਹਿਲ (ਬਾਲ ਕ੍ਰਿਸਨ ਬਾਲੀ)- ਘਰ ਘਰ ਰੋਜਗਾਰ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਐਮ ਐਸ ਐਮ ਈ ਪੀ ਸੀ ਆਈ ਪੰਜਾਬ ਦੇ ਜਿਲ੍ਹਿਆਂ 'ਚ ਆਪਣਾ ਬਰਾਂਚ ਦਫਤਰ ਖੋਲਣ ਜਾ ਰਹੀ ਹੈ। ਐਮ ਐਸ ਐਮ ਈ ਪੀ ਸੀ ਆਈ ਪੰਜਾਬ ਚੇਅਰਮੈਨ ਸੰਜੀਵ ਥਾਪਰ ਨੇ ਦੱਸਿਆ ਕਿ ਐਮ ਐਸ ਐਮ ਈ ਪੀ ਸੀ ਆਈ ਨੈਸ਼ਨਲ ਹੈਡ ਆਫਿਸ ਨਿਊ ਦਿੱਲੀ ਅਤੇ ਪੰਜਾਬ ਹੈਡ ਆਫਿਸ ਬਠਿੰਡਾ ਤੋਂ ਬਾਅਦ ਜਲੰਧਰ ਸ਼ਹਿਰ ਵਿਖੇ ਐਮ ਐਸ ਐਮ ਈ ਪੀ ਸੀ ਆਈ ਪਹਿਲੀ ਸਬ ਬ੍ਰਾਂਚ ਆਫਿਸ ਖੋਲ੍ਹਣ ਜਾ ਰਹੀ ਹੈ। ਜਿਸ 'ਚ ਪੜ੍ਹੇ ਲਿਖੇ ਬੇਰੁਜ਼ਗਾਰਾ ਹੋਰ ਅਨੇਕਾਂ ਬੇਰੁਜਗਾਰਾਂ ਦੀ ਆਰਥਿਕ ਦਿਸ਼ਾ ਬਦਲਣ ਰੋਜਗਾਰ ਅਤੇ ਕਾਰੋਬਾਰ ਨਾਲ ਜੋੜਨ ਲਈ ਹਰ ਸਰਕਾਰੀ ਗੈਰ ਸਰਕਾਰੀ ਲੋਨ ਸੰਬੰਧੀ ਕਾਰੋਬਾਰਾਂ ਦੇ ਨਿਵੇਕਲੇ ਪ੍ਰੋਜੇਕਟਾਂ ਨੂੰ ਲੈ ਕੇ ਦਿਸ਼ਾਂ ਪ੍ਰਦਾਨ ਕਰਵਾਈ ਜਾਵੇਗੀ। ਓਹਨਾਂ ਇਹ ਵੀ ਦੱਸਿਆ ਕਿ ਰੋਹਿਤ ਭਾਟੀਆ ਸੋਸਲ ਐਕਟਿਵਿਸਟ ਗੋਲਡ ਮੈਡਲਿਸਟ ਤੇ ਸਟੇਟ ਐਵਾਰਡੀ ਨੂੰ ਐਮ ਐਸ ਐਮ ਈ ਪੀ ਸੀ ਆਈ ਨਿਊ ਦਿੱਲੀ ਵੱਲੋਂ ਪੰਜਾਬ ਸਟੇਟ ਐਮ ਐਸ ਐਮ ਈ ਪੀ ਸੀ ਆਈ ਦੀ ਅਗਵਾਈ ਹੇਠ ਜਲੰਧਰ ਬ੍ਰਾਂਚ ਦੇ ਡਿਸਟ੍ਰਿਕਟ ਡਾਇਰੈਕਟਰ ਵੱਜੋਂ ਚੁਣਿਆਂ ਗਿਆ ਹੈ।

ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਕਰਵਾਇਆ

ਕਰਤਾਰਪੁਰ (ਹਰਮੇਸ਼ ਦੱਤ)- ਸੰਤ ਬਾਬਾ ਨਿਧਾਨ ਸਿੰਘ ਪਬਲਿਕ ਸਕੂਲ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਤੇ ਚਾਰ ਸਾਹਿਬਜਾਦਿਆਂ ਅਤੇ ਮਾਤਾ ਗੁਜਰੀ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਸਮਾਗਮ 'ਚ ਵਿਦਿਆਰਥੀਆ ਨੇ ਸ਼ਬਦ ਗਾਇਨ ਕੀਤਾ। ਵਿਦਿਆਰਥੀ ਗੁਰਮਨ ਸਿੰਘ ਅਤੇ ਮਨਿੰਦਰ ਸਿੰਘ ਨੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਚਾਰ ਸਾਹਿਬਜਾਦਿਆਂ ਦੀ ਸ਼ਹੀਦੀ ਅਤੇ ਸਿੱਖ ਸਿਧਾਤਾ ਬਾਰੇ ਕਵਿਸ਼ਰੀ ਗਾਇਨ ਕੀਤੀ ਏਕਮਜੋਤ ਕੌਰ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਅਤੇ ਚਾਰ ਸਾਹਿਬਜ਼ਾਦਿਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਸਕੂਲ ਪ੍ਰਿੰਸੀਪਲ ਮੈਡਮ ਕੰਵਲਜੀਤ ਕੌਰ ਨੇ ਵਿਦਿਆਰਥੀਆਂ ਨੂੰ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਬਾਰੇ ਚਾਨਣਾ ਪਾਇਆ। ਇਸ ਮੌਕੇ ਚੈਅਰਪਰਸਨ ਮੈਡਮ ਸੁਰਿੰਦਰ ਕੌਰ, ਡਾ ਚਰਨ ਸਿੰਘ, ਡਾ ਪਿਆਰਾ ਸਿੰਘ, ਪ੍ਰਿੰਸੀਪਲ ਮੈਡਮ ਕੰਵਲਜੀਤ ਕੌਰ, ਕਮੇਟੀ ਮੈਂਬਰ ਸਤਨਾਮ ਸਿੰਘ, ਮਨਦੀਪ ਕੌਰ, ਪਲਵਿੰਦਰ ਕੌਰ, ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਰਾਸ਼ਟਰੀ ਗਣਿਤ ਦਿਵਸ ਮਨਾਇਆ

ਸੁਲਤਾਨਪੁਰ ਲੋਧੀ, (ਹਨੀ) ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ 'ਚ ਰਾਸ਼ਟਰੀ ਗਣਿਤ ਦਿਵਸ ਮਨਾਇਆ ਗਿਆ।ਇਸ ਦੌਰਾਨ ਪਹਿਲੀ ਤੋਂ ਅਠਵੀਂ ਜਮਾਤ ਦੇ ਵਿਦਿਆਰਥੀਆਂ ਦਰਮਿਆਨ ਅੰਤਰ-ਹਾਊਸ ਗਣਿਤ ਕੁਇੱਜ਼ ਮੁਕਾਬਲੇ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਆਪਸ਼ਨ ਰਾਊਂਡ, ਵਿਜ਼ੂਅਲ ਰਾਊਂਡ ਅਤੇ ਰੈਪਿਡ ਫਾਇਰ ਰਾਊਂਡ ਦੁਆਰਾ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਪ੍ਰਤੀਯੋਗਤਾ ਦਾ ਜੇਤੂ ਰਿਹਾ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

ਐਲਗਰਾਂ ਵਾਲਾ ਪੁਲ ਚੜ੍ਹਿਆ ਨਜਾਇਜ਼ ਮਾਈਨਿੰਗ ਦੀ ਭੇਟ

ਭਲਾਣ, (ਹਰਭਜਨ ਢਿੱਲੋਂ) ਤਹਿਸੀਲ ਨੰਗਲ ਐਲਗਰਾਂ ਵਾਲੇ ਪੁਲ ਜੋ ਸਵਾਂ ਨਦੀ 'ਤੇ ਬਣਿਆ ਹੈ ਦਾ ਸੀ ਪੀ ਆਈ ਦੇ ਸਾਥੀਆਂ ਨੇ ਕਾਮਰੇਡ ਦਵਿੰਦਰ ਕੁਮਾਰ ਨੰਗਲੀ ਜਿਲ੍ਹਾ ਸਕੱਤਰ ਅਤੇ ਹਰੀ ਚੰਦ ਗੋਲਨੀ ਦੀ ਅਗਵਾਈ ਵਿਚ ਦੌਰਾ ਕੀਤਾ ਅਤੇ ਨੋਟ ਕੀਤਾ ਕਿ ਪਿਛਲੇ ਕਾਫੀ ਸਮੇਂ ਤੋਂ ਅੰਨ੍ਹੇਵਾਹ ਕੀਤੀ ਜਾ ਰਹੀ ਮਾਈਨਿੰਗ ਕਰਕੇ ਪੁਲ ਦਾ 7 ਨੰਬਰ ਪਿਲਰ ਬੈਠ ਗਿਆ ਹੈ ਅਤੇ ਇਸ ਉਪਰ ਸਲੇਬਾਂ ਖਿਸਕ ਗਈਆਂ ਹਨ, ਜਿਸ ਕਾਰਨ ਪੰਜਾਬ ਦੇ ਪੀ ਡਬਲਿਊ ਡੀ ਵਿਭਾਗ ਨੇ ਇਸ ਪੁਲ ਉਪਰ ਦੀ ਆਵਾਜਾਈ ਮੁਕੰਮਲ ਤੌਰ 'ਤੇ ਬੰਦ ਕਰ ਦਿੱਤੀ ਹੈ ਤਾਂ ਕਿ ਕੋਈ ਵੱਡਾ ਹਾਦਸਾ ਨਾ ਵਾਪਰ ਜਾਏ।ਇਹ ਲੰਮੇ ਸਮੇਂ ਤੋਂ ਹੋ ਰਹੀ ਗੈਰ ਕਾਨੂੰਨੀ ਮਾਈਨਿੰਗ, ਸਰਕਾਰੀ ਅਫਸਰਾਂ ਦੀ ਘੋਰ ਅਣਗਹਿਲੀ ਅਤੇ ਸਰਕਾਰਾਂ ਦੀ ਨਾਕਾਮੀ ਹੈ ਕਿਉਂਕਿ ਲਮੇਂ ਸਮੇਂ ਤੋਂ ਕਿਸਾਨ ਅਤੇ ਹੋਰ ਅਵਾਮੀ ਜਥੇਬੰਦੀਆਂ ਸਵਾਂ ਨਦੀ ਉਪਰ ਹੋ ਰਹੀ ਮਾਈਨਿੰਗ ਦਾ ਵਿਰੋਧ ਕਰ ਰਹੀਆਂ ਸਨ ਅਤੇ ਚੇਤਾਵਨੀ ਦੇ ਰਹੀਆਂ ਸਨ ਕਿ 50-100 ਫੁੱਟ ਤੱਕ ਹੋ ਰਹੀ ਮਾਈਨਿਗ ਕਾਰਨ ਪੁਲ ਦਾ ਨੁਕਸਾਨ ਹੋ ਸਕਦਾ ਹੈ ਸੋ ਖਦਸ਼ਾ ਸਹੀ ਸਾਬਤ ਹੋਇਆ।

ਭਾਰਤੀ ਕਮਿਊਨਿਸਟ ਪਾਰਟੀ ਦੇ ਉਪਰੋਕਤ ਨੇਤਾਵਾਂ ਨੇ ਮੰਗ ਕੀਤੀ ਕਿ ਨਿਯਮਾਂ ਵਿਰੁੱਧ ਹੋ ਰਹੀ ਗੈਰ ਕਾਨੂੰਨੀ ਮਾਈਨਿੰਗ ਨੂੰ ਫੌਰੀ ਤੌਰ 'ਤੇ ਰੋਕਿਆ ਜਾਏ, ਪੁਲ ਦੀ ਬਿਨਾਂ ਕਿਸੇ ਦੇਰੀ ਦੇ ਮੁਰੰਮਤ ਕਰਵਾਈ ਜਾਵੇ, ਜਿੰਨਾ ਚਿਰ ਪੁਲ ਤਿਆਰ ਨਹੀਂ ਹੁੰਦਾ ਪੁਲ ਦੇ ਇੱਕ ਪਾਸੇ ਤੋਂ ਆਵਾਜਿਈ ਲਈ ਰਸਤਾ ਬਣਾਇਆ ਜਾਏ ਅਤੇ ਬਕਾਇਦਾ ਇਨਕੁਆਰੀ ਕਰਕੇ ਜਿਮੇਵਾਰ ਅਧਿਕਾਰੀਆਂ ਅਤੇ ਮਾਈਨਿੰਗ ਮਾਫੀਏ ਵਿਰੁੱਧ ਕਾਰਵਾਈ ਕੀਤੀ ਜਾਏ ਅਤੇ ਨੁਕਸਾਨ ਦੀ ਭਰਪਾਈ ਕੀਤੀ ਜਾਏ। ਇਹ ਵੀ ਮੰਗ ਕੀਤੀ ਕਿ ਅਗੰਮਪੁਰ ਨਜ਼ਦੀਕ ਸਤਲੁਜ ਦਰਿਆ ਦੇ ਬਣੇ ਪੁਲ ਦੀ ਵੀ ਸਾਰ ਲਈ ਜਾਏ ਕਿਉਂਕਿ ਪੁਲ ਦੇ ਨਜ਼ਦੀਕ ਜੇਕਰ ਮਾਈਨਿੰਗ ਨਾ ਰੋਕੀ ਗਈ ਤਾਂ ਇਸ ਪੁਲ ਦਾ ਵੀ ਨੁਕਸਾਨ ਹੋ ਸਕਦਾ ਹੈ। ਜੇਕਰ ਸਰਕਾਰ ਨੇ ਫੌਰੀ ਕਾਰਵਾਈ ਨਾ ਕੀਤੀ ਤਾਂ ਪਾਰਟੀ ਲੋਕਾਂ ਦੇ ਸਹਿਯੋਗ ਨਾਲ ਸੰਘਰਸ਼ ਕਰਨ ਨੂੰ ਮਜਬੂਰ ਹੋਏਗੀ ਕਿਉਂਕਿ ਪੁਲ ਬੰਦ ਹੋਣ ਨਾਲ ਆਮ ਜਨਤਾ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਲੁਧਿਆਣਾ ਬੇਵਰੇਜ ਪ੍ਰਾਈਵੇਟ ਨੇ ਦਿੱਤਾ ਸ਼ਲਾਘਾਯੋਗ ਯੋਗਦਾਨ : ਡਿਪਟੀ ਕਮਿਸ਼ਨਰ

ਹੁਸ਼ਿਆਰਪੁਰ (ਓ ਪੀ ਰਾਣਾ) ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਕੋਮਲ ਮਿੱਤਲ ਨੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਸ਼ੁਰੂ ਕੀਤੇ ਗਏ ਵਿੰਗਜ਼ ਪ੍ਰੋਜੈਕਟ 'ਚ ਸ਼ਲਾਘਾਯੋਗ ਯੋਗਦਾਨ ਦੇਣ ਲਈ ਲੁਧਿਆਣਾ ਬੇਵਰੇਜ ਪ੍ਰਾਈਵੇਟ ਲਿਮਟਡ ਕੋਕਾ ਕੋਲਾ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਲੁਧਿਆਣਾ ਬੇਵਰੇਜ ਵੱਲੋਂ ਇਸ ਪ੍ਰੋਜੈਕਟ ਲਈ 9 ਲੱਖ ਰੁਪਏ ਦਾ ਸਹਿਯੋਗ ਦਿੱਤਾ ਗਿਆ, ਜਿਸ ਕਾਰਨ ਵਿੰਗਜ਼ ਪ੍ਰੋਜੈਕਟ ਨੂੰ ਕਾਫ਼ੀ ਮਜ਼ਬੂਤੀ ਮਿਲੀ ਹੈ। ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਉਕਤ ਯੋਗਦਾਨ ਦੇ ਚੱਲਦਿਆਂ ਰੈੱਡ ਕਰਾਸ ਸੁਸਾਇਟੀ ਇਨ੍ਹਾਂ ਸਪੈਸ਼ਲ ਬੱਚਿਆਂ ਨੂੰ ਟ੍ਰੇਨਿੰਗ ਦੇ ਕੇ ਕੈਨਟੀਨ ਸ਼ਾਪਾਂ ਖੋਲ੍ਹਣ 'ਚ ਸਮਰੱਥ ਹੋਈ ਹੈ। ਉਨ੍ਹਾਂ ਲੁਧਿਆਣਾ ਬੇਵਰੇਜ ਦੇ ਐਮ ਡੀ ਉਪਿੰਦਰ ਗੋਅੰਕਾ ਅਤੇ ਉਨ੍ਹਾਂ ਦੀ ਪੂਰੀ ਟੀਮ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਮੈਨੇਜਰ ਲੋਕੇਸ਼ ਕੁਮਾਰ ਮਹਿਤਾ, ਡੀ ਜੀ ਐਮ ਅਵਤਾਰ ਸਿੰਘ, ਸਹਾਇਕ ਮੈਨੇਜਰ ਗੁਰਮੀਤ ਸਿੰਘ ਵੀ ਮੌਜੂਦ ਸਨ।

ਕਿਸਾਨਾਂ ਨਾਲ ਠੱਗੀ ਦੇ ਮਾਮਲੇ 'ਚ ਔਰਤ ਗ੍ਰਿਫ਼ਤਾਰ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)- ਐਸ.ਐਚ.ਓ ਉਂਕਰ ਸਿੰਘ ਬਰਾੜ ਮੁੱਖ ਅਫਸਰ ਥਾਣਾ ਟਾਂਡਾ ਨੇ ਦੱਸਿਆ ਕਿ ਥਾਣਾ ਟਾਂਡਾ ਦੇ ਅਧੀਨ ਆਉਂਦੇ ਏਰੀਆ ਵਿਚ ਠੱਗੀ ਕਰਨ ਵਾਲੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਲਈ ਸੋਰਸ ਲਗਾ ਕੇ ਉਪਰਾਲੇ ਕੀਤੇ ਜਾ ਰਹੇ ਸਨ। ਜਿਸ ਦੌਰਾਨ ਐਸ.ਆਈ ਗੁਰਵਿੰਦਰ ਸਿੰਘ ਸਮੇਤ ਪੁਲਸ ਪਾਰਟੀ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ ਜਦੋਂ ਮੁਕੱਦਮਾ ਨੰਬਰ 306 ਥਾਣਾ ਟਾਂਡਾ ਦੀ ਮਮਤਾ ਰਾਣੀ ਪਤਨੀ ਪਵਨ ਕੁਮਾਰ ਵਾਸੀ ਡਾਕਟਰ ਨਾਗਰਥ ਵਾਲੀ ਗਲੀ ਉੜਮੁੜ ਥਾਣਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਗ੍ਰਿਫ਼ਤਾਰ ਕੀਤਾ ਗਿਆ। ਜੋ ਇਸ ਦੋਸ਼ਣ ਅਤੇ ਇਸ ਦੇ ਸਾਥੀਆਂ ਵਲੋਂ ਕਿਸਾਨਾਂ ਦੀ ਆਲੂ ਦੀ ਫਸਲ ਦੇ ਕਰੀਬ 67 ਲੱਖ ਰੁਪਏ ਦੇ ਚੈਕ ਦਿੱਤੇ ਸਨ। ਜਿਸ ਦੇ ਅਕਾਊਂਟ ਵਿਚ ਪੈਸੇ ਨਾ ਹੋਣ ਕਰਕੇ ਕਿਸਾਨਾਂ ਵਲੋਂ ਪੈਸੇ ਦੀ ਮੰਗ ਕਰਨ 'ਤੇ ਉਹਨਾਂ ਨੂੰ ਪੈਸੇ ਨਾ ਦੇਣ ਦੀਆਂ ਧਮਕੀਆਂ ਦਿੱਤੀਆਂ ਸਨ। ਪੁਲਸ ਵਲੋਂ ਇਸ ਦੇ ਬਾਕੀ ਸਾਥੀਆ ਦੀ ਭਾਲ ਜਾਰੀ ਹੈ।

ਚਾਰ ਸਾਹਿਬਜ਼ਾਦੇ ਤੇ ਮਾਤਾ ਗੁਜਰੀ ਦੀਆਂ ਸ਼ਹਾਦਤਾਂ ਨੂੰ ਸਿਜਦਾ ਕੀਤਾ

ਟਾਂਡਾ ਉੜਮੁੜ , (ਜਸਵਿੰਦਰ ਸੰਧੂ, ਉਂਕਾਰ ਸਿੰਘ)-ਗੁਰੂ ਨਾਨਕ ਮਿਸ਼ਨ

25-DEC-PAGE-10.qxd 12/24/2023 10:03 PM Page 1

ਸਾਂਝੀ ਐਕਸ਼ਨ ਕਮੇਟੀ ਦੇ ਵਫਦ ਨੇ ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਨਾਲ ਕੀਤੀ ਮੁਲਾਕਾਤ

ਦਿੜ੍ਹਬਾ (ਜਸਵੀਰ ਲਾਡੀ)

ਪੰਜਾਬ ਦੀਆਂ 27 ਐੱਸ.ਸੀ., ਬੀ.ਸੀ. ਮੁਲਾਜ਼ਮ ਤੇ ਸਮਾਜਿਕ ਜਥੇਬੰਦੀਆਂ ਦੀ ਸਾਂਝੀ ਐਕਸ਼ਨ ਕਮੇਟੀ ਦੇ ਵਫਦ ਨੇ ਜਸਵੀਰ ਸਿੰਘ ਪਾਲ ਦੀ ਅਗਵਾਈ ਹੇਠ ਬੀਤੇ ਦਿਨੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਪ੍ਰਮੁੱਖ ਸਕੱਤਰ ਨਾਲ ਮੁਲਾਕਾਤ ਕੀਤੀ। ਜਾਣਕਾਰੀ ਦਿੰਦਿਆਂ ਐਕਸ਼ਨ ਕਮੇਟੀ ਦੇ ਉਪ-ਕੋਆਰਡੀਨੇਟਰ ਹਰਵਿੰਦਰ ਸਿੰਘ ਮੰਡੇਰ ਨੇ ਕਿਹਾ ਕਿ ਐਕਸ਼ਨ ਕਮੇਟੀ ਵੱਲੋਂ ਬੀਤੇ ਛੇ ਦਸੰਬਰ ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਪ੍ਰੀਨਿਰਵਾਣ ਦਿਵਸ 'ਤੇ ਮੁੱਖ ਮੰਤਰੀ ਦੀ ਕੋਠੀ ਦੇ ਕੀਤੇ ਘਿਰਾਓ ਤੋਂ ਬਾਅਦ 20 ਦਸੰਬਰ ਨੂੰ ਕਮੇਟੀ ਮੈਂਬਰਾਂ ਨੂੰ ਪੰਜਾਬ ਸਕੱਤਰੇਤ ਵਿਖੇ ਮੀਟਿੰਗ ਲਈ ਬੁਲਾਇਆ ਸੀ, ਮੁੱਖ ਮੰਤਰੀ ਭਗਵੰਤ ਮਾਨ ਨਾਲ ਬੇਸ਼ੱਕ ਵਫਦ ਦੀ ਮੀਟਿੰਗ ਨਾ ਹੋ ਸਕੀ, ਪਰ ਉਨ੍ਹਾਂ ਦੇ ਮੁੱਖ ਸਕੱਤਰ ਨਾਲ ਡੇਢ ਘੰਟਾ ਹੋਈ ਮੀਟਿੰਗ ਬਾਰੇ ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਉਨ੍ਹਾਂ ਐਕਸ਼ਨ ਕਮੇਟੀ ਵੱਲੋਂ ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਦੀਆਂ ਮੰਗ ਪੱਤਰ 'ਚ ਦਰਜ ਮੰਗਾਂ ਨੂੰ ਠੋਸ ਤਰੀਕੇ ਨਾਲ ਰੱਖਿਆ ਗਿਆ। ਉਨ੍ਹਾ ਕਿਹਾ ਕਿ ਪੰਜਾਬ ਸਬ ਕੈਬਨਿਟ ਕਮੇਟੀ ਦੀ ਰਿਪੋਰਟ ਨੂੰ ਸਰਕਾਰ ਵੱਲੋਂ ਅਜੇ ਤੱਕ ਜਨਤਕ ਨਾ ਕਰਨਾ ਸਰਕਾਰ ਦੀ ਅਨੁਸੂਚਿਤ ਤੇ ਪੱਛੜੀਆਂ ਜਾਤੀਆਂ ਪ੍ਰਤੀ ਸੌੜੀ ਸੋਚ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਰਿਜ਼ਰਵੇਸ਼ਨ ਚੋਰ ਫੜੋ ਮੋਰਚੇ ਦੇ ਆਗੂ ਬਲਵੀਰ ਸਿੰਘ ਆਲਮਪੁਰ ਤੇ ਰਾਜ ਸਿੰਘ ਟੋਡਰਵਾਲ 'ਤੇ ਪਾਏ ਝੂਠੇ ਪੁਲਸ ਕੇਸਾਂ ਸਬੰਧੀ ਵਿਸਥਾਰ ਨਾਲ ਚਰਚਾ ਹੋਈ। ਮੰਡੇਰ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਐਕਸ਼ਨ ਕਮੇਟੀ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਨਾ ਲਿਆ ਤਾਂ ਆਉਣ ਵਾਲੇ ਸਮੇਂ 'ਚ ਸਮੂਹ ਜਥੇਬੰਦੀਆਂ ਵੱਲੋਂ ਵੱਡਾ ਐਕਸ਼ਨ ਕੀਤਾ ਜਾਵੇਗਾ। ਵਫਦ 'ਚ ਉਕਤ ਤੋਂ ਇਲਾਵਾ ਰਾਜ ਸਿੰਘ ਟੋਡਰਵਾਲ, ਕੁਲਵਿੰਦਰ ਸਿੰਘ ਬੋਦਲ ਤੇ ਬੰਤ ਸਿੰਘ ਵੀ ਸ਼ਾਮਲ ਸਨ।

ਕਾਮਰੇਡ ਜੰਗੀਰ ਸਿੰਘ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੂੰ ਹਸਪਤਾਲ ਦੀ ਕਾਰਜ-ਪ੍ਰਣਾਲੀ ਬਾਰੇ ਜਾਣੂ ਕਰਵਾਇਆ

ਜੋਗਾ (ਨ ਜ਼ ਸ)-ਕਾਮਰੇਡ ਜੰਗੀਰ ਸਿੰਘ ਜੋਗਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਜੋਗਾ ਦੇ ਐੱਨ.ਐੱਸ.ਕਿਊ.ਐੱਫ. ਦੇ ਵਿਦਿਆਰਥੀਆਂ ਨੂੰ ਸ਼ਹੀਦ ਬਾਬਾ ਦੀਪ ਸਿੰਘ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਤੇ ਬਾਹਰਾ ਹਸਪਤਾਲ ਮੋਹਾਲੀ ਦਾ ਦੌਰਾ ਕਰਵਾਇਆ ਗਿਆ। ਹੈਲਥ ਕੇਅਰ ਇੰਸਟਰਕਟ ਮਨਦੀਪ ਕੌਰ ਨੇ ਦੱਸਿਆ ਕਿ ਸਕੂਲ ਦੇ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਹੈਲਥ ਕੇਅਰ ਵਿਸ਼ੇ ਨਾਲ ਸਬੰਧਤ ਵਿਦਿਆਰਥੀਆਂ ਨੇ ਤਲਵੰਡੀ ਸਾਬੋ ਤੇ ਮੋਹਾਲੀ ਦੇ ਹਸਪਤਾਲਾਂ ਵਿੱਚ ਜਾ ਕੇ ਡਾਇਲਸਿਸ ਯੂਨਿਟ, ਆਪ੍ਰੇਸ਼ਨ ਥੀਏਟਰ, ਮੈਡੀਸਨ ਵਾਰਡ, ਜਨਰਲ ਵਾਰਡ ਵਿੱਚ ਮਰੀਜ਼ਾਂ ਦੀ ਸਾਂਭ-ਸੰਭਾਲ ਤੇ ਇਲਾਜ ਦੀ ਕਾਰਜ ਪ੍ਰਣਾਲੀ ਸਬੰਧੀ ਜਾਣਿਆ ਅਤੇ ਬਾਇਓ ਵੇਸਟ ਸਬੰਧੀ ਜਾਣਕਾਰੀ ਵੀ ਹਾਸਲ ਕੀਤੀ। ਵਿਦਿਆਰਥੀਆਂ ਨੇ ਐਮਰਜੈਂਸੀ ਵਾਰਡ, ਸਰਜਰੀ ਵਾਰਡ, ਆਰਥੋ ਵਾਰਡ ਸਮੇਤ ਹੋਰ ਵੱਖ ਵੱਖ ਵਾਰਡਾਂ ਵਿੱਚ ਜਾ ਕੇ ਡਾਕਟਰਾਂ ਤੋਂ ਹਸਪਤਾਲ ਵਿੱਚ ਮਰੀਜ਼ਾਂ ਦੇ ਆਉਣ ਤੋਂ ਲੈ ਕੇ ਸਮੁੱਚੀ ਇਲਾਜ ਪ੍ਰਕਿਰਿਆ ਦੀ ਜਾਣਕਾਰੀ ਹਾਸਲ ਕੀਤੀ। ਸਕੂਲ ਇੰਚਾਰਜ ਪਰਵਿੰਦਰ ਸਿੰਘ ਨੇ ਕਿਹਾ ਕਿ ਵਿਭਾਗ ਵੱਲੋਂ ਸਮੇਂ ਸਮੇਂ 'ਤੇ ਐੱਨ ਐੱਸ ਕਿਓ ਐੱਫ ਦੇ ਵਿਦਿਆਰਥੀਆਂ ਲਈ ਅਜਿਹੇ ਟੂਰਾਂ ਦਾ ਆਯੋਜਨ ਕਰਕੇ ਵਿਦਿਆਰਥੀਆਂ ਨੂੰ ਹੈਲਥ ਕੇਅਰ ਵਿਸ਼ੇ ਦਾ ਪ੍ਰੈਕਟੀਕਲ ਤਜਰਬਾ ਕਰਵਾਉਣ ਲਈ ਯਤਨ ਕੀਤੇ ਜਾਂਦੇ ਹਨ। ਇਸ ਦੌਰੇ ਦੌਰਾਨ ਵਿਦਿਆਰਥੀਆਂ ਨਾਲ ਅਧਿਅਪਕਾ ਹੇਮਾ ਗੁਪਤਾ, ਮਨਦੀਪ ਕੌਰ, ਹਰਪਾਲ ਸਿੰਘ ਤੇ ਗੁਰਵੀਰ ਸਿੰਘ ਮੌਜੂਦ ਸਨ।

ਬਾਬਾ ਮੋਨੀ ਜੀ ਕਾਲਜ ਦਾ ਬੀ ਸੀ ਏ ਭਾਗ-2 ਦਾ ਨਤੀਜਾ ਸੌ ਫੀਸਦੀ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਨਤੀਜਿਆਂ 'ਚੋਂ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ (ਬਠਿੰਡਾ) ਦਾ ਬੀ. ਸੀ. ਏ ਭਾਗ-2 (ਸਮੈਸਟਰ-4) ਦਾ ਨਤੀਜਾ ਸੌ ਫੀਸਦੀ ਰਿਹਾ। ਕਾਲਜ 'ਚੋਂ ਰਮਨਦੀਪ ਕੌਰ (81.7%) ਪੁੱਤਰੀ ਜਗਸੀਰ ਸਿੰਘ ਢਿਪਾਲੀ ਨੇ ਪਹਿਲਾ, ਹਰਮਨਪ੍ਰੀਤ ਕੌਰ (81.1%) ਪੁੱਤਰੀ ਮੱਖਣ ਸਿੰਘ ਲਹਿਰਾ ਖਾਨਾ ਨੇ ਦੂਜਾ ਤੇ ਕੋਮਲਪ੍ਰੀਤ ਕੌਰ (80.7%) ਪੁੱਤਰੀ ਕੇਵਲ ਸਿੰਘ ਕਲਿਆਣ ਮੱਲ ਕਾ ਨੇ ਤੀਜਾ ਸਥਾਨ ਹਾਸਲ ਕਰਕੇ ਕਾਲਜ ਤੇ ਆਪਣੇ

ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਬਾਕੀ ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ ਤੇ ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਕਾਲਜ ਦੇ ਪ੍ਰੋ. ਅਮਨਿੰਦਰ ਕੌਰ ਤੇ ਪ੍ਰੋ. ਦਿਨੇਸ਼ ਕੁਮਾਰ ਨੇ ਵਧੀਆ ਰਿਜ਼ਲਟ ਦੀ ਸ਼ਲਾਘਾ ਕਰਦਿਆਂ ਵਿਦਿਆਰਥਣਾਂ ਨੂੰ ਹੋਰ ਵਧੇਰੇ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਪ੍ਰੋ. ਗੁਰਪ੍ਰੀਤ ਰਾਮ, ਪ੍ਰੋ. ਰੁਪਿੰਦਰ ਸਿੰਘ, ਪ੍ਰੋ. ਸੁਖਦੀਪ ਕੌਰ (ਪੰਜਾਬੀ), ਪ੍ਰੋ. ਲਖਵੀਰ ਕੌਰ, ਪ੍ਰੋ. ਸ਼ੈਫੀ ਗੋਇਲ, ਪ੍ਰੋ. ਵਰਦੀਪ ਕੌਰ, ਪ੍ਰੋ. ਰਮਨਦੀਪ ਕੌਰ, ਪ੍ਰੋ. ਸੁਖਦੀਪ ਕੌਰ, ਪ੍ਰੋ. ਵਰਿੰਦਰ ਸਿੰਘ, ਪ੍ਰੋ. ਮੋਨਿਕਾ ਗਰਗ, ਪ੍ਰੋ. ਦਲਜੀਤ ਕੌਰ, ਪ੍ਰੋ. ਗੀਤਿਕਾ ਤੇ ਪ੍ਰੋ. ਰੁਚਿਕਾ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

ਪਾਥਵੇਜ਼ ਗਲੋਬਲ ਸਕੂਲ ਨੇ ਮਨਾਇਆ ਕ੍ਰਿਸਮਸ ਦਾ ਤਿਉਹਾਰ

ਕੋਟ ਈਸੇ ਖਾਂ (ਅਰੋੜਾ)-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਵਿਖੇ ਕ੍ਰਿਸਮਸ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਹ ਤਿਉਹਾਰ ਹਰ ਸਾਲ 25 ਦਸੰਬਰ ਨੂੰ ਪੂਰੀ ਦੁਨੀਆ ਵਿੱਚ ਮਨਾਇਆ ਜਾਂਦਾ ਹੈ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਕੋਰੀਓਗ੍ਰਾਫੀ ਗੀਤ ਗਾਇਨ ਕਰਾਏ ਗਏ।ਇਸ ਤਿਉਹਾਰ ਦੇ ਚੀਫ ਗੈਸਟ ਡਾਕਟਰ ਚਾਹਤ ਕੰਬੋਜ ਤੇ ਉਨ੍ਹਾਂ ਦੀ ਪਤਨੀ ਡਾਕਟਰ ਹਰਜੋਤ ਕੰਬੋਜ, ਸਿਮਰਨਜੀਤ ਸਿੰਘ ਸਿੱਧੂ ਤੇ ਉਨ੍ਹਾਂ ਦੀ ਪਤਨੀ ਜਪਨੀਤ ਕੌਰ ਸਿੱਧੂ, ਸਤਨਾਮ ਸਿੰਘ ਸੌਂਦ ਤੇ ਉਨ੍ਹਾਂ ਦੀ ਪਤਨੀ ਨਵਦੀਪ ਕੌਰ ਸੌਂਦ ਆਦਿ ਸਨ।ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ ਤੇ ਮਾਨਯੋਗ ਪ੍ਰਿੰਸੀਪਲ ਡਾਕਟਰ ਪੰਕਜ ਧਮੀਜਾ ਨੇ ਸਾਰੇ ਵਿਦਿਆਰਥੀਆਂ ਨੂੰ ਕ੍ਰਿਸਮਸ ਦੀਆਂ ਵਧਾਈਆਂ ਦਿੱਤੀਆਂ।

ਸਿਲਵਰ ਵਾਟਿਕਾ ਦੇ ਵਿਦਿਆਰਥੀਆਂ ਵੱਲੋਂ ਧਾਰਮਿਕ ਟੂਰ

ਭੀਖੀ (ਧਰਮਵੀਰ ਸ਼ਰਮਾ)-ਨੇੜਲੇ ਪਿੰਡ ਸਮਾਉਂ ਦੇ ਸਿਲਵਰ ਵਾਟਿਕਾ ਪਬਲਿਕ ਸਕੂਲ ਵਿਖੇ ਸਾਹਿਬਜ਼ਾਦਿਆਂ ਦੀ ਯਾਦ ਵਿੱਚ ਵਿੱਦਿਅਕ ਟੂਰ ਲਿਜਾਇਆ ਗਿਆ। ਇਸ ਮੌਕੇ ਸਕੂਲ ਚੇਅਰਮੈਨ ਰਿਸ਼ਵ ਸਿੰਗਲਾ ਨੇ ਕਿਹਾ ਕਿ ਚਾਰੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ, ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ, ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ, ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ ਦੀਆਂ ਕੁਰਬਾਨੀਆਂ ਤੇ ਉਨ੍ਹਾਂ ਦੀ ਜੀਵਨੀ ਬਾਰੇ ਬੱਚਿਆਂ ਨੂੰ ਜਾਣੂ ਹੋਣਾ ਬਹੁਤ ਜ਼ਰੂਰੀ ਹੈ ਤਾਂ ਕਿ ਉਹ ਆਪਣੇ ਧਾਰਮਿਕ ਵਿਰਸੇ ਪ੍ਰਤੀ ਜਾਗਰੂਕ ਹੋ ਸਕਣ। ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖੀ ਦੇ ਮਹਾਨ ਇਤਿਹਾਸ ਤੋਂ ਜਾਗਰੂਕ ਹੋਣ ਦਾ ਸੁਨੇਹਾ ਦਿੱਤਾ। ਇਸ ਮੌਕੇ ਸਕੂਲ ਕਮੇਟੀ ਦੇ ਵਾਇਸ ਚੇਅਰਮੈਨ ਨਮਨ ਸਿੰਗਲਾ ਨੇ ਸਾਹਿਬਜ਼ਾਦਿਆਂ ਦੀ ਜੀਵਨੀ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਅਤੇ ਕੁਰਬਾਨੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਟੂਰ ਦੌਰਾਨ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਨਾਲ ਸਬੰਧਤ ਵੱਖ ਵੱਖ ਗੁਰੂਦੁਆਰਾ ਸਾਹਿਬ, ਜਿਨ੍ਹਾਂ ਵਿੱਚ ਗੁਰੂਦੁਆਰਾ ਠੰਡਾ ਬੁਰਜ, ਮੋਤੀ ਮਹਿਰਾ, ਸ਼੍ਰੀ ਬਿਬਾਨਗੜ੍ਹ ਸਾਹਿਬ, ਸ਼੍ਰੀ ਫਤਿਹਗੜ੍ਹ ਸਾਹਿਬ, ਸ਼੍ਰੀ ਜਯੋਤੀ ਸਰੂਪ ਦੇ ਦਰਸ਼ਨ ਵੀ ਕਰਵਾਏ ਗਏ ਤੇ ਉਨ੍ਹਾਂ ਦੇ ਇਤਿਹਾਸ ਸਬੰਧੀ ਵੀ ਜਾਣਕਾਰੀ ਦਿੱਤੀ। ਇਸ ਮੌਕੇ ਉਨ੍ਹਾਂ ਨਾਲ ਪ੍ਰਿੰਸੀਪਲ ਕਿਰਨ ਰਤਨ, ਹਰਿੰਦਰ ਸਿੰਘ, ਨਵਜੋਤ ਸਿੰਘ, ਰੀਨਾ ਰਾਣੀ ਤੇ ਹੋਰ ਵੀ ਹਾਜ਼ਰ ਸਨ।

ਡੀ ਏ ਵੀ ਸਕੂਲ 'ਚ ਮਨਾਇਆ ਰਾਸ਼ਟਰੀ ਗਣਿਤ ਦਿਵਸ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਡੀਏਵੀ ਪਬਲਿਕ ਸਕੂਲ ਪਾਤੜਾਂ ਵਿਖੇ ਗਣਿਤ ਵਿੱਚ ਮਿਸਾਲੀ ਯੋਗਦਾਨ ਪਾਉਣ ਵਾਲੇ ਗਣਿਤ ਦੇ ਮਹਾਨ ਪ੍ਰਤਿਭਾਵਾਨ ਸ਼ਖਸੀਅਤ ਸ੍ਰੀਨਿਵਾਸ ਰਾਮਾਨੁਜਨ ਦੇ ਜਨਮ ਦਿਨ ਨੂੰ ਸ਼ਰਧਾਂਜਲੀ ਭੇਟ ਕਰਨ ਤੇ ਯਾਦ ਕਰਨ ਲਈ ਰਾਸ਼ਟਰੀ ਗਣਿਤ ਦਿਵਸ ਮਨਾਇਆ। ਪ੍ਰਿੰਸੀਪਲ ਮੀਨਾ ਥਾਪਰ ਨੇ ਦੱਸਿਆ ਕਿ ਰੋਜ਼ਾਨਾ ਜੀਵਨ ਵਿੱਚ ਗਣਿਤ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਤੇ ਵਿਦਿਆਰਥੀਆਂ ਨੂੰ ਗਣਿਤ ਦੀ ਪੜ੍ਹਾਈ ਵਿੱਚ ਰੁਚੀ ਪੈਦਾ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ। ਸਮਾਰੋਹ ਵਿੱਚ ਕੁਇੱਜ਼ ਮੁਕਾਬਲਾ, ਪ੍ਰਦਰਸ਼ਨੀ, ਰੋਲ ਪਲੇ, ਕਵਿਤਾਵਾਂ, ਭਾਸ਼ਣ ਤੇ ਗਣਿਤ ਵਿਸ਼ੇ 'ਤੇ ਭਾਸ਼ਣ ਕਰਵਾਏ ਗਏ। ਇਸ ਪ੍ਰੋਗਰਾਮ ਦਾ ਅਧਿਆਪਕਾਂ ਤੇ ਹੋਰ ਵਿਦਿਆਰਥੀਆਂ ਨੇ ਖੂਬ ਆਨੰਦ ਮਾਣਿਆ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਮੀਨਾ ਥਾਪਰ ਨੇ ਵਿਦਿਆਰਥੀਆਂ ਨੂੰ ਇਹ ਕਹਿ ਕੇ ਉਤਸ਼ਾਹਤ ਕੀਤਾ ਕਿ ਗਣਿਤ ਸਿੱਖਣਾ ਹਰ ਕਿਸੇ ਦੇ ਦਿਮਾਗ ਲਈ ਚੰਗਾ ਹੁੰਦਾ ਹੈ ਤੇ ਇਹ ਜੀਵਨ ਵਿੱਚ ਰੋਜ਼ਾਨਾ ਦੇ ਪਹਿਲੂਆਂ ਨਾਲ ਨਜਿੱਠਣ ਵਿੱਚ ਹਰ ਕਿਸੇ ਦੀ ਮਦਦ ਕਰਦਾ ਹੈ।

ਇੰਗਲਿਸ਼ ਸਟੂਡੀਓ ਨੇ ਇੰਗਲੈਂਡ ਦਾ ਸਟੱਡੀ ਵੀਜ਼ਾ ਲਵਾਇਆ

ਬਾਘਾ ਪੁਰਾਣਾ (ਮਨੀ ਸਿੰਗਲਾ)-ਸਥਾਨਕ ਸ਼ਹਿਰ ਦੀ ਕੋਟਕਪੂਰਾ ਸੜਕ ਉਪਰਲੇ ਪੈਟਰੋਲ ਪੰਪ ਸਾਹਮਣੇ ਸਥਿੱਤ ਨਾਮਵਾਰ ਸੰਸਥਾ ਇੰਗਲਿਸ਼ ਸਟੂਡੀਓ, ਜੋ ਵਿਦਿਆਰਥੀਆਂ ਨੂੰ ਆਈਲਟਸ ਦੀ ਪ੍ਰੀਖਿਆ ਸਬੰਧੀ ਸ਼ਾਨਦਾਰ ਕੋਚਿੰਗ ਦੇ ਰਹੀ ਹੈ ਤੇ ਚੰਗੇ ਬੈਂਡ ਦਿਵਾ ਕੇ ਇੰਮੀਗ੍ਰੇਸ਼ਨ ਦੇ ਖੇਤਰ ਵਿੱਚ ਵੀ ਉੱਚ ਸੇਵਾਵਾਂ ਪ੍ਰਦਾਨ ਕਰਵਾ ਰਹੀ ਹੈ, ਨੇ ਅਮਨਦੀਪ ਕੌਰ ਪੁੱਤਰੀ ਹਰਵਿੰਦਰ ਕੌਰ ਵਾਸੀ ਜੈਮਲਵਾਲਾ (ਮੋਗਾ) ਇੰਗਲੈਂਡ ਦੀ ਯੂਨੀਵਰਸਿਟੀ ਆਫ ਪਲਾਈਮਥ ਦਾ ਸਟੱਡੀ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤਾ ਹੈ। ਇਸ ਮੌਕੇ ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਦੱਸਿਆ ਕਿ ਇੰਗਲਿਸ਼ ਸਟੂਡੀਓ ਸੰਸਥਾ ਇੰਗਲੈਂਡ ਦੇ ਸਟੱਡੀ ਵੀਜ਼ੇ ਲਈ ਮੋਹਰੀ ਸੰਸਥਾ ਹੈ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥਣ ਨੂੰ ਇੰਗਲੈਂਡ ਦੇ ਸਟੱਡੀ ਵੀਜ਼ੇ ਦੀ ਕਾਪੀ ਸੌਂਪਦਿਆਂ ਵਧਾਈ ਦਿੱਤੀ ਤੇ ਉੱਜਵਲ ਭਵਿੱਖ ਲਈ ਕਾਮਨਾ ਕੀਤੀ।

ਸਿਲਵਰ ਓਕਸ ਸਕੂਲ ਵਿਖੇ ਕ੍ਰਿਸਮਸ ਦਾ ਤਿਉਹਾਰ ਮਨਾਇਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ)

ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵਿਖੇ ਕ੍ਰਿਸਮਸ ਦਾ ਤਿਉਹਾਰ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਵਿੱਚ ਸੋਹਣੀ ਸਜਾਵਟ ਕੀਤੀ ਗਈ। ਸਾਰੇ ਵਿਦਿਆਰਥੀ ਤੇ ਅਧਿਆਪਕ ਕ੍ਰਿਸਮਸ ਦੇ ਲਾਲ, ਚਿੱਟੇ ਰੰਗਾਂ ਦੇ ਪਹਿਰਾਵੇ ਵਿੱਚ ਸਕੂਲ ਪਹੁੰਚੇ। ਭਾਸ਼ਣ ਰਾਹੀਂ ਕ੍ਰਿਸਮਸ ਤਿਉਹਾਰ ਦੀ ਮਹੱਤਤਾ ਤੇ ਯਿਸੂ ਮਸੀਹ ਦੇ ਜਨਮ, ਜੀਵਨ ਯਾਤਰਾ ਬਾਰੇ ਦੱਸਦੇ ਹੋਏ ਬੱਚਿਆਂ ਲਈ ਵਿਸ਼ੇਸ਼ ਮਨੋਰੰਜਕ ਖੇਡ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਬੱਚਿਆਂ ਨੇ ਡਾਂਸ ਕਰਕੇ ਤੇ ਮਨੋਰੰਜਕ ਖੇਡਾਂ ਨੂੰ ਖੇਡਦੇ ਹੋਏ ਖੂਬ ਅਨੰਦ ਮਾਣਿਆ। ਸਕੂਲ ਦੇ ਮੁੱਖ ਅਧਿਆਪਕਾ ਛਾਇਆ ਵਿਨੋਚਾ ਵੱਲੋਂ ਸਾਰਿਆਂ ਨੂੰ ਕ੍ਰਿਸਮਸ ਦੀ ਵਧਾਈ ਤੇ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਲੋੜਵੰਦਾਂ ਦੀ ਮਦਦ ਕਰਨ ਤੇ ਸਭ ਪਾਸੇ ਖੁਸ਼ੀਆਂ ਵੰਡਣ ਦਾ ਸੰਦੇਸ਼ ਦਿੰਦੇ ਹੋਏ ਕਿਹਾ ਕਿ ਇਹ ਨਾ ਸਿਰਫ ਉਨ੍ਹਾਂ ਨੂੰ ਮਜ਼ੇਦਾਰ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਤੇ ਆਪਣੇ ਸਾਥੀਆਂ ਨਾਲ ਜੁੜਨ ਦਾ ਮੌਕਾ ਦਿੰਦਾ ਹੈ, ਸਗੋਂ ਇਹ ਬੱਚਿਆਂ ਨੂੰ ਵੱਖ-ਵੱਖ ਸੱਭਿਆਚਾਰਕ ਪ੍ਰੰਪਰਾਵਾਂ ਬਾਰੇ ਸਿਖਾਉਣ ਵਿੱਚ ਵੀ ਮਦਦ

25-Dec-PAGE-11-Majha-23.qxd 12/24/2023 10:11 PM Page 1

ਹੱਕੀ ਮੰਗਾਂ ਦੀ ਪੂਰਤੀ ਲਈ ਪਿੰਡ ਪੱਧਰ 'ਤੇ ਕਮੇਟੀਆਂ ਦਾ ਗਠਨ ਜ਼ਰੂਰੀ: ਕਾਮਰੇਡ ਕਾਹਲੋਂ

ਕਲਾਨੌਰ (ਮਨਦੀਪ ਕੋਹਲੀ)-ਜਮਹੂਰੀ ਕਿਸਾਨ ਸਭਾ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਪਿੰਡਾਂ ਵਿੱਚ ਸਭਾ ਦੀਆਂ ਇਕਾਈਆਂ ਦਾ ਗਠਨ ਕਰਨ ਦੇ ਸਿਲਸਿਲੇ ਨੂੰ ਜਾਰੀ ਰੱਖਦਿਆਂ ਹੋਇਆਂ ਸਭਾ ਵੱਲੋਂ ਪਿੰਡ ਅਦਾਲਤਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਵਿਸ਼ਾਲ ਮੀਟਿੰਗ ਕੀਤੀ ਗਈ ਜਿਸ ਵਿੱਚ ਸਰਬਸੰਮਤੀ ਨਾਲ ਮਨਜੀਤ ਸਿੰਘ ਨੰਬਰਦਾਰ ਨੂੰ ਪ੍ਰਧਾਨ, ਕੁਲਦੀਪ ਸਿੰਘ ਜਨ ਸਕੱਤਰ ਅਤੇ ਮਨਜੀਤ ਸਿੰਘ ਵਿਤ ਸਕੱਤਰ, ਅਵਤਾਰ ਸਿੰਘ ਉਪ ਪ੍ਰਧਾਨ ਤੋਂ ਇਲਾਵਾ ਭੁਪਿੰਦਰ ਸਿੰਘ, ਅਵਤਾਰ ਸਿੰਘ, ਕੁਲਵੰਤ ਸਿੰਘ, ਅਜੀਤ ਸਿੰਘ, ਧਿਆਨ ਸਿੰਘ, ਜੱਗੀ, ਅੰਮ੍ਰਿਤਪਾਲ ਸਿੰਘ, ਲਖਬੀਰ ਸਿੰਘ ਅਤੇ ਗੁਰਮੀਤ ਸਿੰਘ ਮੈਂਬਰ ਚੁਣੇ ਗਏ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਜ਼ਿਲਾ ਪ੍ਰਧਾਨ ਹਰਜੀਤ ਸਿੰਘ ਕਾਹਲੋਂ ਨੇ ਕਿਹਾ ਕਿ ਫਸਲਾਂ ਉੱਤੇ ਐੱਮਐੱਸਪੀ ਦੀ ਗਰੰਟੀ ਲਈ ਕਾਨੂੰਨ ਬਣਾਉਣ, ਸੁਆਮੀ ਨਾਥਨ ਕਮਿਸਨ ਦੀ ਰਿਪੋਰਟ ਨੂੰ ਲਾਗੂ ਕਰਵਾਉਣ, ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ, ਬਿਜਲੀ ਬਿੱਲ 2020 ਨੂੰ ਵਾਪਸ ਕਰਾਉਣ, ਨਹਿਰੀ ਪ੍ਰਬੰਧ ਨੂੰ ਠੀਕ ਕਰਾਉਣ, 60 ਸਾਲ ਤੋਂ ਉੱਪਰ ਉਮਰ ਦੇ ਕਿਸਾਨਾਂ ਲਈ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦੀ ਵਿਵਸਥਾ ਕਰਵਾਉਣ ਅਤੇ ਸਥਾਨਕ ਮੰਗਾਂ ਦੀ ਪੂਰਤੀ ਲਈ ਜਥੇਬੰਦੀ ਵੱਲੋਂ ਲੜੇ ਜਾ ਰਹੇ ਸੰਘਰਸ਼ਾਂ ਅਤੇ ਸੰਯੁਕਤ ਮੋਰਚੇ ਵੱਲੋਂ ਦੇਸ਼ ਪੱਧਰ 'ਤੇ ਸ਼ੁਰੂ ਕੀਤੇ ਕਿਸਾਨ ਸੰਘਰਸ਼ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਕਿ ਕੇਂਦਰ ਅਤੇ ਪੰਜਾਬ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਨੂੰ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕੇ। ਇਹ ਤਾਂ ਹੀ ਹੋ ਸਕਦਾ ਹੈ ਜੇਕਰ ਹਰ ਪਿੰਡ ਵਿੱਚ ਸਭਾ ਦੀ ਇਕਾਈ ਗਠਿਤ ਹੋਵੇ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਮਹੂਰੀ ਕਿਸਾਨ ਸਭਾ ਏਰੀਆ ਕਮੇਟੀ ਕਲਾਨੌਰ ਦੇ ਆਗੂ ਬਲਜੀਤ ਸਿੰਘ ਗੁਰਾਇਆ, ਪਿੰਡ ਖੁਸ਼ੀਪੁਰ ਦੇ ਪ੍ਰਧਾਨ ਰਜਿੰਦਰ ਸਿੰਘ ਭਿੱਟੇਵਿਡ, ਪ੍ਰਤਾਪ ਸਿੰਘ ਜੇਈ ਦਲੇਲਪੁਰ, ਬਲਦੇਵ ਸਿੰਘ ਸਾਬਕਾ ਸਰਪੰਚ ਦਲੇਲਪੁਰ, ਬਲਕਾਰ ਸਿੰਘ, ਨਿਰਮਲ ਸਿੰਘ, ਬਲਦੇਵ ਸਿੰਘ ਸਰਪੰਚ, ਦਰਸ਼ਨ ਸਿੰਘ, ਕੁਲਦੀਪ ਸਿੰਘ, ਲਾਡੀ, ਹਰਪਾਲ ਸਿੰਘ, ਰਣਜੀਤ ਸਿੰਘ ਫੌਜੀ, ਸੋਨੂ, ਗੁਰਮੇਜ ਸਿੰਘ, ਬਲਰਾਜ ਸਿੰਘ ਘੁੰਮਣ ਆਦਿ ਸ਼ਾਮਿਲ ਸਨ।

ਵੱਡੇ ਸਾਹਿਬਜ਼ਾਦਿਆਂ ਤੇ ਸ੍ਰੀ ਚਮਕੌਰ ਸਾਹਿਬ ਦੇ ਸ਼ਹੀਦਾਂ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਸਵੇਂ ਪਾਤਸ਼ਾਹ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ ਅਤੇ ਚਮਕੌਰ ਸਾਹਿਬ ਦੇ ਸ਼ਹੀਦਾਂ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਬੀਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਬਲਜੀਤ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸਰਵਣ ਕਰਵਾਇਆ। ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤ ਨਾਲ ਇਤਿਹਾਸ ਦੀ ਸਾਂਝ ਕਰਦਿਆਂ ਕਿਹਾ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਅਤੇ ਪਿਆਰੇ ਸਿੱਖਾਂ ਦੀ ਸ਼ਹਾਦਤ ਦੁਨੀਆ ਦੇ ਇਤਿਹਾਸ ਅੰਦਰ ਹੱਕ, ਸੱਚ ਤੇ ਧਰਮ ਦੀ ਰਖਵਾਲੀ ਲਈ ਇਕ ਵਿਲੱਖਣ ਮਿਸਾਲ ਹੈ। ਉਨ੍ਹਾਂ ਕਿਹਾ ਕਿ ਚਮਕੌਰ ਦੀ ਜੰਗ ਵਿਚ ਗੁਰੂ ਦੇ 40 ਸਿੰਘਾਂ ਨੇ ਮੁਗਲਾਂ ਦੀ 10 ਲੱਖ ਫ਼ੌਜ ਦਾ ਮੁਕਾਬਲਾ ਕਰਕੇ ਲਾਸਾਨੀ ਇਤਿਹਾਸ ਸਿਰਜਿਆ। ਉਨ੍ਹਾਂ ਸੰਗਤਾਂ ਨੂੰ ਇਤਿਹਾਸ ਤੋਂ ਪ੍ਰੇਰਣਾ ਲੈ ਕੇ ਬਾਣੀ ਬਾਣੇ ਨਾਲ ਜੁੜਨ ਦੀ ਅਪੀਲ ਕੀਤੀ। ਇਸ ਮੌਕੇ ਢਾਡੀ ਤੇ ਕਵੀਸ਼ਰ ਜਥਿਆਂ ਵੱਲੋਂ ਵੀ ਸੰਗਤਾਂ ਨਾਲ ਸਾਹਿਬਜ਼ਾਦਿਆਂ ਦੇ ਇਤਿਹਾਸ ਦੀ ਸਾਂਝ ਪਾਈ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਵਧੀਕ ਸਕੱਤਰ ਬਿਸੇ ਸਿੰਘ, ਗੁਰਿੰਦਰ ਸਿੰਘ ਮਥਰੇਵਾਲ, ਤੇਜਿੰਦਰ ਸਿੰਘ ਪੱਡਾ, ਮੀਤ ਸਕੱਤਰ. ਗੁਰਦਿਆਲ ਸਿੰਘ, ਗੁਰਚਰਨ ਸਿੰਘ ਕੁਹਾਲਾ, ਪ੍ਰੋ. ਸੁਖਦੇਵ ਸਿੰਘ, ਬਲਵਿੰਦਰ ਸਿੰਘ ਖੈਰਾਬਾਦ, ਗੁਰਨਾਮ ਸਿੰਘ, ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ, ਮੈਨੇਜਰ ਬਘੇਲ ਸਿੰਘ, ਨਰਿੰਦਰ ਸਿੰਘ, ਵਧੀਕ ਮੈਨੇਜਰ ਇਕਬਾਲ ਸਿੰਘ ਮੁਖੀ, ਨਿਸ਼ਾਨ ਸਿੰਘ ਜੱਫਰਵਾਲ, ਬਿਕਰਮਜੀਤ ਸਿੰਘ ਝੰਗੀ ਆਦਿ ਹਾਜ਼ਰ ਸਨ।

ਕਿਰਤੋਵਾਲ ਦੇ ਲੋਕਾਂ ਨੂੰ ਚਿਰੋਕਣੀ ਮੰਗ ਪੂਰੀ ਹੋਣ ਦੀ ਆਸ ਬੱਝੀ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਪਿੰਡ ਕਿਰਤੋਵਾਲ ਕਲਾਂ 'ਚ ਪਾਣੀ ਵਾਲੀ ਟੈਂਕੀ 'ਚ ਨਵੇਂ ਬੋਰ ਕਰਵਾਉਣ ਦੀ ਸ਼ੁਰੂਆਤ ਨਾਲ ਚਿਰੋਕਣੀ ਮੰਗ ਨੂੰ ਬੂਰ ਪੈਣ ਦੀ ਆਸ ਬੱਝੀ ਹੈ। ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਹੁਕਮਾਂ ਤੇ ਮਾਰਕੀਟ ਕਮੇਟੀ ਹਰੀਕੇ ਦੇ ਚੇਅਰਮੈਨ ਦਿਲਬਾਗ ਸਿੰਘ ਵੱਲੋਂ ਨਵੇਂ ਬੋਰ ਕਰਵਾਉਣ ਲਈ ਸ਼ੁਰੂਆਤ ਕੀਤੀ ਗਈ। ਸੰਗਤ ਦੀ ਹਾਜ਼ਰੀ ਵਿੱਚ ਗੁਰਦੁਆਰਾ ਤਪ ਅਸਥਾਨ 108 ਬ੍ਰਹਮ ਗਿਆਨੀ ਸੰਤ ਖਾਲਸਾ ਬਾਬਾ ਆਸਾ ਸਿੰਘ ਜੀ ਦੇ ਮੁੱਖ ਸੇਵਾਦਾਰ ਬਾਬਾ ਮੇਜਰ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਟੱਪ ਲਗਾ ਕੇ ਡੂੰਘਾ ਬੋਰ ਕਰਨ ਦੀ ਸ਼ੁਰੂਆਤ ਕੀਤੀ ਗਈ। ਜ਼ਿਕਰਯੋਗ ਹੈ ਕਿ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਵੱਲੋਂ ਪਿੰਡ ਅੰਦਰ ਸੀਵਰੇਜ ਪਾਉਣ ਦੀ ਆੜ 'ਚ ਸਾਫ ਪੀਣ ਵਾਲੇ ਪਾਣੀ ਦੀ ਸਪਲਾਈ ਵਾਲੀਆਂ ਪਾਈਪਾਂ ਤੋੜਨ ਨਾਲ ਪਾਣੀ ਦੀ ਸਪਲਾਈ ਬੰਦ ਹੋਈ ਸੀ। ਹੁਣ ਕੈਬਨਿਟ ਮੰਤਰੀ ਭੁੱਲਰ ਵੱਲੋਂ ਨਵੇਂ ਡੂੰਘੇ ਬੋਰ ਦੀ ਸ਼ੁਰੂਆਤ ਕਰਨ ਨਾਲ ਗਰੀਬ ਲੋਕਾਂ 'ਚ ਪਾਣੀ ਮਿਲਣ ਦੀ ਆਸ ਬੱਝੀ ਹੈ। ਚੇਅਰਮੈਨ ਦਿਲਬਾਗ ਸਿੰਘ ਨੇ ਆਖਿਆ ਕਿ ਆਪ ਸਰਕਾਰ ਲੋਕਾਂ ਦੀ ਸਰਕਾਰ ਹੋਣ ਦੇ ਨਾਤੇ ਲੋਕਾਂ ਨਾਲ ਕੀਤੇ ਵਾਅਦੇ ਹਰ ਹਾਲ ਵਿਚ ਪੂਰੇ ਕੀਤੇ ਜਾਣਗੇ। ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਐੱਸਡੀਓ ਜਸਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਨਵੇਂ ਬੋਰ 'ਚ ਸਟੀਲ ਦਾ ਫਿਲਟਰ ਪਾਇਆ ਜਾਵੇਗਾ। ਇਸ ਮੌਕੇ ਆਪ ਆਗੂ ਨਰਵਿੰਦਰ ਸਿੰਘ ਫੌਜੀ, ਸੁਖਦੇਵ ਸਿੰਘ ਫੌਜੀ, ਜਸਪਾਲ ਸਿੰਘ, ਗੁਰਪ੍ਰੀਤ ਸਿੰਘ ਗੋਰਾ, ਜੋਗਾ ਸਿੰਘ ਗੁਰਜੰਟ ਸਿੰਘ, ਬਲਵਿੰਦਰ ਸਿੰਘ, ਮੇਜਰ ਸਿੰਘ, ਡਾਕਟਰ ਕੁਲਵੰਤ ਸਿੰਘ, ਕਰਨਬੀਰ ਸਿੰਘ, ਕੁਲਵਿੰਦਰ ਸਿੰਘ, ਹੀਰਾ ਸਿੰਘ, ਚਰਨਜੀਤ ਸਿੰਘ ਗੁਰਜੰਟ ਸਿੰਘ ਟੈਂਕੀ ਵਾਲੇ, ਬਲਵੰਤ ਸਿੰਘ, ਹਰਜੀਤ ਸਿੰਘ, ਜਗਜੀਤ ਸਿੰਘ ਆਦਿ ਹਾਜ਼ਰ ਸਨ।

ਸੇਂਟ ਸੋਲਜਰ ਸਕੂਲ 'ਚ ਦੂਸਰਾ ਦਸਤਾਰੇ-ਏ-ਸਿੱਖੀ ਮੁਕਾਬਲਾ ਆਯੋਜਿਤ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਕਿਸ਼ਨਪੁਰੀ ਫਾਊਂਡੇਸ਼ਨ (ਅਹਿਸਾਸ) ਵੱਲੋਂ ਛੋਟੇ ਸਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿੱਚ ਦੂਸਰਾ ਦਸਤਾਰੇ-ਏ-ਸਿੱਖੀ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਸੋਹਣੀ ਦਸਤਾਰ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ । ਇਹ ਮੁਕਾਬਲੇ ਪ੍ਰਾਇਮਰੀ ਵਰਗ (11 ਸਾਲ ਤੱਕ), ਮਿਡਲ ਵਰਗ (12 ਤੋਂ 14 ਸਾਲ ਤੱਕ), ਸੀਨੀਅਰ ਵਰਗ (15 ਤੋਂ 18 ਸਾਲ ਤੱਕ) ਅਤੇ ਖੁੱਲਾ ਮੁਕਾਬਲਾ (ਉਮਰ ਦੀ ਕੋਈ ਹੱਦ ਨਹੀਂ) ਅਧੀਨ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਸਕੂਲਾਂ ਅਤੇ ਓਪਨ ਵਰਗ ਵਿੱਚ ਲੱਗਭੱਗ 300 ਬੱਚਿਆਂ ਨੇ ਭਾਗ ਲਿਆ। ਹਰ ਪ੍ਰਤੀਯੋਗੀ ਨੂੰ ਪੱਗ ਜਾਂ ਦੁਮਾਲਾ ਸਜਾਉਣ ਲਈ 30 ਮਿੰਟ ਦਾ ਸਮਾਂ ਦਿੱਤਾ ਗਿਆ। ਜਿਨ੍ਹਾਂ ਬੱਚਿਆਂ ਨੇ ਕੇਸ ਰੱਖਣ ਦਾ ਪ੍ਰਣ ਲਿਆ ਉਨ੍ਹਾਂ ਨੂੰ ਦਸਤਾਰ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਦੇ ਤੌਰ ਸੰਤ ਬਾਬਾ ਪਰਮਾਨੰਦ ਜੀ (ਮੁੱਖ ਸੇਵਾਦਾਰ ਗੁਰਦੁਆਰਾ ਬਾਬਾ ਹੁੰਦਾਲ ਜੀ) ਸਿੰਘ ਸਾਹਿਬ ਗਿਆਨੀ ਰਾਜਬੀਰ ਸਿੰਘ ਅਤੇ ਸਤਿੰਦਰਬੀਰ ਸਿੰਘ (ਡੀ.ਈ.ਓ.) ਵਿਸ਼ੇਸ਼ ਤੌਰ 'ਤੇ ਪਹੁੰਚੇ। ਸਕਲ ਦੇ ਐੱਮਡੀ. ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਪ੍ਰਿੰ. ਅਮਰਪ੍ਰੀਤ ਕੌਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਿਮਰਤਪਾਲ ਸਿੰਘ ਬੇਦੀ, ਬਲਦੇਵ ਸਿੰਘ ਗਾਂਧੀ, ਸਵਿੰਦਰ ਸਿੰਘ ਚੰਦੀ, ਹਰਜਿੰਦਰ ਸਿੰਘ, ਜਸਕੰਵਲ ਸਿੰਘ (ਕੈਨੇਡਾ), ਤਨਵੀਰ ਕੌਰ ਹਾਜ਼ਰ ਸਨ। ਇਨ੍ਹਾਂ ਮੁਕਾਬਲਿਆਂ ਵਿੱਚ ਜੱਜਮੈਂਟ ਦੀ ਭੂਮਿਕਾ ਸਤਿੰਦਰਬੀਰ ਸਿੰਘ, ਇੰਜੀਨੀਅਰ ਜਸਕੰਵਲ ਸਿੰਘ ਕਨੇਡਾ, ਸਿਮਰਤਪਾਲ ਸਿੰਘ ਬੇਦੀ ਅਤੇ ਹਰਜਿੰਦਰ ਸਿੰਘ ਨੇ ਬਾਖੂਬੀ ਨਿਭਾਈ। ਖੁਲੇ ਮੁਕਾਬਲੇ ਵਿੱਚ ਓਦੈਪ੍ਰਤਾਪ ਸਿੰਘ (ਪਹਿਲਾ), ਹਰਜੋਤ ਸਿਮਘ (ਦੂਸਰਾ), ਰਣਜੋਧਬੀਰ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ। ਦੁਮਾਲਾ ਮੁਕਾਬਲੇ ਵਿੱਚ ਸ਼ਮਸ਼ੇਰ ਸਿੰਘ (ਪਹਿਲਾ), ਬਿੰਦਰਪਾਲ ਸਿੰਘ (ਦੂਸਰਾ) ਅਤੇ ਈਸ਼ਦੀਪ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ। ਸੀਨੀਅਰ ਮੁਕਾਬਲਿਆਂ ਵਿੱਚ ਗੁਰਸਿਮਰਨ ਸਿੰਘ (ਪਹਿਲਾ), ਸਾਹਿਲਦੀਪ ਸਿੰਘ (ਦੂਸਰਾ) ਅਤੇ ਸਾਹਿਲਪ੍ਰੀਤ ਸਿੰਘ ਨੇ (ਤੀਸਰਾ) ਸਥਾਨ ਹਾਸਿਲ ਕੀਤਾ ਅਤੇ ਮਨਬੀਰ ਸਿੰਘ ਅਤੇ ਪ੍ਰਤਾਪ ਸਿੰਘ (ਕੰਸੋਲੇਸ਼ਨ ਪ੍ਰਾਈਜ਼)। ਇਸੇ ਤਰ੍ਹਾਂ ਮਿਡਲ ਮੁਕਾਬਲਿਆਂ ਵਿੱਚ ਜਸਮੀਤ ਸਿੰਘ (ਪਹਿਲਾ), ਸੁੱਖਮਨਦੀਪ ਸਿੰਘ (ਦੂਸਰਾ), ਅਭੀਜੀਤ ਸਿੰਘ (ਤੀਸਰਾ) ਅਤੇ ਗਗਨਪ੍ਰੀਤ ਸਿੰਘ (ਚੌਥਾ) ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਪ੍ਰਾਇਮਰੀ ਮੁਕਾਬਲਿਆਂ ਵਿੱਚ ਨਵਜੋਤ ਸਿੰਘ (ਪਹਿਲਾ), ਜੈਦੀਪ ਸਿੰਘ (ਦੂਸਰਾ), ਰਾਜਪ੍ਰਤਾਪ ਸਿੰਘ (ਤੀਸਰਾ) ਅਤੇ ਸਹਿਜਪ੍ਰੀਤ ਸਿੰਘ ਨੇ ਚੌਥਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਦੁਮਾਲਾ ਪ੍ਰਾਇਮਰੀ ਵਰਗ ਵਿੱਚ ਪ੍ਰੀਤ ਕੌਰ (ਪਹਿਲਾ), ਹੁਸਨਦੀਪ ਸਿੰਘ (ਦੂਸਰਾ), ਆਲਮਦੀਪ ਸਿੰਘ (ਤੀਸਰਾ) ਅਤੇ ਈਸ਼ਦੀਪ ਸਿੰਘ ਨੇ ਚੌਥਾ ਸਥਾਨ ਹਾਲਿਸ ਕੀਤਾ। ਦੁਮਾਲਾ ਮਿਡਲ ਵਰਗ ਵਿੱਚ ਜਸਮੀਨ ਕੌਰ (ਪਹਿਲਾ) ਹਿੰਮਤ ਸਿੰਘ (ਦੂਸਰਾ) ਗੁਰਲੀਨ ਕੌਰ (ਤੀਸਰਾ) ਅਤੇ ਪ੍ਰਭਸਿਮਰਨ ਕੌਰ ਨੇ ਚੌਥਾ ਸਥਾਨ ਹਾਸਿਲ ਕੀਤਾ। ਅੰਤ ਵਿੱਚ ਇਨ੍ਹਾਂ ਮੁਕਾਬਲਿਆਂ ਵਿੱਚ ਜੇਤੂ ਬੱਚਿਆਂ ਨੂੰ ਯਾਦਗਾਰੀ ਮੋਮੋਂਟੋ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰ. ਗੁਰਪ੍ਰੀਤ ਕੌਰ, ਸ਼ਿਲਪਾ ਸ਼ਰਮਾ (ਕੋਆਰਡੀਨੇਟਰ), ਨੀਲਾਕਸੀ ਗੁਪਤਾ (ਕੋਆਰਡੀਨੇਟਰ), ਰਾਜਵਿੰਦਰ ਕੌਰ (ਕੋਆਰਡੀਨੇਟਰ), ਅਤੇ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਐੱਡੀ ਇੰਡੀਆ ਇਲੈਕਟ੍ਰਿਕ ਵਾਹਨਾਂ ਲਈ ਵਿਕਸਿਤ ਕਰੇਗੀ ਇੱਕ ਸੰਪੂਰਨ ਈਕੋਸਿਸਟਮ

ਲੁਧਿਆਣਾ/ਚੰਡੀਗੜ੍ਹ : ਐੱਡੀ ਸਥਿਰ ਗਤੀਸ਼ੀਲਤਾ ਵੱਲ ਹੌਲੀ-ਹੌਲੀ ਪਰ ਨਿਸ਼ਚਿਤ ਵਿਕਾਸ ਕਰ ਰਿਹਾ ਹੈ ਜੋ ਕਿ ਇਸ ਬਦਲਾਵ ਦੇ ਸੰਬੰਧ ਵਿੱਚ ਹਾਲੀਆ ਫੈਸਲਿਆਂ ਦੇ ਸੰਯੋਜਨ ਨਾਲ ਸੰਬੰਧਿਤ ਹੈ।

ਸਾਰੀਆਂ ਛੇ ਗੱਡੀਆਂ-ਐੱਡੀ ਕਿਊ 8 50 ਈ ਟ੍ਰੋਨ, ਐੱਡੀ ਕਿਊ 8 55 ਈ ਟ੍ਰੋਨ, ਐੱਡੀ ਕਿਊ 8 ਸਪੋਰਟਬੈਕ 50 ਈ ਟ੍ਰੋਨ, ਐੱਡੀ ਕਿਊ 8 ਸਪੋਰਟਬੈਕ 55 ਈ ਟ੍ਰੋਨ, ਐੱਡੀ ਈ ਟ੍ਰੋਨ ਜੀ ਟੀ ਅਤੇ ਐੱਡੀ ਆਰ ਐਸ ਈ ਟ੍ਰੋਨ ਜੀ ਟੀ ਨੂੰ ਵਧੀਆ ਪ੍ਰਤੀਕਿਰਿਆ ਮਿਲੀ ਹੈ ਅਤੇ ਗਾਹਕਾਂ ਤੋਂ ਸਥਿਰ ਰੁਚੀ ਪ੍ਰਾਪਤ ਹੋਣਾ ਜਾਰੀ ਰੱਖਿਆ ਹੈ।

ਐੱਡੀ ਇੰਡੀਆ ਗਾਹਕਾਂ ਦੇ ਲਈ ਇੱਕ ਵਿਆਪਕ ਈ ਵੀ ਵਾਤਾਵਰਨ ਨਿਰਮਾਣ ਕਰਨ ਦੇ ਵਿਚ ਵਚਨਬੱਧ ਰਹੀ ਹੈ ਅਤੇ ਹਾਲ ਹੀ ਦੇ ਵਿੱਚ ਬੈਂਡਰਾ ਕੁਰਲਾ ਕੰਪਲੈਕਸ (ਬੀਕੇਸੀ) ਮੁੰਬਈ ਦੇ ਵਿੱਚ ਭਾਰਤ ਦੇ ਪਹਿਲੇ ਅਲਟਰਾ ਫਾਸਟ ਚਾਰਜਿੰਗ ਈ ਟ੍ਰੋਨ ਹੱਬ ਦਾ ਉਦਘਾਟਨ ਕੀਤਾ ਹੈ। ਇਸ ਸਾਲ ਦੇ ਸ਼ੁਰੂ ਵਿੱਚ ਐੱਡੀ ਇੰਡੀਆ ਨੇ ਮਾਈ ਐੱਡੀ ਕਨੈਕਟ ਐਪ ਐਪ ਤੇ 'ਚਾਰਜ ਮਾਈ ਐੱਡੀ' ਨੂੰ ਪੇਸ਼ ਕੀਤਾ ।

ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ 'ਬੇਨਤੀ' ਕਾਰਡ ਜਾਰੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਜ਼ਲੂਮਾਂ, ਧਰਮ ਅਤੇ ਸਮੂਹ ਕੌਮ ਦੀ ਸੁਰੱਖਿਆ ਲਈ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਮਹਾਨ ਸ਼ਹਾਦਤ ਨੂੰ ਦਰਸਾਉਂਦਾ 'ਬੇਨਤੀ' ਕਾਰਡ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਦੁਆਰਾ

25-DEC-PAGE-12.qxd 12/24/2023 10:11 PM Page 1

ਪੰਜ ਕਿਸਾਨ ਜਥੇਬੰਦੀਆਂ ਦੀ ਜਨਰਲ ਬਾਡੀ ਦੀ ਮੀਟਿੰਗ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜ ਕਿਸਾਨ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ (ਰੱਜੋਵਾਲ), ਆਲ ਇੰਡੀਆ ਕਿਸਾਨ ਫੈਡਰੇਸ਼ਨ, ਕਿਸਾਨ ਸੰਘਰਸ਼ ਕਮੇਟੀ ਪੰਜਾਬ, ਭਾਰਤੀ ਕਿਸਾਨ ਯੂਨੀਅਨ (ਮਾਨਸਾ), ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਦੀ ਜਨਰਲ ਬਾਡੀ ਦੀ ਮੀਟਿੰਗ ਇੱਥੇ ਕਿਸਾਨ ਭਵਨ ਚੰਡੀਗੜ੍ਹ ਵਿਖੇ ਹੋਈ। ਮੀਟਿੰਗ ਵਿੱਚ ਸੂਬੇ ਭਰ ਤੋਂ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਮੀਟਿੰਗ ਵਿੱਚ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੇ ਕਰਜ਼ੇ ਮੁਆਫ ਕਰਨ ਦੇ ਨਾਲ-ਨਾਲ ਦਰਿਆਈ ਪਾਣੀ ਦੇ ਵਿਵਾਦ, ਵਾਤਾਵਰਣ ਪ੍ਰਦੂਸ਼ਣ, ਫੈਡਰਲ ਸਿਸਟਮ 'ਤੇ ਹੋ ਰਹੇ ਹਮਲੇ ਦੇ ਹੱਲ ਲਈ 18 ਜਨਵਰੀ ਨੂੰ ਚੰਡੀਗੜ੍ਹ ਵਿਖੇ ਲਾਏ ਜਾਣ ਵਾਲੇ ਮੋਰਚੇ ਸਬੰਧੀ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਬੀਰ ਸਿੰਘ ਰਾਜੇਵਾਲ, ਪ੍ਰੇਮ ਸਿੰਘ ਭੰਗੂ, ਕੰਵਲਪ੍ਰੀਤ ਸਿੰਘ ਪੰਨੂ ਅਤੇ ਹਰਜਿੰਦਰ ਸਿੰਘ ਟਾਂਡਾ ਨੇ ਮੋਰਚੇ ਨੂੰ ਲੈ ਕੇ ਤਿਆਰੀਆਂ ਅਤੇ ਲੋਕਾਂ ਦੇ ਭਰਵੇਂ ਹੁੰਗਾਰੇ ਅਤੇ ਉਤਸ਼ਾਹ 'ਤੇ ਤਸੱਲੀ ਪ੍ਰਗਟਾਈ। ਰਾਜੇਵਾਲ ਨੇ ਕਿਹਾ ਕਿ ਮੀਟਿੰਗਾਂ, ਰੈਲੀਆਂ ਅਤੇ ਪੈਂਫਲਿਟ ਵੰਡਣ ਦੀ ਪੂਰੀ ਮੁਹਿੰਮ ਦਿਨੋ-ਦਿਨ ਜ਼ੋਰ ਫੜਦੀ ਜਾ ਰਹੀ ਹੈ। ਮੀਟਿੰਗ ਵਿੱਚ ਖੁਲਾਸਾ ਹੋਇਆ ਕਿ ਟਰਾਲੀਆਂ ਤੇ ਹੋਰ ਗੱਡੀਆਂ ਦਿੱਲੀ ਮੋਰਚੇ ਦੀ ਤਰਜ 'ਤੇ ਤਿਆਰ ਕੀਤੀਆਂ ਜਾ ਰਹੀਆਂ ਹਨ। ਮੀਟਿੰਗ ਵਿੱਚ ਐਸ ਵਾਈ ਐਲ ਮੁੱਦੇ 'ਤੇ 28 ਦਸੰਬਰ ਨੂੰ ਚੰਡੀਗੜ੍ਹ ਵਿੱਚ ਹੋਣ ਵਾਲੀ ਮੀਟਿੰਗ ਦਾ ਸਖਤ ਵਿਰੋਧ ਕਰਨ ਦਾ ਫੈਸਲਾ ਕੀਤਾ ਗਿਆ, ਜੋ ਕੇਂਦਰੀ ਜਲ ਸਰੋਤ ਮੰਤਰੀ ਵੱਲੋਂ ਪੰਜਾਬ ਦੇ ਪਾਣੀਆਂ ਨੂੰ ਲੁੱਟਣ ਦੇ ਇਰਾਦੇ ਨਾਲ ਸੱਦੀ ਜਾ ਰਹੀ ਹੈ। ਮੀਟਿੰਗ ਵਿੱਚ ਕੇਂਦਰੀ ਮੰਤਰੀ ਦੇ ਇਸ ਬਿਆਨ ਦੀ ਨਿਖੇਧੀ ਕੀਤੀ ਗਈ ਕਿ ਜੇਕਰ ਵਿਵਾਦ ਸੁਲਝਿਆ ਨਹੀਂ ਤਾਂ ਕੇਂਦਰ ਸਰਕਾਰ ਸੁਪਰੀਮ ਕੋਰਟ ਦੇ ਹੁਕਮਾਂ ਨੂੰ ਲਾਗੂ ਕਰੇਗੀ। ਰਾਜੇਵਾਲ ਨੇ ਕਿਹਾ ਕਿ ਜਦੋਂ ਤੱਕ ਦਰਿਆਈ ਪਾਣੀ ਦੇ ਵਿਵਾਦ ਨੂੰ ਸੰਵਿਧਾਨ ਅਤੇ ਰਿਪੇਰੀਅਨ ਸਿਧਾਂਤ ਅਨੁਸਾਰ ਹੱਲ ਨਹੀਂ ਕੀਤਾ ਜਾਂਦਾ ਅਤੇ ਪਾਣੀ ਦੀ ਮਾਲਕੀ ਤੈਅ ਨਹੀਂ ਕੀਤੀ ਜਾਂਦੀ, ਉਦੋਂ ਤੱਕ ਪੰਜਾਬ ਦੇ ਲੋਕ ਪਾਣੀ ਦੀ ਇੱਕ ਬੂੰਦ ਵੀ ਸੂਬੇ ਤੋਂ ਬਾਹਰ ਨਹੀਂ ਜਾਣ ਦੇਣਗੇ। ਮੀਟਿੰਗ ਨੇ ਮੁੜ ਚੰਡੀਗੜ੍ਹ ਪ੍ਰਸ਼ਾਸਨ ਨੂੰ ਮੋਰਚਾ ਸ਼ੁਰੂ ਕਰਨ ਲਈ ਚੰਡੀਗੜ੍ਹ ਵਿੱਚ ਢੁਕਵੀਂ ਥਾਂ ਅਲਾਟ ਕਰਨ ਦੀ ਅਪੀਲ ਕੀਤੀ। ਇਸ ਸਬੰਧੀ ਪ੍ਰਸਾਸਨ ਨਾਲ 13 ਦਸੰਬਰ ਨੂੰ ਹੋਈ ਮੀਟਿੰਗ ਬੇਸਿੱਟਾ ਰਹੀ ਕਿਉਂਕਿ ਪ੍ਰਸਾਸਨ ਨੇ ਇਸ ਮਾਮਲੇ 'ਤੇ ਵਿਚਾਰ ਕਰਨ ਅਤੇ ਜਲਦੀ ਹੀ ਜਥੇਬੰਦੀਆਂ ਨਾਲ ਅਗਲੀ ਮੀਟਿੰਗ ਬੁਲਾਉਣ ਲਈ ਹੋਰ ਸਮਾਂ ਮੰਗਿਆ ਹੈ। ਪਰ ਇਸ ਸਮੇਂ ਤੱਕ ਨਾ ਤਾਂ ਪ੍ਰਸਾਸਨ ਨੇ ਕੋਈ ਜਾਣਕਾਰੀ ਦਿੱਤੀ ਹੈ ਅਤੇ ਨਾ ਹੀ ਕੋਈ ਜਗ੍ਹਾ ਅਲਾਟ ਕੀਤੀ ਗਈ ਹੈ। ਮੀਟਿੰਗ ਨੇ ਇਕ ਮਤੇ ਰਾਹੀਂ ਜਨਰਲ ਸਕੱਤਰ ਗੁਰਮੀਤ ਸਿੰਘ ਕੰਗ ਬੀ ਕੇ ਯੂ (ਰਾਜੇਵਾਲ) ਜ਼ਿਲ੍ਹਾ ਰੋਪੜ, ਸੰਤੋਖ ਸਿੰਘ ਉੱਘੇ ਪੱਤਰਕਾਰ ਅਤੇ ਗੁਰਤੇਜ ਸਿੰਘ ਘਨੌਰ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਮੀਟਿੰਗ ਨੇ ਚੰਡੀਗੜ੍ਹ ਪੈਰੀਫੇਰੀ ਮਿਲਕਮੈਨ ਯੂਨੀਅਨ ਦੀ ਚਾਹ ਅਤੇ ਖਾਣ ਪੀਣ ਦਾ ਸਮਾਨ ਸਪਲਾਈ ਕਰਨ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੀਆਂ ਮੰਗਾਂ ਦਾ ਸਮਰਥਨ ਕੀਤਾ। ਮੀਟਿੰਗ ਨੂੰ ਸੰਬੋਧਨ ਕਰਨ ਵਾਲਿਆਂ ਵਿਚ ਰਜਿੰਦਰ ਸਿੰਘ ਕੋਟਪਿਨਾਚ, ਗੁਲਜਾਰ ਸਿੰਘ ਸਲੇਮਪੁਰ, ਗੁਰਮੀਤ ਸਿੰਘ ਸੰਗਰੂਰ, ਕਸ਼ਮੀਰ ਸਿੰਘ ਜਲੰਧਰ, ਨਰਿੰਦਰ ਸਿੰਘ ਲੇਹਲਾਂ, ਇਕਬਾਲ ਸਿੰਘ ਮੰਡੌਲੀ, ਕਸ਼ਮੀਰ ਸਿੰਘ, ਸੁਖਵਿੰਦਰ ਸਿੰਘ, ਦਿਲਬੀਰ ਸਿੰਘ ਬੇਦਾਦਪੁਰ, ਕਿਰਪਾਲ ਸਿੰਘ ਸਿਆਓ, ਪਲਵਿੰਦਰ ਸਿੰਘ, ਡਾ. ਉਮਰਾਓ ਸਿੰਘ ਆਦਿ ਸ਼ਾਮਲ ਸਨ।

ਇਨੋਸੈਂਟ ਹਾਰਟਸ 'ਚ ਬੈਸਟੋਵਾਲ ਟੂ ਦ ਬੈੱਸਟ ਕਰਵਾਇਆ

ਜਲੰਧਰ (ਸ਼ੈਲੀ ਐਲਬਰਟ)-ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੇ ਅਧੀਨ ਇੰਨੋਸੈਂਟ ਹਾਰਟਸ ਸਕੂਲ ਗ੍ਰੀਨ ਮਾਡਲ ਟਾਊਨ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ 'ਬੈਸਟੋਵਾਲ ਟੂ ਦ ਬੈਸਟ' ਕਰਵਾਇਆ ਗਿਆ। ਕੰਵਰਦੀਪ ਸਿੰਘ (ਚੇਅਰਮੈਨ, ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ) ਨੇ ਮੁੱਖ ਮਹਿਮਾਨ ਦੀ ਭੂਮਿਕਾ ਨਿਭਾਈ ਅਤੇ ਪ੍ਰਸਿੱਧ ਸਮਾਜ ਸੇਵੀ ਸੁਮਨ ਸਗੀਨ ਨੇ ਵਿਸ਼ੇਸ਼ ਮਹਿਮਾਨ ਦੀ ਭੂਮਿਕਾ ਨਿਭਾਈ। ਪ੍ਰੋਗਰਾਮ ਦੀ ਸ਼ੁਰੂਆਤ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਡਾ. ਪਲਕ ਗੁਪਤਾ ਬੌਰੀ (ਡਾਇਰੈਕਟਰ ਸੀ.ਐਸ.ਆਰ.) ਨੇ ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੀ ਸਰਪ੍ਰਸਤੀ ਹੇਠ ਚਲਾਏ ਜਾ ਰਹੇ 'ਦਿਸ਼ਾ-ਏਕ ਪ੍ਰਯਾਸ' ਤਹਿਤ ਟਰੱਸਟ ਵੱਲੋਂ ਕੀਤੇ ਜਾ ਰਹੇ ਸ਼ਲਾਘਾਯੋਗ ਉਪਰਾਲਿਆਂ ਅਤੇ ਕੰਮਾਂ ਬਾਰੇ ਜਾਣਕਾਰੀ ਦਿੱਤੀ। ਪਹਿਲੇ ਮੁੱਖ ਮਹਿਮਾਨ ਸੁਮਨ ਸਗੀਨ, ਡਾ.ਚੰਦਰ ਬੌਰੀ (ਮੈਨੇਜਿੰਗ ਡਾਇਰੈਕਟਰ, ਮੈਡੀਕਲ ਸਰਵਿਸਿਜ਼ ਇੰਨੋਸੈਂਟ ਹਾਰਟਸ ਗਰੁੱਪ), ਸੰਦੀਪ ਜੈਨ (ਟਰੱਸਟੀ), ਕੇ.ਕੇ. ਸਗੀਨ (ਵਿੱਤ ਸਲਾਹਕਾਰ) ਨੇ ਇਸ ਮੌਕੇ ਰਾਸ਼ਟਰੀ ਅਤੇ ਰਾਜ ਪੱਧਰ 'ਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ਅਤੇ ਪੰਜਾਂ ਸਕੂਲਾਂ ਅਤੇ ਬੀ.ਐੱਡ ਕਾਲਜ ਦੇ ਹੋਣਹਾਰ ਵਿਦਿਆਰਥੀਆਂ ਨੂੰ ਵਜ਼ੀਫੇ ਦੇ ਚੈੱਕ ਵੀ ਭੇਟ ਕੀਤੇ। ਇਸ ਤੋਂ ਬਾਅਦ ਸਲਾਨਾ ਇਨਾਮ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਕੰਵਰਪ੍ਰੀਤ ਸਿੰਘ, ਡਾ. ਅਨੂਪ ਬੌਰੀ (ਇੰਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ), ਡਾ.ਰਮੇਸ਼ ਸੂਦ (ਬੌਰੀ ਮੈਮੋਰੀਅਲ ਟਰੱਸਟ ਦੇ ਪ੍ਰਧਾਨ) ਅਤੇ ਡਾ.ਪਲਕ ਗੁਪਤਾ ਬੌਰੀ ਨੇ ਸ਼ਿਰਕਤ ਕੀਤੀ। 10ਵੀਂ ਅਤੇ 12ਵੀਂ ਜਮਾਤ ਵਿੱਚ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਦੇ ਕੇ

ਸਨਮਾਨਤ ਕੀਤਾ ਗਿਆ। ਦਿਨੇਸ਼ ਅਗਰਵਾਲ ਦੀ ਤਰਫੋਂ ਉਨ੍ਹਾਂ ਦੇ ਪੁੱਤਰ ਅਰਚਿਤ ਅਤੇ ਭਤੀਜੇ ਧਰੁਵ ਦੀ ਯਾਦ ਵਿੱਚ ਅਦਿਤੀ ਬਜਾਜ (ਗ੍ਰੀਨ ਮਾਡਲ ਟਾਊਨ) ਨੂੰ ਸੁਮਨ ਸਗੀਨ ਦੁਆਰਾ ਸਟੂਡੈਂਟ ਆਫ ਦ ਈਅਰ ਅਵਾਰਡ ਨਾਲ ਸਨਮਾਨਤ ਕੀਤਾ ਗਿਆ, ਜਿਸ ਵਿੱਚ 5100 ਰੁਪਏ ਦਾ ਨਕਦ ਇਨਾਮ ਨਾਲ ਇੱਕ ਟਰਾਫੀ ਵੀ ਦਿੱਤੀ ਗਈ। ਲੋਹਾਰਾਂ ਦੀ ਵਿਦਿਆਰਥਣ ਯਸ਼ਿਕਾ ਸ਼ਰਮਾ ਅਤੇ ਨੂਰਪੁਰ ਦੀ ਵਿਦਿਆਰਥਣ ਗੁਰਨਾਮ ਕੌਰ ਨੂੰ ਫਾਊਂਡਰ ਮੈਡਮ ਕਮਲੇਸ਼ ਬੌਰੀ ਦੀ ਯਾਦ ਵਿੱਚ ਐਗਜ਼ੀਕਿਊਟਿਵ ਡਾਇਰੈਕਟਰ ਔਫ ਸਕੂਲਜ਼ ਸ਼ੈਲੀ ਬੌਰੀ, ਐਗਜ਼ੀਕਿਊਟਿਵ ਡਾਇਰੈਕਟਰ ਔਫ ਕਾਲਜਿਜ਼ ਅਰਾਧਨਾ ਬੌਰੀ ਵੱਲੋਂ ਐਲਾਨੇ ਗਏ ਇਨਾਮ (5100 ਰੁਪਏ ਨਕਦ ਟਰਾਫੀ ਸਮੇਤ) ਦੇ ਕੇ ਸਟੂਡੈਂਟ ਔਫ ਦ ਈਅਰ ਐਵਾਰਡ ਨਾਲ ਸਨਮਾਨਿਆ ਗਿਆ।

ਵੁਡਵਰੀ ਪਬਲਿਕ ਸਕੂਲ 'ਚ ਕ੍ਰਿਸਮਸ ਦਾ ਤਿਉਹਾਰ ਮਨਾਇਆ

ਭੋਗਪੁਰ (ਕੁਲਵੀਰ ਸਿੰਘ ਕਾਹਲੋਂ)- ਵੁਡਬਰੀ ਇੰਟਰਨੈਸ਼ਨਲ ਪਬਲਿਕ ਸਕੂਲ ਭੋਗਪੁਰ ਵਿਖੇ ਸਕੂਲ ਦੇ ਵਾਈਸ ਚੇਅਰਪਰਸਨ ਪਰਮਜੀਤ ਕੌਰ ਦੀ ਅਗਵਾਈ ਹੇਠ ਕ੍ਰਿਸਮਿਸ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਛੋਟੇ ਛੋਟੇ ਬੱਚੇ ਸੌਂਟਾ ਕਲਾਜ਼ ਦੇ ਰੂਪ 'ਚ ਨਜ਼ਰ ਆਏ। ਇਸ ਦੌਰਾਨ ਸਕੂਲ ਸਟਾਫ ਨੇ ਬੱਚਿਆਂ ਨਾਲ ਮਿਲ ਕੇ ਕੇਕ ਕੱਟਿਆ ਤੇ ਬੱਚਿਆਂ ਨੂੰ ਸਵੀਟਸ ਵੰਡੀਆਂ । ਉਪਰੰਤ ਸਟਾਫ ਅਤੇ ਬੱਚਿਆਂ ਨੂੰ ਹਰੇਕ ਧਰਮ ਦਾ ਆਦਰ ਤੇ ਸਤਿਕਾਰ ਕਰਨ ਦਾ ਉਪਦੇਸ਼ ਵੀ ਦਿੱਤਾ ਤਾਂ ਜੋ ਵਧੀਆ ਸਮਾਜ ਸਿਰਜਿਆ ਜਾ ਸਕੇ। ਇਸ ਮੌਕੇ ਪਰਮਜੀਤ ਕੌਰ ਨੇ ਸਾਰਿਆਂ ਨੂੰ ਕ੍ਰਿਸਮਿਸ ਦੀ ਵਧਾਈ ਦਿੱਤੀ।

ਹੈਰੋਇਨ ਸਮੇਤ ਔਰਤ ਕਾਬੂ

ਭੋਗਪੁਰ (ਕੁਲਵੀਰ ਸਿੰਘ ਕਾਹਲੋਂ)- ਪੁਲਸ ਚੌਕੀ ਪਚਰੰਗਾ ਥਾਣਾ ਭੋਗਪੁਰ ਦੇ ਮੁਲਾਜ਼ਮਾਂ ਨੇ ਇੱਕ ਔਰਤ ਨੂੰ 133 ਗਰਾਮ ਹੈਰੋਇਨ ਸਮੇਤ ਕਾਬੂ ਕਰਨ ਵਿੱਚ ਸਫਲ ਦਾ ਹਾਸਲ ਕੀਤੀ ਹੈ। ਪੁਲਸ ਚੌਕੀ ਪਚਰੰਗਾ ਦੇ ਇੰਚਾਰਜ ਏ ਐਸ ਆਈ ਪਰਮਜੀਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਪਿੰਡ ਕਿੰਗਰਾ ਚੋ ਵਾਲਾ ਚੌਕ ਵਿਖੇ ਮੌਜੂਦ ਸਨ ਤੇ ਇੱਕ ਔਰਤ ਆਉਂਦੀ ਦਿਖਾਈ ਦਿੱਤੀ ਜੋ ਪੁਲਿਸ ਨੂੰ ਦੇਖ ਕੇ ਘਬਰਾ ਕੇ ਗਲੀ ਵਿੱਚ ਜਾ ਵੜੀ ਜਿਸ ਨੂੰ ਮਹਿਲਾ ਪੁਲਸ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਉਸ ਦੇ ਹੱਥ ਵਿੱਚ ਫੜੇ ਇੱਕ ਮੋਮੀ ਲਿਫਾਫੇ ਵਿੱਚੋਂ 133 ਗਰਾਮ ਹੈਰੋਇਨ ਬਰਾਮਦ ਹੋਈ। ਦੋਸੀ ਮਹਿਲਾ ਦੀ ਪਹਿਚਾਣ ਲਵਪ੍ਰੀਤ ਕੌਰ ਉਰਫ ਰੱਜੀ ਪਤਨੀ ਸੰਨੀ ਕੁਮਾਰ ਉਰਫ ਮੁੱਕੀ ਵਾਸੀ ਪਿੰਡ ਕਿੰਗਰਾ ਚੋ ਵਾਲਾ ਥਾਣਾ ਭੋਗਪੁਰ ਦੇ ਤੌਰ 'ਤੇ ਹੋਈ ਹੈ। ਪੁਲਸ ਨੇ ਮਹਿਲਾ ਖਿਲਾਫ ਮਾਮਲਾ ਦਰਜ ਕਰਨ ਉਪਰੰਤ ਉਸ ਨੂੰ ਅਦਾਲਤ ਵਿੱਚ ਪੇਸ਼ ਕਰਨ ਤੋਂ ਬਾਅਦ ਜੇਲ੍ਹ ਵਿਖੇ ਭੇਜ ਦਿੱਤਾ ਗਿਆ।

ਐੱਚ ਆਈ ਵੀ ਤੇ ਸ਼ੂਗਰ ਦੇ ਮਰੀਜ਼ਾਂ ਲਈ ਲਗਾਇਆ ਵਿਸ਼ੇਸ਼ ਕੈਂਪ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਇੰਟਰਗ੍ਰੇਟਿਡ ਕੌਂਸਲਿੰਗ ਟੈਸਟਿੰਗ ਕੇਂਦਰ ਅਤੇ ਸਬ ਡਵੀਜ਼ਨ ਕੇਂਦਰ ਵੱਲੋਂ ਸਥਾਨਕ ਗੁਰਦੁਆਰਾ ਸੀਸ ਗੰਜ ਸਾਹਿਬ ਲਾਗੇ ਪੁੱਡਾ ਪਾਰਕ 'ਚ ਇਕ ਕੈਂਪ ਲਗਾਇਆ ਗਿਆ ਜਿਸ ਵਿੱਚ ਐਚ.ਆਈ.ਵੀ ਅਤੇ ਸ਼ੂਗਰ ਦੇ ਮਰੀਜ਼ਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਡਾ.ਚਰਨਜੀਤ ਕਮਾਰ ਸੀਨੀਅਰ ਮੈਡੀਕਲ ਅਫਸਰ ਭਾਈ ਜੈਤਾ ਜੀ ਸਿਵਲ ਹਸਪਤਾਲ ਨੇ ਦੱਸਿਆ ਕਿ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਦੇ ਆਦੇਸ਼ਾਂ ਅਨੁਸਾਰ ਗੁਰੂ ਨਗਰੀ ਦੇ ਵਾਸੀਆਂ ਨੂੰ ਐਚ.ਆਈ.ਵੀ ਅਤੇ ਸ਼ੂਗਰ ਦੀ ਭਿਆਨਕ ਬਿਮਾਰੀ ਤੋਂ ਜਾਗਰੂਕ ਕਰਨ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ । ਜਿਸ 'ਚ ਵੱਡੀ ਗਿਣਤੀ 'ਚ ਲੋਕਾਂ ਦੇ ਖੂਨ ਦੇ ਨਮੂਨੇ ਵੀ ਲਏ ਗਏ ਅਤੇ ਫ੍ਰੀ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ, ਕੌਂਸਲਰ ਮਨਪ੍ਰੀਤ ਕੌਰ ਅਰੋੜਾ, ਗੁਰਿੰਦਰ ਸਿੰਘ ਵਾਲੀਆ, ਦਲਜੀਤ ਸਿੰਘ ਕੈਂਬ, ਕਮਲਜੀਤ ਸਿੰਘ, ਮਾਸਟਰ ਕੁਲਦੀਪ ਸਿੰਘ, ਪ੍ਰੋਫੈਸਰ ਬਲਜੀਤ ਸਿੰਘ ਚਾਨਾ, ਤਜਿੰਦਰ ਸਿੰਘ ਦੀਪ, ਨਰਿੰਦਰ ਸਿੰਘ ਸੰਤ ਬੂਟ, ਅਜੀਤ ਪਾਲ ਸਿੰਘ ਨਾਟੀ, ਠੇਕੇਦਾਰ ਜਰਨੈਲ ਸਿੰਘ, ਮਹਿੰਦਰ ਸਿੰਘ, ਕੁਲਵੰਤ ਕੌਰ ਕੌਂਸਲਰ ਭਾਈ ਜੈਤਾ ਜੀ ਸਿਵਲ ਹਸਪਤਾਲ, ਜਸਪ੍ਰੀਤ ਕੌਰ ਲੈਬ ਤਕਨੀਸ਼ੀਅਨ, ਅਰਵਿੰਦਰ ਕੌਰ ਬੇਦੀ ਆਦਿ ਹਾਜ਼ਰ ਸਨ।

ਵਿਦਿਆਰਥੀਆਂ ਨੂੰ ਗਰਮ ਬਲੇਜ਼ਰ ਦਿੱਤੇ

ਮਹਿਤਪੁਰ (ਰਾਜਾ)- ਸਰਕਾਰੀ ਪ੍ਰਾਇਮਰੀ ਸਕੂਲ ਔਲਖ ਵਿਖੇ ਐਨ ਆਰ ਆਈ ਅਨੀਤਾ ਪਤਨੀ ਅੰਗਰੇਜ ਸਿੰਘ ਵੱਲੋਂ ਸਕੂਲ ਦੇ ਸਾਰੇ ਵਿਦਿਆਰਥੀਆਂ ਨੂੰ ਗਰਮ ਬਲੇਜ਼ਰ ਦਿੱਤੇ ਗਏ। ਇਸ ਮੌਕੇ ਉਨ੍ਹਾਂ ਦੇ ਸਾਰਾ ਪਰਵਾਰ ਹਾਜ਼ਰ ਸੀ। ਸਕੂਲ ਦੇ ਮੁੱਖ ਅਧਿਆਪਕ ਗੁਰਪ੍ਰੀਤ ਸਿੰਘ ਵੱਲੋਂ ਇਨ੍ਹਾਂ ਦਾ ਅਤੇ ਪਰਵਾਰ ਦਾ ਬਹੁਤ ਬਹੁਤ ਧੰਨਵਾਦ ਕੀਤਾ ਗਿਆ । ਸ੍ਰੀਮਤੀ ਅਨੀਤਾ ਵੱਲੋਂ ਇਹ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਅੱਗੇ ਤੋਂ ਵੀ ਇਸੇ ਤਰ੍ਹਾਂ ਸਕੂਲ ਦੀ ਮਦਦ ਕਰਦੇ ਰਹਿਣਗੇ। ਇਸ ਮੌਕੇ ਮਿਲਖਾ ਸਿੰਘ, ਹਰਦਿਆਲ ਥਾਪਰ, ਟੀਚਰ ਯਾਦਵਿੰਦਰ ਕੌਲ, ਮਨਜੀਤ ਕੌਰ ਕੁੱਕ, ਸੱਤਿਆ ਕੁੱਕ, ਮਨਜੀਤ ਕੌਰ ਆਦਿ ਹਾਜ਼ਰ ਸਨ। ਅੰਤ 'ਚ ਸਕੂਲ ਦੇ ਸਟਾਫ ਵੱਲੋਂ ਸ੍ਰੀਮਤੀ ਅਨੀਤਾ ਨੂੰ ਸਨਮਾਨਤ ਕੀਤਾ ਗਿਆ।

ਐੱਸ ਟੀ ਐੱਸ ਵਰਲਡ ਸਕੂਲ 'ਚ ਪ੍ਰਾਰਥਨਾ ਸਭਾ

ਗੁਰਾਇਆ (ਬਿੰਦਰ ਸੁਮਨ) -ਅੱਜ ਐੱਸ. ਟੀ. ਐੱਸ. ਵਰਲਡ ਸਕੂਲ ਦੇ ਵਿਹੜੇ ਵਿੱਚ ਕ੍ਰਿਸਮਿਸ ਦੇ ਤਿਉਹਾਰ ਨੂੰ ਮਨਾਉਂਦੇ ਹੋਏ ਖਾਸ ਪ੍ਰਾਰਥਨਾ ਸਭਾ ਆਯੋਜਿਤ ਕੀਤੀ ਗਈ। ਇਹ ਵਿਸ਼ੇਸ਼ ਸਭਾ ਤੀਸਰੀ-ਸੀ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਅਧਿਆਪਕ ਰਜਨੀ ਸਿੱਧੂ ਦੀ ਰਹਿਨੁਮਾਈ ਹੇਠ ਪੇਸ਼ ਕੀਤੀ। ਸਭਾ ਦੀ ਸ਼ੁਰੂਆਤ ਸਵੇਰ ਦੀ ਅਰਦਾਸ ਨਾਲ ਹੋਈ। ਪੁਨੀਤ ਅਤੇ ਹਰਨੂਰ ਵੱਲੋਂ ਮੰਚ ਦਾ ਸੰਚਾਲਨ ਕੀਤਾ ਗਿਆ। ਪਰਮਪ੍ਰਤਾਪ ਵੱਲੋਂ ਅੱਜ ਦਾ ਵਿਚਾਰ ਪੇਸ਼ ਕੀਤਾ ਗਿਆ। ਰਾਵੀ ਨੇ ਨਵਾਂ ਸ਼ਬਦ ਪੇਸ ਕਰਕੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕੀਤਾ। ਜਪਲੀਨ ਮੁੱਖ ਖਬਰਾਂ ਪੜ੍ਹੀਆਂ। ਇਸ਼ਕੀਰਤ ਅਤੇ ਇਸ਼ਮੀਤ ਨੇ ਪ੍ਰਭੂ ਯਿਸੂ ਦੇ ਜਨਮ ਅਤੇ ਜੀਵਨ ਉੱਤੇ ਰੌਸ਼ਨੀ ਪਾਈ। ਇਸ ਜਮਾਤ ਦੀਆਂ ਵਿਦਿਆਰਥਣਾਂ ਨੇ ਕ੍ਰਿਸਮਿਸ ਉਤਸਵ 'ਤੇ ਕਵਿਤਾ ਪ੍ਰਸਤੁਤ ਕੀਤੀ। ਰੁਪਿੰਦਰ ਸੈਂਟਾ ਕਲਾਜ਼ ਦੀ ਪੋਸ਼ਾਕ ਵਿੱਚ ਸਭ ਦਾ ਧਿਆਨ ਆਪਣੇ ਵੱਲ ਕੇਂਦਰਿਤ ਕਰ ਰਿਹਾ ਸੀ। ਸਭਾ ਦੇ ਅੰਤ ਵਿੱਚ ਸਕੂਲ ਦੀ ਵਾਈਸ ਪ੍ਰਿੰਸੀਪ